ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 29 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੩ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਪੰਜਾਬ ਦੇ ਮਾਨਸਾ ਵਿਚ ਵੱਡਾ ਧਮਾਕਾ



**ਮਾਨਸਾ, 28 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ ਵਿਚ ਇਕ ਨਿੱਜੀ ਕੰਪਨੀ ਦੇ ਪੈਟਰੋਲ ਪੰਪ ਦੇ ਬਾਹਰ ਵੱਡਾ ਧਮਾਕਾ ਹੋਇਆ ਹੈ, ਜਿਸ ਦੀ ਆਵਾਜ਼ ਦੂਰ-ਦੂਰ ਤੱਕ ਸੁਣਾਈ ਦਿੱਤੀ ਹੈ। ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਹੈ ਕਿ ਇਹ ਧਮਾਕਾ ਕਿਸ ਤਰ੍ਹਾਂ ਕੀਤਾ ਗਿਆ ਸੀ। ਸੂਤਰਾਂ ਤੋਂ ਪਤਾ ਲੱਗਾ ਹੈ ਕਿ ਪੰਪ ਮਾਲਕ ਨੂੰ ਫਿਰੌਤੀ ਦੇਣ ਲਈ ਫੋਨ ਵੀ ਆਏ ਸੀ ਅਤੇ ਇਸ ਤੋਂ ਬਾਅਦ ਇਹ ਧਮਾਕਾ ਕੀਤਾ ਗਿਆ ਹੈ। ਫਿਲਹਾਲ ਪੁਲਸ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਇਸ ਬਾਬਤ ਪੁਲਸ ਫਿਲਹਾਲ ਜ਼ਿਆਦਾ ਕੁਝ ਨਹੀਂ ਬੋਲ ਰਹੀ ਹੈ। ਪੁਲਸ ਨੇ ਅਣਪਛਾਤੇ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੰਪ ਮਾਲਕ ਖੁਸ਼ਿਵੰਦਰ ਸਿੰਘ ਨੇ ਦੱਸਿਆ ਕਿ ਉਸ ਨੂੰ ਫਿਰੌਤੀ ਸੰਬੰਧੀ ਫੋਨ ਆ ਰਹੇ ਸਨ। ਫਿਲਹਾਲ ਇਸ ਘਟਨਾ ਤੋਂ ਬਾਅਦ ਪੁਲਸ ਦੀਆਂ ਵੱਖ ਵੱਖ ਟੀਮਾਂ ਜਾਂਚ ਲਈ ਪਹੁੰਚ ਚੁੱਕੀਆਂ ਹਨ। ਖ਼ਬਰ ਲਿਖੇ ਜਾਣ ਤਕ ਇਸ ਧਮਾਕੇ ਵਿਚ ਕਿਸੇ ਤਰ੍ਹਾਂ ਦੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਸੀ। (ਸੰਕੇਤਕ ਤਸਵੀਰ)

## ਹਰਜਿੰਦਰ ਧਾਮੀ ਨੇ ਜਿੱਤੀ ਚੋਣ

# ਲਗਾਤਾਰ ਚੌਥੀ ਵਾਰ ਬਣੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ

**ਅੰਮ੍ਰਿਤਸਰ, 28 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਦੀ ਹੋਈ ਸਾਲਾਨਾ ਚੋਣ ਦੌਰਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲਗਾਤਾਰ ਚੌਥੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਚੁਣੇ ਗਏ ਹਨ। ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਅੰਦਰ ਹੋਏ ਜਨਰਲ ਇਜਲਾਸ ਦੌਰਾਨ ਹੋਈ ਚੋਣ ਮੌਕੇ ਕੁੱਲ ਪਈਆਂ 142 ਵੋਟਾਂ ਵਿੱਚੋਂ 107 ਵੋਟਾਂ ਪ੍ਰਾਪਤ ਕਰਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਿੱਤ ਹਾਸਲ ਕੀਤੀ। ਉਨ੍ਹਾਂ ਦੇ ਮੁਕਾਬਲੇ ਪ੍ਰਧਾਨਗੀ ਦੀ ਚੋਣ ਲੜਨ ਲਈ ਖੜੇ ਬੀਬੀ ਜਗੀਰ ਕੌਰ ਨੂੰ 33 ਵੋਟਾਂ ਪਈਆਂ, ਜਦਕਿ 2 ਵੋਟਾਂ ਰੱਦ ਹੋਈਆਂ। ਇਜਲਾਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ 142 ਮੈਂਬਰ ਮੌਜੂਦ ਰਹੇ। ਜਨਰਲ ਇਜਲਾਸ ਦੌਰਾਨ ਸ. ਰਘੂਜੀਤ ਸਿੰਘ ਵਿਰਕ ਨੂੰ ਸੀਨੀਅਰ ਮੀਤ ਪ੍ਰਧਾਨ, ਸ. ਬਲਦੇਵ ਸਿੰਘ ਕਲਿਆਣ ਨੂੰ ਜੂਨੀਅਰ ਮੀਤ ਪ੍ਰਧਾਨ ਅਤੇ ਸ. ਸ਼ੇਰ ਸਿੰਘ ਮੰਡਵਾਲਾ ਨੂੰ ਜਨਰਲ ਸਕੱਤਰ ਚੁਣਿਆ ਗਿਆ। ਇਸ ਤੋਂ ਇਲਾਵਾ ਚੁਣੀ ਗਈ 11 ਮੈਂਬਰੀ ਅੰਤ੍ਰਿੰਗ ਕਮੇਟੀ ਵਿਚ ਬੀਬੀ ਹਰਜਿੰਦਰ ਕੌਰ, ਸ. ਅਮਰੀਕ ਸਿੰਘ ਵਿਛੋਆ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਬਲਦੇਵ ਸਿੰਘ ਕਾਇਮਪੁਰ, ਸ. ਦਲਜੀਤ ਸਿੰਘ ਭਿੰਡਰ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਜਸਵੰਤ ਸਿੰਘ ਪੁੜੈਣ ਤੇ ਸ. ਪਰਮਜੀਤ ਸਿੰਘ ਰਾਏਪੁਰ ਸ਼ਾਮਲ ਹਨ। ਇਸ ਦੇ ਨਾਲ ਹੀ ਆਨਰੇਰੀ ਮੁੱਖ ਸਕੱਤਰ ਵਜੋਂ ਸ. ਕੁਲਵੰਤ ਸਿੰਘ ਮੰਨਣ ਨੂੰ ਨਿਯੁਕਤ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



☛ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲਗਾਤਾਰ ਚੌਥੀ ਵਾਰ ਬਣੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ☛ ਸ. ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ, ਸ. ਬਲਦੇਵ ਸਿੰਘ ਕਲਿਆਣ ਜੂਨੀਅਰ ਮੀਤ ਪ੍ਰਧਾਨ ਤੇ ਸ. ਸ਼ੇਰ ਸਿੰਘ ਮੰਡਵਾਲਾ ਬਣੇ ਜਨਰਲ ਸਕੱਤਰ

ਐਡਵੋਕੇਟ ਧਾਮੀ ਨੇ ਪ੍ਰਧਾਨ ਚੁਣੇ ਜਾਣ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਿੱਖ ਕੌਮ ਦੀ ਇਹ ਵੱਡੀ ਸੇਵਾ ਗੁਰੂ ਸਾਹਿਬ ਦੀ ਬਖ਼ਿਸ਼ਸ਼ ਨਾਲ ਪ੍ਰਾਪਤ ਹੋਈ ਹੈ, ਜਿਸ ਨੂੰ ਉਹ ਗੁਰੂ ਸਾਹਿਬ ਦੀ ਭੈਅ ਭਾਵਨੀ, ਨਿਰਮਤਾ ਤੇ ਪੰਥਕ ਭਾਵਨਾਵਾਂ ਅਨੁਸਾਰ ਨਿਭਾਉਣ ਦਾ ਯਤਨ ਕਰਨਗੇ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਸਾਲ ਦੀ ਚੋਣ ਵਿਚ ਪੰਜਾਬ ਦੀ ਆਪ ਸਰਕਾਰ ਦੇ ਨਾਲ-ਨਾਲ ਭਾਰਤ ਸਰਕਾਰ, ਭਾਜਪਾ, ਆਰਐਸਐਸ, ਕਾਂਗਰਸ ਨੇ ਅੱਡੀ ਚੋਟੀ ਦਾ ਜ਼ੋਰ ਲਗਾਇਆ ਪ੍ਰੰਤੂ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਨੇ ਦ੍ਰਿੜ੍ਹਤਾ ਨਾਲ ਆਪਣੀ ਮਾਂ ਪਾਰਟੀ ਸ਼੍ਰੋਮਣੀ ਅਕਾਲੀ ਦਲ ਨਾਲ ਖੜ੍ਹ ਕੇ ਇਕ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਚੋਣ ਦੇ ਨਤੀਜੇ ਪੰਥ ਵਿਰੋਧੀ ਸ਼ਕਤੀਆਂ ਕਰਾਰਾ ਜਵਾਬ ਹਨ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਜ਼ਿੰਮੇਵਾਰੀ ਹੁਣ ਹੋਰ ਵੀ ਵੱਧ ਗਈ ਹੈ, ਜਿਸ ਪ੍ਰਤੀ ਉਹ ਸਮਰਪਣ ਭਾਵਨਾ ਨਾਲ ਕਾਰਜ ਕਰਨਗੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਸ਼੍ਰੋਮਣੀ ਕਮੇਟੀ ਦੀਆਂ ਭਵਿੱਖੀ ਯੋਜਨਾਵਾਂ ਅਤੇ ਤਰਜ਼ੀਹਾਂ ਸਪੱਸ਼ਟ ਕਰਦਿਆਂ ਕਿਹਾ ਕਿ ਧਰਮ ਪ੍ਰਚਾਰ ਖੇਤਰ ਵਿਚ ਮੁਖ ਤੌਰ 'ਤੇ ਕੇਂਦਰਿਤ ਰਿਹਾ ਜਾਵੇਗਾ ਅਤੇ ਇਸ ਦੇ ਨਾਲ ਹੀ ਸਿਹਤ, ਸਿੱਖਿਆ, ਮਾਨਵ ਭਲਾਈ ਦੇ ਕਾਰਜਾਂ ਲਈ ਵੀ ਵਿਸ਼ੇਸ਼ ਤਵਜੋਂ ਦਿੱਤੀ ਜਾਵੇਗੀ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬਾਨ ਦੇ ਉਪਦੇਸ਼ ਮਨੁੱਖੀ ਜੀਵਨ ਲਈ ਅਤਿ ਅਹਿਮ ਹਨ, ਜਿਨ੍ਹਾਂ ਦਾ ਪ੍ਰਚਾਰ ਪ੍ਰਸਾਰ ਪੁਖਤਗੀ ਨਾਲ ਕੀਤਾ ਜਾਵੇਗਾ। ਸਿੱਖ ਸਿਧਾਂਤਾਂ ਅਤੇ ਰਹਿਣੀ ਵਿਚ ਪ੍ਰਪੱਕਤਾ ਹਰ ਸਿੱਖ ਲਈ ਲਾਜ਼ਮੀ ਹੈ, ਜਿਸ ਦੇ ਪ੍ਰਚਾਰ ਨੂੰ ਏਜੰਡੇ 'ਤੇ ਲਿਆ ਜਾਵੇਗਾ। ਉਨ੍ਹਾਂ ਸਾਰੀਆਂ ਸਿੱਖ ਸੰਪ੍ਰਦਾਵਾਂ ਅਤੇ ਜਥੇਬੰਦੀਆਂ ਤੋਂ ਸਹਿਯੋਗ ਦੀ ਆਸ ਕਰਦਿਆਂ ਕਿਹਾ ਕਿ ਧਰਮ ਪ੍ਰਚਾਰ ਦਾ ਕਾਰਜ ਸਮੁੱਚੀ ਕੌਮ ਦਾ ਸਾਂਝਾ ਯਤਨ ਹੋਣਾ ਚਾਹੀਦਾ ਹੈ, ਜਿਸ ਲਈ ਉਹ ਹਰ ਇਕ ਪਹੁੰਚ ਕਰਨਗੇ।

## ਜਗੀਰ ਕੌਰ ਵੱਲੋਂ ਸ਼੍ਰੋਮਣੀ ਕਮੇਟੀ ਮੈਂਬਰਾਂ ਨੂੰ ਲਾਸ਼ਾਂ ਤੇ ਮਰੀਆਂ ਜ਼ਮੀਰਾਂ ਵਾਲੇ ਕਹਿਣ 'ਤੇ ਭੜਕੇ ਅਕਾਲੀ ਲੀਡਰ

**ਅੰਮ੍ਰਿਤਸਰ, 28 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵੇਂ ਪ੍ਰਧਾਨ ਦੀ ਚੋਣ ਕਰ ਲਈ ਗਈ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਚੌਥੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਚੁਣੇ ਗਏ ਹਨ। ਕੁੱਲ 141 ਵੋਟਾਂ ਵਿੱਚੋਂ ਬਾਗੀ ਧੜੇ ਤੋਂ ਬੀਬੀ ਜਗੀਰ ਕੌਰ ਨੂੰ ਸਿਰਫ਼ 33 ਵੋਟਾਂ ਮਿਲੀਆਂ। ਪਈਆਂ। ਜਦੋਂਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ 107 ਵੋਟਾਂ ਲੈ ਕੇ ਇਕਤਰਫਾ ਜਿੱਤ ਗਏ ਹਨ। ਇਸ ਹਾਰ ਤੋਂ ਬਾਅਦ ਬੀਬੀ ਜਗੀਰ ਕੌਰ ਨੇ ਮੈਂਬਰਾਂ ਨੂੰ ਲਾਸ਼ਾਂ ਤੇ ਮਰੀਆਂ ਜ਼ਮੀਰਾਂ ਵਾਲੇ ਕਿਹਾ ਜਿਸ ਦਾ ਹੁਣ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਵੱਲੋਂ ਮੋੜਵਾਂ ਜਵਾਬ ਦਿੱਤਾ ਹੈ। ਬਲਵਿੰਦਰ ਸਿੰਘ ਭੂੰਦੜ ਨੇ ਮੀਡੀਆ ਦੇ ਨਾਲ ਰਾਬਤਾ ਕਰਦਿਆਂ ਕਿਹਾ ਕਿ, ਮੈਂ ਉਨ੍ਹਾਂ ਦਾ ਸਤਿਕਾਰ ਹੀ ਕਰਦਾ ਹਾਂ, ਪਰ ਇਹੋ ਜਿਹੇ ਸ਼ਬਦ ਨਹੀਂ ਕਹਿਣੇ ਚਾਹੀਦੇ, ਜੇ ਅੰਦਰਲਿਆਂ ਦੀ ਜ਼ਮੀਰ ਕਾਇਮ ਹੈ ਤਾਂ ਹੀ ਇਹ ਗੁਰੂ ਦੀ ਕਿਰਪਾ ਹੋਈ ਹੈ। ਉਨ੍ਹਾਂ ਕਿਹਾ ਕਿ ਸਾਰੀਆਂ ਸਰਕਾਰਾਂ, ਆਪ, ਕਾਂਗਰਸ , ਭਾਜਪਾ ਨੇ ਜੋਰ ਲਾਇਆ ਤੇ ਮੈਂਬਰਾਂ ਨੂੰ ਡਰਾਇਆ ਤੇ ਲਾਲਚ ਦਿੱਤੇ ਪਰ ਸਾਡੇ ਮੈਂਬਰਾਂ ਨੇ ਦਲੇਰੀ ਨਾਲ ਪੰਥ ਨੂੰ ਵੋਟ ਪਾਈ ਹੈ, ਇਹ ਜਿੱਤ ਸਿੱਖ ਕੌਮ ਦੀ ਜਿੱਤ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਉਹ ਕਿਸੇ ਨੂੰ ਵਿਰੋਧੀ ਧਿਰ ਨਹੀਂ ਕਹਿੰਦੇ, ਪਰ ਪਿਆਰ ਨਾਲ ਇਹ ਕਹਿਣਗੇ ਕਿ ਗੁਰੂ ਉਨ੍ਹਾਂ ਨੂੰ ਸਮੱਤ ਬਖਸ਼ੇ, ਪੰਥ ਦਾ ਨੁਕਸਾਨ ਨਾ ਕਰੋ, ਪ੍ਰਮਾਤਮਾ ਦੀ ਕਚਿਹਰੀ ਵਿੱਚ ਕਿਉਂ ਗੁਨਾਹਗਾਰ ਬਣਦੇ ਹੋ। ਬੀਬੀ ਜਗੀਰ ਕੌਰ ਨੇ ਮੀਡੀਆ ਨਾਲ ਰਾਬਤਾ ਕਰਦਿਆਂ ਕਿਹਾ, ਮੇਰਾ ਤਾਂ ਭਰੋਸਾ ਇਨ੍ਹਾਂ ਮੈਂਬਰਾਂ ਤੋਂ ਖ਼ਤਮ ਹੋ ਗਿਆ ਹੈ, ਮੈਂ ਚਾਹੁੰਦੀ ਹਾਂ ਕਿ ਦੁਬਾਰਾ ਚੋਣਾਂ ਹੋਣ ਤੇ ਕੌਮ ਦੇ ਸੂਝਵਾਨ ਵਿਅਕਤੀ ਮੈਂਬਰ ਹੋਣ। ਉਨ੍ਹਾਂ ਕਿਹਾ ਕਿ ਸਾਰੇ ਮੈਂਬਰ ਹੀ ਉਨ੍ਹਗਾਂ ਦੇ ਸਪੰਰਕ ਵਿੱਚ ਸਨ ਪਰ ਇਹ ਸਾਰੀਆਂ ਲਾਸ਼ਾਂ ਨੇ, ਇਨ੍ਹਾਂ ਦੇ ਅੰਦਰ ਜਮੀਰਾਂ ਨਹੀਂ ਹਨ, ਬੀਬੀ ਜਗੀਰ ਕੌਰ ਨੇ ਕਿਹਾ ਕਿ ਇਹ ਇਲਜਾਮ ਲਾਉਂਦੇ ਸੀ ਬੀਬੀ ਮੈਂਬਰਾਂ ਨੂੰ ਖ਼ਰੀਦ ਰਹੀ ਹੈ ਤੇ ਏਜੰਸੀਆਂ ਨਾਲ ਮਿਲ ਕੇ ਕੰਮ ਰਹੀ ਹੈ ਜਦੋਂ ਕਿ ਇਹ ਏਜੰਸੀਆਂ ਨਾਲ ਮਿਲੇ ਹੋਏ ਹਨ ਤੇ ਇਨ੍ਹਾਂ ਨੇ ਮੈਂਬਰ ਖਰੀਦੇ ਹਨ। ਉਨ੍ਹਾਂ ਮੁੜ ਦਹੁਰਾਇਆ ਕਿ ਮੈਂਬਰਾਂ ਦੀਆਂ ਜਮੀਰਾਂ ਮਰੀਆਂ ਹੋਈਆਂ ਹਨ, ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਅਫਸੋਸ ਹੈ ਕਿ ਸ਼੍ਰੋਮਣੀ ਕਮੇਟੀ ਦੀ ਮੈਂਬਰ ਵੀ ਅਕਾਲ ਤਖ਼ਤ ਸਾਹਿਬ ਨਾਲ ਮੱਥਾ ਲਾ ਰਹੇ ਹਨ।



## ਸ਼੍ਰੋਮਣੀ ਕਮੇਟੀ ਦੇ ਜਨਰਲ ਇਜਲਾਸ 'ਚ ਕੌਮੀ ਮਾਮਲਿਆਂ ਸਬੰਧੀ ਅਹਿਮ ਮਤੇ ਪਾਸ

**ਅੰਮ੍ਰਿਤਸਰ, 28 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੱਜ ਹੋਏ ਜਨਰਲ ਇਜਲਾਸ ਦੌਰਾਨ ਕਈ ਅਹਿਮ ਮਤੇ ਪਾਸ ਕੀਤੇ ਗਏ, ਜਿਨ੍ਹਾਂ ਨੂੰ ਹਾਜ਼ਰ ਮੈਂਬਰ ਸਾਹਿਬਾਨ ਨੇ ਜੈਕਾਰਿਆਂ ਦੀ ਗੂੰਜ ਵਿੱਚ ਪ੍ਰਵਾਨਗੀ ਦਿੱਤੀ। ਇਨ੍ਹਾਂ ਵਿਚ ਸਿੱਖ ਕੌਮ ਨੂੰ ਢਾਅ ਲਾ ਰਹੀਆਂ ਦੁਸ਼ਮਣ ਸ਼ਕਤੀਆਂ ਵਿਰੁੱਧ ਅਵਾਜ਼ ਉਠਾਉਣ, ਸੋਸ਼ਲ ਮੀਡੀਆ 'ਤੇ ਸਿੱਖਾਂ ਦੀ ਕਿਰਦਾਰਕੁਸ਼ੀ ਨੂੰ ਰੋਕਣ ਸਬੰਧੀ ਸਰਕਾਰ ਨੂੰ ਅਪੀਲ, ਸ੍ਰੀ ਕਰਤਾਰਪੁਰ ਸਾਹਿਬ ਦੇ ਲਾਂਘੇ ਦੇ ਪ੍ਰਕਿਰਿਆ ਸੁਖਾਲੀ ਬਣਾਉਣ, ਬੇਅਦਬੀ ਮਾਮਲਿਆਂ ਦੇ ਦੋਸ਼ੀ ਫੜ੍ਹਨ, ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੁੱਜਦੇ ਮਸਲੇ ਵਿਚਾਰਨ ਲਈ ਸਲਾਹਕਾਰ ਬੋਰਡ ਗਠਿਤ ਕਰਨ ਆਦਿ ਸਬੰਧੀ ਮਤੇ ਸ਼ਾਮਲ ਹਨ।



ਪਾਸ ਕੀਤੇ ਗਏ ਇੱਕ ਮਤੇ ਵਿਚ ਕਿਹਾ ਗਿਆ ਕਿ ਪੰਥ ਵਿਰੋਧੀ ਸ਼ਕਤੀਆਂ ਵੱਲੋਂ ਸਿੱਖਾਂ ਦੇ ਇਤਿਹਾਸ, ਮਰਿਆਦਾ ਅਤੇ ਸਿਧਾਂਤਾਂ ਨੂੰ ਰਲਗਡ ਕਰਨ ਦੀ ਸਾਜ਼ਿਸ਼ਾਂ ਦੀ ਕਰੜੀ ਨਿੰਦਾ ਕੀਤੀ ਗਈ। ਮਤੇ ਵਿੱਚ ਸਰਕਾਰਾਂ ਤੇ ਸਰਕਾਰੀ ਏਜੰਸੀਆਂ ਦੀ ਸਿੱਖ ਪੰਥ ਦੀ ਅੱਡਰੀ ਹੋਂਦ ਨੂੰ ਦਬਾਉਣ ਅਤੇ ਸਿੱਖ ਪ੍ਰੰਪਰਾਵਾਂ ਤੇ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੇ ਯਤਨਾਂ ਦਾ ਜ਼ਿਕਰ ਕਰਦਿਆਂ ਸਿਆਸੀ ਪਾਰਟੀਆਂ ਵੱਲੋਂ ਸਿੱਖ ਸੰਸਥਾਵਾਂ ਨੂੰ ਖੰਡਤ ਕਰਨ ਅਤੇ ਸਿੱਖ ਮਸਲਿਆਂ ਪ੍ਰਤੀ ਅਪਣਾਈ ਜਾ ਰਹੀ ਸਾਜ਼ਸ਼ੀ ਨੀਤੀ ਦਾ ਡੱਟ ਕੇ ਟਾਕਰਾ ਕਰਨ ਦਾ ਸੰਕਲਪ ਕੀਤਾ ਗਿਆ। ਸਰਕਾਰਾਂ ਤੇ ਏਜੰਸੀਆਂ ਨੂੰ ਤਾੜਨਾ ਕੀਤੀ ਗਈ ਕਿ ਸਿੱਖੀ ਨੂੰ ਢਾਅ ਲਗਾਉਣ ਵਾਲੀਆਂ ਚਾਲਾਂ ਤੇ ਸਿੱਖ ਪੰਥ ਦੇ ਮਸਲਿਆਂ ਨੂੰ ਉਲਝਾਉਣ ਵਾਲੀਆਂ ਸਾਜ਼ਿਸ਼ਾਂ ਤੁਰੰਤ ਬੰਦ ਕੀਤੀਆਂ ਜਾਣ। ਇਕ ਮਤੇ ਵਿੱਚ ਸਿੱਖ ਕੌਮ ਵਿਰੁੱਧ ਸੋਸ਼ਲ ਮੀਡੀਆ ਜ਼ਰੀਏ ਹੋ ਰਹੇ ਹਮਲਿਆਂ 'ਤੇ ਚਿੰਤਾ ਪ੍ਰਗਟ ਕਰਦਿਆਂ ਸਿੱਖਾਂ ਵਿਰੁੱਧ ਹੁੰਦੇ ਨਫ਼ਰਤੀ ਪ੍ਰਚਾਰ ਨੂੰ ਹਰ ਪੱਧਰ 'ਤੇ ਰੋਕਣ ਲਈ ਭਾਰਤ ਸਰਕਾਰ ਨੂੰ ਅਪੀਲ ਕੀਤੀ ਗਈ। ਇਸੇ ਤਰ੍ਹਾਂ ਇਕ ਮਤੇ ਰਾਹੀਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਕਰਤਾਰਪੁਰ ਸਾਹਿਬ ਦੇ ਲਾਂਘੇ ਦੀ ਮਿਆਦ ਪੰਜ ਸਾਲ ਹੋਰ ਵਧਾਉਣ ਲਈ ਭਾਰਤ ਤੇ ਪਾਕਿਸਤਾਨ ਦੋਹਾਂ ਸਰਕਾਰਾਂ ਦਾ ਧੰਨਵਾਦ ਕੀਤਾ ਗਿਆ ਅਤੇ ਦਰਸ਼ਨਾਂ ਲਈ ਜਾਣ ਵਾਲੇ ਸ਼ਰਧਾਲੂਆਂ ਲਈ ਪ੍ਰਕਿਰਿਆ ਸਰਲ ਕਰਨ ਦੀ ਮੰਗ ਕੀਤੀ ਗਈ। ਮਤੇ ਰਾਹੀਂ ਪਾਸਪੋਰਟ ਦੀ ਸ਼ਰਤ ਹਟਾਉਣ, ਆਨਲਾਈਨ ਇੰਦਰਾਜ ਦੀ ਥਾਂ ਆਧਾਰ ਕਾਰਡ ਰਾਹੀਂ ਮੌਕੇ 'ਤੇ ਇਜਾਜਤ ਦੇਣ ਅਤੇ ਸ਼ਰਧਾਲੂਆਂ ਤੋਂ ਲਏ ਜਾਂਦੇ 20 ਡਾਲਰ ਦੀ ਸ਼ਰਤ ਖ਼ਤਮ ਕਰਨ ਲਈ ਵੀ ਕਿਹਾ ਗਿਆ। ਸੰਨ 2015 ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਸਬੰਧੀ ਮਤੇ ਵਿਚ ਬੇਅਦਬੀਆਂ ਦੇ ਮੁੱਖ ਦੋਸ਼ੀ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਅਤੇ ਉਸ ਦੇ ਪੈਰੋਕਾਰਾਂ ਹਨੀਪ੍ਰੀਤ, ਪਰਦੀਪ ਕਲੇਰ ਤੇ ਹੋਰ ਦੋਸ਼ੀਆਂ ਦੀ ਗ੍ਰਿਫਤਾਰੀ ਦੀ ਮੰਗ ਕੀਤੀ ਗਈ। ਮਤੇ ਵਿਚ ਪਰਦੀਪ ਕਲੇਰ ਨੂੰ ਦੋ ਕੇਸਾਂ ਵਿੱਚ ਅਦਾਲਤ ਵੱਲੋਂ ਭਗੌੜਾ ਕਰਾਰ ਦੇਣ ਦੇ ਬਾਵਜੂਦ ਵੀ ਗ੍ਰਿਫ਼ਤਾਰ ਨਾ ਕਰਨ ਤੇ ਪੰਜਾਬ ਸਰਕਾਰ ਦੀ ਮਨਸ਼ਾ 'ਤੇ ਸਵਾਲ ਉਠਾਏ ਗਏ।

ਜਨਰਲ ਇਜਲਾਸ ਦੌਰਾਨ ਇਕ ਮਤੇ ਵਿਚ ਫ਼ਿਲਮਾਂ, ਨਾਟਕਾਂ ਤੇ ਸੀਰੀਅਲਾਂ ਵਿੱਚ ਸਿੱਖਾਂ ਦੇ ਕਿਰਦਾਰ ਨੂੰ ਗ਼ਲਤ ਤਰੀਕੇ ਨਾਲ ਦਿਖਾਉਣ ਦੇ ਰੁਝਾਨ ਨੂੰ ਤੁਰੰਤ ਰੋਕਣ ਦੀ ਮੰਗ ਕੀਤੀ ਗਈ। ਇਸ ਦੇ ਨਾਲ ਹੀ ਕੰਗਣਾ ਰਾਣੌਤ ਦੀ ਫ਼ਿਲਮ ਐਮਰਜੈਂਸੀ 'ਤੇ ਵੀ ਸਰਕਾਰ ਨੂੰ ਰੋਕ ਲਗਾਉਣ ਲਈ ਕਿਹਾ ਗਿਆ। ਇਸ ਮਤੇ ਰਾਹੀਂ ਸਿੱਖਾਂ ਪ੍ਰਤੀ ਨਾਕਰਾਤਮਕ ਪ੍ਰਦਰਸ਼ਨ ਨੂੰ ਰੋਕਣ ਲਈ ਫ਼ਿਲਮ ਸੈਂਸਰ ਬੋਰਡ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਨੁਮਾਇੰਦਾ ਪੱਕੇ ਤੌਰ 'ਤੇ ਸ਼ਾਮਿਲ ਕਰਨ ਦੀ ਵੀ ਮੰਗ ਕੀਤੀ ਗਈ। ਇਕ ਹੋਰ ਮਤਾ ਪਾਸ ਕਰਦਿਆਂ ਭਾਰਤ ਸਰਕਾਰ ਤੋਂ ਸਿੱਖ ਕੌਮ ਦੇ ਇਤਿਹਾਸਿਕ ਅਸਥਾਨਾਂ ਨਾਲ ਸੰਬੰਧਿਤ ਲੰਮੇ ਸਮੇਂ ਤੋਂ ਲਟਕਦੇ ਆ ਰਹੇ ਮਾਮਲਿਆਂ ਨੂੰ ਤੁਰੰਤ ਹੱਲ ਕਰਨ ਦੀ ਮੰਗ ਕੀਤੀ ਗਈ। ਕਿਹਾ ਗਿਆ ਕਿ ਸਿੱਖ ਕੌਮ ਦੇ ਧਾਰਮਿਕ ਅਸਥਾਨਾਂ ਬਾਰੇ ਸਾਰਥਕ ਪਹੁੰਚ ਅਪਣਾ ਕੇ ਇਨ੍ਹਾਂ ਦੀ ਸੇਵਾ ਸੰਭਾਲ ਸ਼੍ਰੋਮਣੀ ਕਮੇਟੀ ਨੂੰ ਸੌਂਪੀ ਜਾਵੇ। ਪੰਜਾਬ ਅੰਦਰ ਨਸ਼ਿਆਂ ਨਾਲ ਹੋ ਰਹੀਆਂ ਮੌਤਾਂ 'ਤੇ ਵੀ ਗਹਿਰੀ ਚਿੰਤਾ ਪ੍ਰਗਟਾਈ ਗਈ। ਮਤੇ ਵਿਚ ਸਰਕਾਰ ਨੂੰ ਕਿਹਾ ਗਿਆ ਕਿ ਨਸ਼ਿਆਂ ਦੀ ਰੋਕਥਾਮ ਲਈ ਢੁਕਵੇਂ ਕਦਮ ਚੁੱਕੇ ਜਾਣ। ਪੰਜਾਬ ਦੇ ਲੋਕਾਂ ਅਤੇ ਨੌਜਵਾਨਾਂ ਨੂੰ ਸੰਗਠਿਤ ਹੋ ਕੇ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਆਪਣੀ ਜਿੰਮੇਵਾਰੀ ਨਿਭਾਉਣ ਲਈ ਵੀ ਅਪੀਲ ਕੀਤੀ ਗਈ। ਇਸ ਤੋਂ ਇਲਾਵਾ ਸਿੱਖਾਂ ਦੇ ਦੇਸ਼ ਲਈ ਯੋਗਦਾਨ ਨੂੰ ਮੱਦੇਨਜ਼ਰ ਰੱਖਦਿਆਂ ਸਿੱਖ ਕੌਮ ਦੀਆਂ ਤਕਨੀਕੀ ਤੇ ਮੈਡੀਕਲ ਸੰਸਥਾਵਾਂ ਦੀ ਘੱਟ ਗਿਣਤੀ ਵਾਲੀ ਮਾਨਤਾ ਪਹਿਲਾਂ ਦੀ ਤਰ੍ਹਾਂ ਜਿਉਂ ਦੀ ਤਿਉਂ ਬਰਕਰਾਰ ਰੱਖਣ ਦੀ ਮੰਗ ਸਬੰਧੀ ਵੀ ਇਕ ਮਤਾ ਪਾਸ ਕੀਤਾ ਗਿਆ। ਇਸ ਦੇ ਨਾਲ ਹੀ ਇਕ ਅਹਿਮ ਮਤਾ ਪਾਸ ਕਰਦਿਆਂ ਸ੍ਰੀ ਅਕਾਲ ਤਖਤ ਸਾਹਿਬ 'ਤੇ ਪੁੱਜਦੇ ਮਾਮਲਿਆਂ ਦੇ ਸਰਲੀਕਰਨ ਲਈ 11 ਮੈਂਬਰੀ ਸਲਾਹਕਾਰ ਬੋਰਡ ਬਣਾਉਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਇਕ ਹੋਰ ਮਤੇ ਰਾਹੀਂ ਬੀਤੇ ਸਮੇਂ ਅੰਦਰ ਕੈਨੇਡਾ ਵਿਚ ਸਿੱਖ ਸ਼ਖ਼ਸੀਅਤਾਂ ਨੂੰ ਨਿਸ਼ਾਨਾ ਬਣਾਏ ਜਾਣ ਕਾਰਨ ਉਥੇ ਵੱਸਦੇ ਸਿੱਖਾਂ ਅੰਦਰ ਅਸੁਰੱਖਿਆ ਦੀ ਭਾਵਨਾ 'ਤੇ ਚਿੰਤਾ ਪ੍ਰਗਟ ਕਰਦਿਆਂ ਭਾਰਤ ਤੇ ਕੈਨੇਡਾ ਦੀ ਸਰਕਾਰ ਨੂੰ ਇਕ ਦੂਜੇ ਦਾ ਸਹਿਯੋਗ ਕਰਕੇ ਸੱਚ ਸਾਹਮਣੇ ਲਿਆਉਣ ਤੇ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਲਈ ਯਤਨ ਕਰਨ ਲਈ ਆਖਿਆ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**

### ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਨਿਵਾਸ ਦਾ ਉਦਘਾਟਨ

# ਜਥੇਦਾਰ ਦਾਦੂਵਾਲ ਜੀ ਨੇ ਆਪਣੇ ਕਰ ਕਮਲਾਂ ਨਾਲ ਕੀਤਾ

## ਦਸ਼ਮੇਸ਼ ਪਿਤਾ ਦੇ ਚਰਨਛੋਹ ਪ੍ਰਾਪਤ ਅਸਥਾਨ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਮਾਨਕ ਟਬਰਾ ਪੰਚਕੂਲਾ ਵਿਖੇ ਸਿੱਖ ਸੰਗਤਾਂ ਦੀ ਸਹੂਲਤ ਲਈ ਨਵੀਂ ਸਰਾਂ ਬਣਾਈ ਗਈ












ਦਸ਼ਮੇਸ਼ ਪਿਤਾ ਦੇ ਚਰਨ ਸੋਹ ਪ੍ਰਾਪਤ ਅਸਥਾਨ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਮਾਨਕ ਟਬਰਾ ਪੰਚਕੂਲਾ ਵਿਖੇ ਸਿੱਖ ਸੰਗਤਾਂ ਦੀ ਸਹੂਲਤ ਲਈ ਬਣਾਈ ਗਈ ਨਵੀਂ ਸਰਾਂ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਨਿਵਾਸ ਦਾ ਸ਼ੁਭ ਉਦਘਾਟਨ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਮੈਂਬਰ ਸਵਰਨ ਸਿੰਘ ਬੁੰਗਾ ਟਿੱਬੀ,ਮੈਂਬਰ ਡਾ:ਹਰਨੇਕ ਸਿੰਘ ਪੰਚਕੂਲਾ,ਮੈਂਬਰ ਇੰਦਰਜੀਤ ਸਿੰਘ ਸਾਹਾ,ਸਕੱਤਰ ਧਰਮ ਪ੍ਰਚਾਰ ਸਰਬਜੀਤ ਸਿੰਘ ਜੰਮੂ,ਸਿਕੰਦਰ ਸਿੰਘ ਵਰਾਣਾ ਇੰਚਾਰਜ ਧਰਮ ਪ੍ਰਚਾਰ ਸਬ ਦਫ਼ਤਰ ਨਾਢਾ ਸਾਹਿਬ,ਸਿੰਘ ਸਾਹਿਬ ਗਿ: ਜਗਜੀਤ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਨਾਢਾ ਸਾਹਿਬ,ਪਰਮਜੀਤ ਸਿੰਘ ਸ਼ੇਰਗੜ ਮੈਨੇਜਰ ਗੁਰਦੁਆਰਾ ਨਾਢਾ ਸਾਹਿਬ,ਬਲਜਿੰਦਰ ਸਿੰਘ ਜਟਾਣਾ ਇੰਚਾਰਜ ਗੁਰਦੁਆਰਾ ਮਾਣਕ ਟਬਰਾ ਸਾਹਿਬ ਅਤੇ ਸਿੱਖ ਸੰਗਤਾਂ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ, ਯੂ. ਕੇ.)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


DHAN DHAN SRI GURU NANAK DEV JI'S PARKASH PURAB
SANDWELL
NAGAR KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI
George Street, West Bromwich
START 9.00AM
GURU NANAK GURDWARA
Edward Street, West Bromwich
11.00AM
GURDWARA AMRIT PARCHAR DHARMIK DIWAN
Birmingham Road, Oldbury
1.00PM
GURDWARA GURU MANEYO GRANTH
Popes Lane, Oldbury
2.00PM
GURDWARA BABA SANG
St Paul's Road, Smethwick
3.15PM
GURU NANAK GURDWARA SMETHWICK
High Street, Smethwick
4.00pm FINISH
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਅਰੰਭਤਾ: ੯.੦੦ ਵਜੇ
ਗੁਰੂ ਨਾਨਕ ਗੁਰਦੁਆਰਾ,
ਏਡਵਰਡ ਸਟਰੀਟ ਵੈਸਟ ਬ੍ਰਮਵਿਚ
੧੧.੦੦ ਵਜੇ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ
ਬ੍ਰਮਿੰਘਮ ਰੋਡ, ਓਲਡਬਰੀ
੧.੦੦ ਵਜੇ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ
ਪੋਪਸ ਲੇਨ, ਓਲਦਬਰੀ
੨.੦੦ ਵਜੇ
ਗੁਰਦੁਆਰਾ ਬਾਬਾ ਸੰਗ ਜੀ
ਸਟ. ਪੌਲਜ਼ ਰੋਡ, ਸਮੈਦਿਕ
੩.੧੫ ਵਜੇ
ਗੁਰੂ ਨਾਨਕ ਗੁਰਦੁਆਰਾ
ਸਮੈਦਿਕ
ਸਮਾਪਤੀ: ੪.੦੦ ਵਜੇ
ਆਵਾਜ਼ਿ ਕੌਮ AWAZE QAUM International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 28ਵਾਂ
# ਸਲਾਨਾ ਗੁਰਮਤਿ ਸਮਾਗਮ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਬਰਾਂ ਦੇ ਹਾਈ ਕੋਰਟ)

## ਮਿਤੀ 3 ਨਵੰਬਰ 2024 ਦਿਨ ਐਤਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

## 1 ਨਵੰਬਰ 2024 ਦਿਨ ਸ਼ੁੱਕਰਵਾਰ

ਲੜੀ ਅਰੰਭ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 3 ਨਵੰਬਰ 2024 ਦਿਨ ਐਤਵਾਰ ਨੂੰ

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ।

ਬੇਨਤੀ ਕਰਤਾ :-



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂਵਾਲੇ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ
ਪ੍ਰਧਾਨ ਸੰਤ ਸਮਾਜ ਭਾਈ ਲਾਲੋ ਜੀ
ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

### ਪੈਰਾਡਾਈਸ ਪਬਲਿਕ ਸਕੂਲ ਸੀਂਗੋ ਨੇ ਲਗਾਇਆ ਇੱਕ ਰੋਜਾ ਵਿੱਦਿਅਕ ਟੂਰ

# ਵਿਦਿਆਰਥੀਆਂ ਨੇ ਸਪਲੈਸ਼ ਵਾਟਰ ਪਾਰਕ ਹਿਸਾਰ ਵਿੱਚ ਮਾਣਿਆ ਆਨੰਦ



**ਤਲਵੰਡੀ ਸਾਬੋ, 28 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਇਲਾਕੇ ਦੀ ਨਾਮੀ ਸੰਸਥਾ ਪੈਰਾਡਾਈਸ ਪਬਲਿਕ ਸਕੂਲ ਸੀਂਗੋ ਨੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਮੁੱਖ ਰੱਖਦਿਆਂ ਸਪਲੈਸ਼ ਵਾਟਰ ਪਾਰਕ ਹਿਸਾਰ ਦਾ ਇੱਕ ਰੋਜਾ ਟੂਰ ਲਗਾਇਆ। ਸਕੂਲ ਮੁਖੀ ਸਰਦਾਰ ਗੁਰਪ੍ਰੀਤ ਸਿੰਘ ਨੇ ਸਾਂਝੀ ਕਰਦਿਆਂ ਦੱਸਿਆ ਕਿ ਇਸ ਟੂਰ ਤਹਿਤ ਸਕੂਲ ਦੇ ਕੁੱਲ 70 ਵਿਦਿਆਰਥੀਆਂ ਤੇ 15 ਅਧਿਆਪਕ ਸ਼ਾਮਿਲ ਸਨ। ਸਪਲੈਸ਼ ਵਾਟਰ ਪਾਰਕ ਹਿਸਾਰ ਪਹੁੰਚਕੇ ਜਿੱਥੇ ਬੱਚਿਆਂ ਨੇ ਸਭ ਤੋਂ ਪਹਿਲਾਂ ਝੂਲਿਆਂ ਦਾ ਅਨੰਦ ਮਾਣਿਆ ਉਸ ਤੋਂ ਬਾਅਦ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪਾਣੀ ਵਿੱਚ ਵੱਖ-ਵੱਖ ਸਲਾਈਡਾਂ ਉੱਪਰ ਖੂਬ ਮਸਤੀ ਕੀਤੀ ਉਥੇ ਹੀ ਦੁਪਹਿਰ ਦੇ ਸ਼ਾਹੀ ਭੋਜਨ ਦਾ ਵੀ ਅਨੰਦ ਲਿਆ। ਵਾਪਸੀ ਸਮੇਂ ਵਿਦਿਆਰਥੀਆਂ ਨੇ ਰਸਤੇ ਵਿੱਚ ਪੈਂਦੇ ਅਗਰੋਹਾਂ ਧਾਮ ਵਿਖੇ ਵੱਖ-ਵੱਖ ਇਤਿਹਾਸਕ ਗੁਫਾਵਾਂ ਦੇ ਦਰਸ਼ਨ ਕਰਕੇ ਸ਼ਾਮ 7 ਵਜੇ ਸਕੂਲ ਵਾਪਸੀ ਕੀਤੀ। ਇਸ ਸਮੇਂ ਸਮੂਹ ਮਾਪਿਆਂ ਨੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਸੰਸਥਾ ਦੁਆਰਾ ਕੀਤੀ ਇਸ ਕੋਸ਼ਿਸ਼ ਦੀ ਸ਼ਲਾਘਾ ਕੀਤੀ। ਇਸ ਸਮੇਂ ਉਨ੍ਹਾਂ ਨਾਲ ਸਕੂਲ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਸ. ਜੋਗਿੰਦਰ ਸਿੰਘ, ਸ. ਨਿਰਮਲ ਸਿੰਘ, ਸ. ਗੁਰਪ੍ਰੀਤ ਸਿੰਘ ਭਾਕਰ, ਸਕੂਲ ਸਟਾਫ ਤੋਂ ਅਧਿਆਪਕ ਸ. ਬੀਰਬਲ ਸਿੰਘ, ਸ. ਜਗਜੀਤ ਸਿੰਘ, ਮਨਪ੍ਰੀਤ ਕੌਰ, ਅੰਮ੍ਰਿਤਪਾਲ ਕੌਰ, ਗੁਰਪ੍ਰੀਤ ਕੌਰ, ਮਨਪ੍ਰੀਤ ਕੌਰ ਸੀਂਗੋ, ਰਮਦੀਪ ਕੌਰ, ਗੁਰਸ਼ਰਨ ਕੌਰ, ਗਗਨਦੀਪ ਕੌਰ ਆਦਿ ਹਾਜਰ ਸਨ।

### ਉਚੇਰੀ ਸਿੱਖਿਆ ਦੇ ਪ੍ਰਚਾਰ ਲਈ

# ਗੁਰੂ ਕਾਸ਼ੀ ਯੂਨੀਵਰਸਿਟੀ ਯੂਨੀਵਰਸਿਟੀ ਸਨਮਾਨਿਤ



**ਤਲਵੰਡੀ ਸਾਬੋ, 27 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਉੱਚੇਰੀ ਤੇ ਮਿਆਰੀ ਸਿੱਖਿਆ ਦੇ ਪਸਾਰ ਲਈ ਮੁੱਢ ਤੋਂ ਯਤਨਸ਼ੀਲ ਗੁਰੂ ਕਾਸ਼ੀ ਯੂਨੀਵਰਸਿਟੀ ਨੂੰ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਵੱਲੋਂ ਚੰਡੀਗੜ੍ਹ ਵਿਖੇ ਸ਼ਾਨਦਾਰ ਸਮਾਰੋਹ ਵਿੱਚ ਸਨਮਾਨਿਤ ਕੀਤਾ ਗਿਆ। ਯੂਨੀਵਰਸਿਟੀ ਦੀ ਪ੍ਰਤੀਨਿਧਤਾ ਕਰਦੇ ਹੋਏ ਕਾਰਜਕਾਰੀ ਉਪ ਕੁਲਪਤੀ ਡਾ. ਪੀਯੂਸ਼ ਵਰਮਾ ਨੇ ਇਹ ਸਨਮਾਨ ਪ੍ਰਾਪਤ ਕੀਤਾ। ਇਸ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਚਾਂਸਲਰ ਗੁਰਲਾਭ ਸਿੰਘ ਸਿੱਧੂ ਅਤੇ ਮੈਨੇਜਿੰਗ ਡਾਇਰੈਕਟਰ, ਸੁਖਰਾਜ ਸਿੰਘ ਸਿੱਧੂ ਨੇ ਕਿਹਾ ਕਿ ਜੀ.ਕੇ.ਯੂ. ਦੀ ਸ਼ੁਰੂਆਤ ਦਸਮ ਗੁਰੂ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਕਹੇ ਵਾਕ 'ਗੁਰੂ ਕੀ ਕਾਸ਼ੀ' ਨੂੰ ਸਮਰਪਿਤ ਕਰਕੇ ਕੀਤੀ ਗਈ ਹੈ। ਜਿਸਨੂੰ ਦੇਸ਼ਾਂ ਵਿਦੇਸ਼ਾਂ ਦੇ ਸਿੱਖਿਆ ਸ਼ਾਸਤਰੀਆਂ, ਖੋਜਾਰਥੀਆਂ, ਵਿਦਿਆਰਥੀਆਂ ਅਤੇ ਇਲਾਕੇ ਦੇ ਲੋਕਾਂ ਦਾ ਭਰਵਾਂ ਸਹਿਯੋਗ ਅਤੇ ਪਿਆਰ ਮਿਲਿਆ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਲਾਗੂ ਕੀਤੀ ਗਈ ਨਵੀਂ ਸਿੱਖਿਆ ਨੀਤੀ-2020 ਅਨੁਸਾਰ ਵਰਸਿਟੀ ਨੇ ਸਮੇਂ ਅਤੇ ਉਦਯੋਗਾਂ ਦੀ ਲੋੜ ਅਨੁਸਾਰ ਨਵੇਂ ਕਿੱਤਾ ਮੁਖੀ ਕੋਰਸ ਸ਼ੁਰੂ ਕੀਤੇ ਹਨ, ਜੋ ਵਿਦਿਆਰਥੀਆਂ ਨੂੰ ਸਵੈ-ਨਿਰਭਰ ਹੋਣ ਅਤੇ ਆਪਣੇ ਉਦਯੋਗ ਸ਼ੁਰੂ ਕਰਨ ਵਿੱਚ ਸਹਾਈ ਹੁੰਦੇ ਹਨ। ਉਨ੍ਹਾਂ ਕਿਹਾ ਕਿ ਵਰਸਿਟੀ ਭਵਿੱਖ ਵਿੱਚ ਵੀ ਉਚੇਰੀ ਤੇ ਮਿਆਰੀ ਸਿੱਖਿਆ ਦੇ ਪੱਧਰ ਨੂੰ ਹੋਰ ਉੱਚਾ ਚੁੱਕਣ ਲਈ ਯਤਨਸ਼ੀਲ ਰਹੇਗੀ। ਇਸ ਮੌਕੇ ਡਾ. ਵਰਮਾ ਨੇ ਕਿਹਾ ਕਿ ਇਹ ਸਭ ਵਰਸਿਟੀ ਪ੍ਰਬੰਧਕਾਂ ਦੀ ਯੋਗ ਅਗਵਾਈ, ਫੈਕਲਟੀ ਮੈਂਬਰਾਂ ਦੀ ਮਿਹਨਤ, ਖੋਜਾਰਥੀਆਂ ਤੇ ਵਿਦਿਆਰਥੀਆਂ ਦੇ ਸਮਰਪਣ ਕਾਰਨ ਸੰਭਵ ਹੋ ਪਾਇਆ ਹੈ। ਉਨ੍ਹਾਂ ਇਸ ਮੌਕੇ ਵਰਸਿਟੀ ਦੇ ਨਵੇਂ ਤੇ ਪੁਰਾਣੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਦਾ ਵਿਸ਼ਵਾਸ਼ ਦਵਾਇਆ। ਉਨ੍ਹਾਂ ਇਹ ਵੀ ਕਿਹਾ ਕਿ ਵਰਸਿਟੀ ਦੇ ਵਿਦਿਆਰਥੀਆਂ ਨੇ ਸਿੱਖਿਆ ਦੇ ਹਰ ਖੇਤਰ ਵਿੱਚ ਮੱਲ੍ਹਾਂ ਮਾਰੀਆਂ ਹਨ, ਵਿਸ਼ੇਸ਼ ਤੌਰ 'ਤੇ ਉਨ੍ਹਾਂ ਰਾਸ਼ਟਰੀ ਅਤੇ ਅੰਤਰ ਰਾਸ਼ਟਰੀ ਪੱਧਰ ਤੇ ਵਰਸਿਟੀ ਦੇ ਖਿਡਾਰੀਆਂ ਵੱਲੋਂ ਕੀਤੀਆਂ ਗਈਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ।

# ਡਾ. ਵਿਜੇ ਸਤਬੀਰ ਸਿੰਘ ਵੱਲੋਂ ਗੁਰਦੁਆਰਾ ਸੱਚਖੰਡ ਬੋਰਡ ਦੇ ਕਰਮਚਾਰੀਆਂ ਨੂੰ ਦੀਵਾਲੀ ਤੋਂ ਪਹਿਲਾਂ ਦਿੱਤਾ ਗਿਆ ਐਡਵਾਂਸ

**ਚੌਕ ਮਹਿਤਾ, 28 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਬੋਰਡ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਸਾਬਕਾ ਆਈ.ਏ.ਐਸ. ਵੱਲੋਂ ਦੀਪਮਾਲਾ ਤਿਉਹਾਰ ਨੇੜੇ ਹੋਣ ਕਰਕੇ ਗੁਰਦੁਆਰਾ ਬੋਰਡ ਦੇ ਪੱਕੇ ਅਤੇ ਦਿਹਾੜੀਦਾਰ ਕਰਮਚਾਰੀਆਂ ਨੂੰ ਕਰਮਵਾਰ ਦਸ ਹਜ਼ਾਰ ਰੁਪਏ ਤੇ ਪੰਜ ਹਜ਼ਾਰ ਰੁਪਏ ਦੀਵਾਲੀ ਐਡਵਾਂਸ ਦਿੱਤਾ ਗਿਆ ਜਿਸ 'ਤੇ ਕਰਮਚਾਰੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਜਦੋਂ ਵੀ ਤਿਉਹਾਰ ਆਉਂਦੇ ਹਨ ਤਾਂ ਅਕਸਰ ਹੀ ਖਰਚੇ ਵਧ ਜਾਂਦੇ ਹਨ ਤੇ ਇਸ ਲੋੜ ਨੂੰ ਮੁੱਖ ਰੱਖਦੇ ਹੋਏ ਡਾ. ਵਿਜੇ ਸਤਬੀਰ ਸਿੰਘ ਵਲੋਂ ਦਿਤੇ ਗਏ ਐਡਵਾਂਸ ਲਈ ਸ੍ਰ: ਸੁਰਜੀਤ ਸਿੰਘ ਮੱਠਵਾਲੇ, ਸ੍ਰ: ਪ੍ਰਦੀਪ ਸਿੰਘ ਮਾਨ, ਸ੍ਰ: ਜਸਪਾਲ ਸਿੰਘ ਸ਼ਿਲੇਦਾਰ, ਸ੍ਰ: ਬਸੰਤ ਸਿੰਘ ਗਾੜੀਵਾਲੇ, ਸ੍ਰ: ਹਰੀ ਸਿੰਘ ਚਾਵਲਾ ਆਦਿ ਸਮੂਹ ਕਰਮਚਾਰੀਆਂ ਵੱਲੋਂ ਧੰਨਵਾਦ ਕੀਤਾ ਗਿਆ ਇਥੇ ਜ਼ਿਕਰਯੋਗ ਹੈ ਕਿ ਇੱਕ ਮਹੀਨਾ ਪਹਿਲਾਂ ਹੀ ਗੁਰਦੁਆਰਾ ਬੋਰਡ ਦੇ ਪੱਕੇ ਕਰਮਚਾਰੀਆਂ ਨੂੰ ਸਾਲਾਨਾ ਤਰੱਕੀ ਦਿੱਤੀ ਗਈ ਸੀ।



# ਸਿੱਖਾਂ ਦੇ ਕੇਸਾਂ ਬਾਰੇ ਮਾੜੀ ਸ਼ਬਦਾਵਲੀ ਬੋਲਣ ਵਾਲੇ ਦੋਸ਼ੀ ਖਿਲਾਫ ਹਰਮੀਤ ਸਿੰਘ ਸੋਢੀ ਨੇ ਕਰਵਾਇਆ ਮਾਮਲਾ ਦਰਜ

## ਪੁਲਿਸ ਨੇ ਦੋਸ਼ੀ ਖਿਲਾਫ ਮਾਮਲਾ ਦਰਜ ਕਰਕੇ ਭੇਜਿਆ ਜੇਲ



ਬੀਤੇ ਦਿਨ ਹੀ ਸੋਸ਼ਲ ਮੀਡੀਆ ਦੇ ਉੱਪਰ ਸਿੱਖਾਂ ਦੇ ਕੇਸਾਂ ਬਾਰੇ ਮੰਦੀ ਸ਼ਬਦਾਵਲੀ ਲਿਖੀ ਗਈ ਸੀ । ਜਿਸ ਤੋਂ ਬਾਅਦ ਉਹ ਪੋਸਟ ਲਗਾਤਾਰ ਵਾਇਰਲ ਹੋ ਰਹੀ ਸੀ । ਉਸ ਪੋਸਟ ਦੇ ਵਾਇਰਲ ਹੋਣ ਤੋਂ ਬਾਅਦ ਜਦੋਂ ਹੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਿਲ੍ਹਾ ਯੂਥ ਵਿੰਗ ਦੇ ਪ੍ਰਧਾਨ ਹਰਮੀਤ ਸਿੰਘ ਸੋਢੀ ਨੂੰ ਪਤਾ ਲੱਗ ਗਿਆ ਤਾਂ ਉਹਨਾਂ ਨੇ ਤੁਰੰਤ ਉਸ ਪੋਸਟ ਦੀ ਜਾਂਚ ਪੜਤਾਲ ਕਰਨ ਤੋਂ ਬਾਅਦ ਜਿਸ ਸ਼ਖਸ ਨੇ ਪੋਸਟ ਪਾਈ ਸੀ ਤਾਂ ਉਸ ਸ਼ਖਸ ਨੂੰ ਫੋਨ ਲਗਾਇਆ ਗਿਆ। ਫੋਨ ਲਗਾਉਣ ਤੋਂ ਬਾਅਦ ਪੁਲਿਸ ਕੋਲ ਪਹੁੰਚ ਕੇ ਪੂਰੀ ਟੀਮ ਨੇ ਪਰਚਾ ਦਰਜ ਕਰਵਾਇਆ । ਜਾਣਕਾਰੀ ਦਿੰਦਿਆਂ ਹੋਇਆ ਹਰਮੀਤ ਸਿੰਘ ਸੋਢੀ ਨੇ ਕਿਹਾ ਕਿ ਅਜਿਹੀਆਂ ਜੋ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀਆਂ ਪੋਸਟਾਂ ਪਾਉਂਦਾ ਹੈ ਤਾਂ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ । ਉਸ ਤੇ ਤੁਰੰਤ ਕਾਰਵਾਈ ਕੀਤੀ ਜਾਵੇਗੀ । ਨਾਲ ਹੀ ਜਾਣਕਾਰੀ ਦਿੰਦਿਆਂ ਹੋਇਆ ਸੋਡੀ ਨੇ ਕਿਹਾ ਕਿ ਕਿਸੇ ਵੀ ਧਰਮ ਬਾਰੇ ਮਾੜੀ ਸ਼ਬਦਾਵਲੀ ਜੋ ਕਿ ਲਗਾਤਾਰ ਅਜਿਹੇ ਸ਼ਰਾਰਤੀ ਅਨਸਰਾਂ ਵੱਲੋਂ ਵਰਤੀ ਜਾਂਦੀ ਹੈ ਤਾਂ ਅਜਿਹੀ ਸ਼ਬਦਾਬਲੀ ਨੂੰ ਬਰਦਾਸ਼ਤ ਨਹੀਂ ਕੀਤੀ ਜਾਵੇਗਾ । ਅਜਿਹੀ ਸ਼ਬਦਾਬਲੀ ਬੋਲਣ ਵਾਲਿਆਂ ਖਿਲਾਫ ਕਾਨੂੰਨੀ ਕਾਰਵਾਈ ਲਈ ਸਮੁੱਚੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਤਸਰ ਦੀ ਟੀਮ ਤਿਆਰ ਰਹੇਗੀ । ਇਸਦੇ ਨਾਲ ਹੀ ਉਹਨਾਂ ਉਸ ਸ਼ਖਸ ਦੇ ਖਿਲਾਫ ਕਾਰਵਾਈ ਕਰਵਾਉਂਦਿਆਂ ਹੋਇਆ ਪੁਲਿਸ ਨੇ ਮਾਮਲੇ ਦੀ ਡੂੰਘਾਈ ਦੇ ਨਾਲ ਜਾਂਚ ਕਰਦਿਆ ਹੋਇਆ ਦੋਸ਼ੀ ਤੇ ਪਰਚਾ ਦਰਜ ਕਰਕੇ ਜੇਲ ਭੇਜ ਦਿੱਤਾ ।

**-ਪਰਗਟ ਸਿੰਘ ਬਲਬੇੜਾ, 9022000070**

# ਪੀ.ਐਸ.ਪੀ.ਸੀ.ਐਲ. ਦਾ ਮੁੱਖ ਖ਼ਜ਼ਾਨਚੀ 50,000 ਰੁਪਏ ਰਿਸ਼ਵਤ ਲੈਂਦਾ ਵਿਜੀਲੈਂਸ ਬਿਊਰੋ ਵੱਲੋਂ ਕਾਬੂ




**ਚੌਕ ਮਹਿਤਾ, 28 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਅੱਜ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦਫ਼ਤਰ, ਸਬ ਡਵੀਜ਼ਨ ਸਾਊਥ, ਅੰਮ੍ਰਿਤਸਰ ਵਿਖੇ ਤਾਇਨਾਤ ਮੁੱਖ ਖ਼ਜ਼ਾਨਚੀ ਦਵਿੰਦਰ ਸਿੰਘ ਨੂੰ 50,000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਹੇਠ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਨਰਿੰਦਰ ਕੁਮਾਰ ਵਾਸੀ ਬਜ਼ਾਰ ਗੁਜਰਾਂ, ਭਗਤਾਂ ਵਾਲਾ, ਗੇਟ ਹਕੀਮਾ, ਅੰਮ੍ਰਿਤਸਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਹਨਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਗਾਇਆ ਸੀ ਕਿ ਉਸਨੇ ਸ਼ਕਤੀ ਨਗਰ, ਅੰਮ੍ਰਿਤਸਰ ਵਿਖੇ ਆਪਣੀ ਦੁਕਾਨ 'ਤੇ ਵਪਾਰਕ ਬਿਜਲੀ ਮੀਟਰ ਲਗਾਉਣ ਲਈ ਦਰਖ਼ਾਸਤ ਦਿੱਤੀ ਸੀ ਅਤੇ ਇਸ ਸਬੰਧੀ ਕਾਗਜ਼ ਤਿਆਰ ਕਰਨ ਬਦਲੇ ਮੁਲਜ਼ਮ ਨੇ 1,00,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ। ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ ਅੰਮ੍ਰਿਤਸਰ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# 2024 ਦੇ ਫਿਲਮ ਫੈਸਟਾ ਐਵਾਰਡਜ਼ ਵਿੱਚ ਚਰਚਾ ਦਾ ਵਿਸ਼ਾ ਬਣੀ ਸ਼ੋਰਟ ਫਿਲਮ - ਗੁਰਮਤਿ -ਸਹੀ ਦਿਸ਼ਾ



**ਚੌਕ ਮਹਿਤਾ, 28 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਸ ਖ਼ਿੱਤੇ ਦੇ ਸਭਿਆਚਾਰ, ਅਮੀਰ ਵਿਰਸੇ ਦੀ ਸੰਭਾਲ ਅਤੇ ਨਰੋਈਆਂ ਕਦਰਾਂ ਕੀਮਤਾਂ ਨੂੰ ਉਤਸ਼ਾਹਿਤ ਕਰਨ ਵਾਲੀਆਂ ਕਲਾਵਾਂ ਦੇ ਸੰਚਾਰ ਨੂੰ ਮੁੱਖ ਰੱਖਦਿਆਂ ਬਿਰਲੀਕੋ ਇੰਸੀਟਊਟ ਮਲਟੀਮੀਡੀਆ ਵੱਲੋਂ ਫਿਲਮ ਫੈਸਟਾ ਐਵਾਰਡਜ਼ 2024 ਨਹਿਰੂ ਸਿਧਾਂਤ ਕੇਂਦਰ ਵਿਖੇ ਵਿਸ਼ੇਸ਼ ਸਮਾਗਮ ਚੇਅਰਮੈਨ ਸਨੀਲ ਨੰਦਾ ਜੀ ਦੀ ਅਗਵਾਈ ਵਿਚ ਕੀਤਾ ਗਿਆ ਜਿਸ ਵਿਚ ਵੀ ਐਫ ਐਕਸ ,34, ਵੈਬ ਡੀਜਾਇਨ ਅਤੇ ਪੰਜਾਬੀ ਫ਼ਿਲਮ 'ਗੁਰਮਤਿ ਸਹੀ ਦਿਸ਼ਾ' ਦਿਖਾਈ ਗਈ ਅਤੇ ਬਾਅਦ ਵਿਚ ਉਸ 'ਤੇ ਵਿਚਾਰ ਚਰਚਾ ਕੀਤੀ ਗਈ। ਜੀਵਨ ਦੀਆਂ ਬਹੁਤ ਹੀ ਉੱਚੀਆਂ ਤੇ ਸੁੱਚੀਆਂ ਕਦਰਾਂ ਕੀਮਤਾਂ ਨੂੰ ਵੈਰਾਗਮਈ ਢੰਗ ਰਾਹੀਂ ਪੇਸ਼ ਕਰਦੀ ਫ਼ਿਲਮ ਵਿਖਾਏ ਜਾਣ ਤੋਂ ਪਹਿਲਾ ਦੇ ਨਾਮਵਰ ਪੇਸ਼ਕਾਰ ਗੁਰਪ੍ਰੀਤ ਸਿੰਘ ਫਤਿਹ ਨੇ ਦੱਸਿਆ ਕਿ ਗੁਰਮਤਿ ਸਹੀ ਦਿਸ਼ਾ ਫ਼ਿਲਮ ਜੋ ਅੱਜ ਦੇ ਲੋਕ ਗੁਰੂ ਨਾਲੋਂ ਟੁਟ ਕੇ ਮੜੀਆਂ ਮਸਾਣਾਂ ਤੇ ਜਾਂਦੇ ਨੇ ਉਹਨਾਂ ਲੋਕਾਂ ਨੂੰ ਗੁਰੂ ਨਾਲ ਜੋੜਣ ਦਾ ਯਤਨ ਕਰਦੀ ਹੈ ਅਤੇ ਆਪਣੇ ਵਿਰਸੇ, ਸਭਿਆਚਾਰ, ਉੱਚ ਪਾਏ ਦੀਆਂ ਪਰੰਪਰਾਵਾਂ ਅਤੇ ਮਨੁੱਖੀ ਕਦਰਾਂ ਕੀਮਤਾਂ ਤੋਂ ਦੂਰ ਹੋ ਰਹੀਆਂ ਧਿਰਾਂ ਨੂੰ ਝੰਜੋੜਨ ਅਤੇ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਣ ਦਾ ਯਤਨ ਕਰਦੀ ਹੈ। ਇਸ) ( ਮੌਕੇ ਉਚੇਚੇ ਤੌਰ 'ਤੇ ਮੌਜੂਦ ਦਿਲਜੀਤ ਸਿੰਘ ਭੋਲਾ MLA ,ਹੈਪੀ ਲਾਲੀ, ਯੂਗੇਸ਼ ,ਮਦਨ ਲਾਲ ਜੀ , ਅਭੀਸੇ.ਕ, ਅਮੀਤ ਕਲਸੀ , ਵਿਜੇ , ਗੁਰਵਿੰਦਰ , ਸਾਹਿਲ , ਨਿਰਦੇਸ਼ਕ ਗੁਰਪ੍ਰੀਤ ਸਿੰਘ ਫਤਿਹ ਵੱਲੋਂ ਤਿਆਰ ਕੀਤੀ ਫ਼ਿਲਮ ਨੂੰ ਬਹੁਤ ਹੀ ਸਾਰਥਕ ਸੁਨੇਹਾ ਦੇਣ ਵਾਲੀ ਫ਼ਿਲਮ ਦੱਸਿਆ। ਇਸ ਮੌਕੇ ਸੁਨੀਲ ਨੰਦਾ ਚੇਅਰਮੈਨ ਬਿਰਲੀਕੋ ਇੰਸੀਟਊਟ ਮਲਟੀਮੀਡੀਆ, ਮੁਖਵਿੰਦਰ ,ਰਵੀਨਾ ਸਹਿਗਲ , ਅਲਕਾ ,ਕੋਮਲ , ਜਲੰਧਰ, ਚੰਡੀਗੜ, ਫਿਰੋਜ਼ਪੁਰ, ਦੇਹਰਾਦੂਨ, ਲੁਧਿਆਣਾ ਦੀਆ ਟੀਮਾਂ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਹਾਜ਼ਰ ਸਨ।

### ਅਮਰੀਕਾ ਦੌਰੇ ਦੌਰਾਨ ਮੁਲਤਾਨੀ ਪਰਿਵਾਰ ਵੱਲੋਂ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦਾ ਵਿਸ਼ੇਸ਼ ਸਨਮਾਨ














ਅਮਰੀਕਾ ਨਿਵਾਸੀ ਪ੍ਰਸਿੱਧ ਅਟਾਰਨੀ ਸ਼ੁਬੇਗ ਸਿੰਘ ਮੁਲਤਾਨੀ ਸੀਈਓ ਇੰਟਰਨੈਸ਼ਨਲ ਕੌਂਸਲ ਜਿੰਨਾਂ ਨੇ ਹਜ਼ਾਰਾਂ ਪ੍ਰੀਵਾਰਾਂ ਦੇ ਕਨੂੰਨੀ ਕੇਸ ਲੜਕੇ ਅਮਰੀਕਾ ਦੇ ਗਰੀਨ ਕਾਰਡ ਦਿਵਾਏ ਉਨਾਂ ਦੇ ਪਿਆਰ ਭਰੇ ਸੱਦੇ ਤੇ ਉਨਾਂ ਦੇ ਗ੍ਰਹਿ ਅਤੇ ਦਫਤਰ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪਰਿਵਾਰ ਸਮੇਤ ਪੁੱਜੇ ਮੁਲਤਾਨੀ ਪਰਿਵਾਰ ਵੱਲੋਂ ਜਥੇਦਾਰ ਦਾਦੂਵਾਲ ਜੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਕਿਸਾਨੀ ਮਸਲਿਆਂ ਦੇ ਹੱਲ ਲਈ

# ਅੱਜ 29 ਅਕਤੂਬਰ ਨੂੰ ਲਾਵਾਂਗੇ ਧਰਨਾ : ਜਗੀਰ ਸਿੰਘ ਖਹਿਰਾ



**ਫ਼ਿਰੋਜ਼ਪੁਰ, 28 ਅਕਤੂਬਰ (ਮਨੋਹਰ ਲਾਲ) :—** ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਦੀ ਮਹੀਨਾਵਾਰੀ ਮੀਟਿੰਗ ਜ਼ਿਲਾ ਪ੍ਰਧਾਨ ਜਗੀਰ ਸਿੰਘ ਖਹਿਰਾ ਅਤੇ ਜ਼ਿਲਾ ਜਨਰਲ ਸਕੱਤਰ ਗੁਲਜਾਰ ਸਿੰਘ ਕੱਬਰਵੱਛਾ ਦੀ ਅਗਵਾਈ ਹੇਠ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਕੀਤੀ ਗਈ, ਜਿਸ ਵਿੱਚ ਬੁਲਾਰਿਆਂ ਨੇ ਬੋਲਦਿਆਂ ਹੋਇਆਂ ਕਿਹਾ ਕਿ 29 ਅਕਤੂਬਰ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉਪਰ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੇ ਦਫਤਰ ਦਾ 11 ਵਜੇ ਤੋਂ 3 ਵਜੇ ਤੱਕ ਘਿਰਾਓ ਕੀਤਾ ਜਾਵੇਗਾ। ਗੱਲਬਾਤ ਕਰਦਿਆਂ ਕਿਸਾਨਾਂ ਨੇ ਕਿਹਾ ਕਿ ਝੋਨੇ ਦੀ ਖਰੀਦ ਅਤੇ ਲਿਫਟਿੰਗ ਨਾ ਹੋਣ ਕਾਰਨ ਕਿਸਾਨ ਨੂੰ ਮੰਡੀ ਵਿੱਚ ਰੁਲਣ ਲਈ ਮਜ਼ਬੂਰ ਹੋਣਾ ਪੈ ਰਿਹਾ ਹੈ ਅਤੇ ਪਰਾਲੀ ਸਾੜਨ ਨੂੰ ਲੈ ਕੇ ਕਿਸਾਨਾਂ ਉਪਰ ਪਰਚੇ ਕੀਤੇ ਜਾ ਰਹੇ ਹਨ ਅਤੇ ਉਨ੍ਹਾਂ ਮਾਲ ਰਿਕਾਰਡ ਵਿੱਚ ਲਾਲ ਐਂਟਰੀਆਂ ਕੀਤਿਆਂ ਜਾ ਰਹੀਆਂ ਹਨ ਅਤੇ ਪੀ.ਆਰ 126 ਝੋਨੇ ਉਪਰ ਆੜ੍ਹਤੀਆਂ ਅਤੇ ਸ਼ੈਲਰ ਮਾਲਕ ਦੀ ਮਿਲੀ ਭੁਗਤ ਨਾਲ ਕਿਸਾਨਾਂ ਦੇ ਝੋਨੇ ਉਪਰ ਕੱਟ ਲਾ ਕੇ ਖਰੀਦ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਦੇ ਸਬੰਧ ਵਿੱਚ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦਾ ਘਿਰਾਓ ਕੀਤਾ ਜਾਵੇਗਾ ਅਤੇ 4 ਨਵੰਬਰ 2024 ਨੂੰ ਕੁਲਰੀਆਂ ਮਾਨਸਾ ਜ਼ਿਲ੍ਹੇ ਵਾਲੇ ਜ਼ਮੀਨ ਬਚਾਓ ਘੋਲ ਨੂੰ ਲੈ ਕੇ ਸਰਕਾਰ ਅਤੇ ਮਾਨਸਾ ਪ੍ਰਸ਼ਾਸ਼ਨ ਨਾਲ ਕਈ ਵਾਰ ਮੀਟਿੰਗ ਹੋਣ ਦੇ ਬਾਵਜੂਦ ਕੋਈ ਸਾਰਥਕ ਹੱਲ ਨਹੀਂ ਨਿਕਲਿਆ ਇਸ ਲਈ ਆਮ ਆਦਮੀ ਪਾਰਟੀ ਦੇ ਉਮੀਦਵਾਰ ਦਾ ਵਿਰੋਧ ਕਰਨ ਲਈ ਗਿੱਦੜਬਾਹਾ ਵਿਖੇ ਸੈਂਕੜੇ ਕਿਸਾਨਾਂ ਸਮੇਤ ਸ਼ਮੂਲੀਅਤ ਕੀਤੀ ਜਾਵੇਗੀ ਅਤੇ 10 ਨਵੰਬਰ ਨੂੰ ਗਿੱਦੜਬਾਹਾ ਵਿਖੇ ਹਲਕੇ ਦੇ ਸਾਰੇ ਪਿੰਡਾਂ ਵਿੱਚ ਝੰਡਾ ਮਾਰਚ ਅਤੇ ਰੈਲੀ ਕੀਤੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਪ੍ਰੈਸ ਸਕੱਤਰ ਲਖਵੀਰ ਸਿੰਘ ਡੋਡ, ਜ਼ਿਲ੍ਹਾ ਖਜਾਨਚੀ ਜਤਿੰਦਰ ਸਿੰਘ ਰਿੰਕੂ ਕੜਮਾ ਜ਼ਿਲਾ ਕਮੇਟੀ ਮੈਂਬਰ ਸ਼ਮਸ਼ੇਰ ਸਿੰਘ ਸ਼ਿਹਜ਼ਾਦੀ, ਸੁਖਬੀਰ ਸਿੰਘ ਚੰਦੜ ਮੀਤ ਪ੍ਰਧਾਨ ਹਰਭਜਨ ਸਿੰਘ ਚੰਦੜ ਸੇਵਾ ਸਾਰੀ ਸਿੰਘ ਆਸੀ ਕੇ, ਬੂਟਾ ਸਿੰਘ ਮਿਰਜੇ ਕੇ, ਜਸਪਾਲ ਸਿੰਘ ਰਾਮੇਵਾਲਾ, ਗੁਰਚਰਨ ਸਿੰਘ ਨਾਜੂ ਸ਼ਾਹ ਵਾਲਾ ਬਲਾਕ ਜਨਰਲ ਸਕੱਤਰ ਜੀਰਾ ਬਲਕਾਰ ਸਿੰਘ ਬਲਾਕ ਪ੍ਰਧਾਨ ਮਮਦੋਟ ਜਸਪਾਲ ਸਿੰਘ ਇਕਾਈ ਜਨਰਲ ਸਕੱਤਰ ਕੜਮਾ ਸਤਨਾਮ ਸਿੰਘ, ਹਰਭਜਨ ਸਿੰਘ, ਮੁਨਸ਼ਾ ਸਿੰਘ ਬਲਾਕ ਪ੍ਰਧਾਨ ਮਖੂ ਮਨੋਹਰ ਸਿੰਘ ਬਲਜੀਤ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸ: ਜ਼ਸਵਿੰਦਰ ਸਿੰਘ ਧੰਜਲ ਕਾਲਾ ਬਰਮਿੰਘਮ ਯੂ.ਕੇ ਦੇ ਛੋਟੇ ਸਪੁੱਤਰ ਸਿਮਰਨ ਪਾਲ ਸਿੰਘ ਧੰਜਲ ਦਾ

# ਵਿਆਹ ਕਾਰਜ ਗੁਰਮਰਿਆਦਾ ਨਾਲ ਹੋਇਆ ਸੰਪਨ



**ਫ਼ਿਰੋਜ਼ਪੁਰ, 28 ਅਕਤੂਬਰ (ਮਨੋਹਰ ਲਾਲ) :—** ਸ: ਜ਼ਸਵਿੰਦਰ ਸਿੰਘ ਧੰਜਲ ਕਾਲਾ ਬਰਮਿੰਘਮ ਯੂ.ਕੇ ਦੇ ਛੋਟੇ ਸਪੁੱਤਰ ਸਿਮਰਨ ਪਾਲ ਸਿੰਘ ਧੰਜਲ ਦਾ ਵਿਆਹ ਕਾਰਜ ਨਿਕੀਤਾ ਸਪੁੱਤਰੀ ਵਿਨੋਦ ਕੁਮਾਰ ਅਜੀਤ ਨਗਰ ਜਲੰਧਰ ਨਾਲ ਨਿਰਮਲ ਕੁਟੀਆ ਪਿੰਡ ਸੀਚੇਵਾਲ ਵਿਖੇ ਗੁਰਮਰਿਯਾਦਾ ਨਾਲ ਹੋਇਆ। ਇਸ ਮੌਕੇ ਤੇ ਵੱਡੀ ਗਿਣਤੀ ਵਿਚ ਸੰਤਾਂ, ਮਹਾਂਪੁਰਸ਼ਾਂ ਨੇ ਸੁਭਾਗੀ ਜ਼ੋੜੀ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਤੇ ਦੇਸ਼—ਵਿਦੇਸ਼ ਤੋਂ ਰਿਸ਼ਤੇਦਾਰ, ਮਿੱਤਰ, ਸਾਕ ਸਬੰਧੀ ਪਹੁੰਚ ਕੇ ਸਿਮਰਨ ਪਾਲ ਸਿੰਘ ਅਤੇ ਨਿਕੀਤਾ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਤੇ ਸੰਤ ਬਾਬਾ ਬਲਵੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ, ਸੰਤ ਬਾਬਾ ਸੁਖਜੀਤ ਸਿੰਘ, ਜਥੇਦਾਰ ਬਾਬਾ ਬਲਬੀਰ ਸਿੰਘ ਨਿਹੰਗ ਸਿੰਘ ਮੁਖੀ ਬਾਬਾ ਬੁਢਾ ਦਲ 96ਕਰੋੜੀ, ਸੰਤ ਬਾਬਾ ਜਗਜੀਤ ਸਿੰਘ ਲੋਪੋਕੇ, ਸੰਤ ਬਾਬਾ ਨਾਹਰ ਸਿੰਘ ਸਨੇਰਾਂ ਵਾਲੇ ਦੇ ਸਪੁੱਤਰ ਸੰਤ ਬਾਬਾ ਕਪੂਰ ਸਿੰਘ, ਬਾਬਾ ਲੱਖਾ ਸਿੰਘ ਨਾਨਕਸਾਰ ਵਾਲੇ, ਸੰਤ ਬਾਬਾ ਜਗਤਾਰ ਸਿੰਘ ਕਾਰ ਸੇਵਾ ਤਰਨਤਾਰਨ ਵਾਲੇ, ਸੰਤ ਬਾਬਾ ਪਰਮਜੀਤ ਸਿੰਘ ਹੰਸਾਲੀ ਵਾਲੇ, ਸੰਤ ਬਾਬਾ ਧੰਨਾ ਸਿੰਘ ਬੜੂਦੀ ਵਾਲੇ, ਸੰਤ ਬਾਬਾ ਅਮਰੀਕ ਸਿੰਘ ਖਬਰੈਣ ਵਾਲੇ, ਗਿਆਨੀ ਛਰਨਜੀਤ ਸਿੰਘ ਏਅਰਪੋਰਟ ਵਾਲੇ, ਬਾਬਾ ਹਰਜੀਤ ਸਿੰਘ ਮਹਿਤਾ ਚੌਂਕ ਵਾਲੇ ਨੇ ਆਨੰਦ ਕਾਰਜ ਦੀ ਸੇਵਾ ਨਿਭਾਈ। ਇਸ ਮੌਕੇ ਬਾਬਾ ਬੁੱਗਾ ਸਿੰਘ ਨਾਨਕਸਰ ਵਾਲੇ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੰਤਾਂ, ਮਹਾਂਪੁਰਸ਼ਾਂ ਨੇ ਸਿਮਰਨਪਾਲ ਸਿੰਘ ਅਤੇ ਨਿਕੀਤਾ ਸੁਭਾਗੀ ਜ਼ੋੜੀ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਬਲਵੀਰ ਸਿੰਘ ਸੀਚੇਵਾਲ ਨੇ ਬੋਲਦਿਆਂ ਕਿਹਾ ਕਿ ਭਾਈ ਜ਼ਸਵਿੰਦਰ ਸਿੰਘ ਕਾਲਾ ਧੰਜਲ ਜ਼ੋ ਕਿ ਗੁਰਸਿੱਖ ਪਰਿਵਾਰ ਹਨ ਅਤੇ ਇਨ੍ਹਾਂ ਦੇ ਬੱਚੇ ਵੀ ਗੁਰਸਿੱਖ ਹਨ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਬਲਵੀਰ ਸਿੰਘ ਸੀਚੇਵਾਲ ਨੇ ਸੁਭਾਗੀ ਜ਼ੋੜੀ ਨੂੰ ਅਸ਼ੀਰਵਾਦ ਦਿੱਤਾ ਅਤੇ ਕਿਹਾ ਕਿ ਭਾਈ ਜ਼ਸਵਿੰਦਰ ਸਿੰਘ ਕਾਲਾ ਧੰਜਲ ਜ਼ੋ ਕਿ ਵਿਦੇਸ਼ ਦੀ ਧਰਤੀ ਬਰਮਿੰਘਮ ਯੂ.ਕੇ ਵਿਖੇ ਵੱਡੇ—ਵੱਡੇ ਸਮਾਗਮ ਕਰਵਾਉਂਦੇ ਹਨ, ਜਿਵੇਂ ਕਿ ਬ੍ਰਹਮ ਗਿਆਨੀ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਹਰ ਸਾਲ ਅਗਸਤ ਮਹੀਨੇ ਵਿਚ ਮਨਾਉਂਦੇ ਹਨ, ਜਿਥੇ ਦੇਸ਼—ਵਿਦੇਸ਼ ਦੀਆਂ ਸੰਗਤਾਂ, ਮਹਾਂਪੁਰਸ਼ ਆ ਕੇ ਮਨਾਉਂਦੇ ਹਨ, ਇਸ ਤਰ੍ਹਾਂ ਸ੍ਰੀਮਾਨ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ ਬਰਸੀ ਜ਼ੋ ਕਿ ਨਵੰਬਰ ਮਹੀਨੇ ਵਿਚ ਹਰ ਸਾਲ ਮਨਾਉਂਦੇ ਹਨ। ਬਾਬਾ ਜੀ ਨੇ ਅੱਗੇ ਕਿਹਾ ਕਿ ਭਾਈ ਜ਼ਸਵਿੰਦਰ ਸਿੰਘ ਕਾਲਾ ਧੰਜਲ ਤੇ ਵਾਹਿਗੁਰੂ ਜੀ ਦੀ ਮੇਹਰ ਹੈ ਅਤੇ ਪਰਿਵਾਰ ਕੀਰਤੀ ਹੈ ਅਤੇ ਵਾਹਿਗੁਰੂ ਜੀ ਨੂੰ ਮੰਨਣ ਵਾਲਾ ਹੈ। ਇਸ ਮੌਕੇ ਤੇ ਦੇਸ਼—ਵਿਦੇਸ਼ ਤੋਂ ਭਾਰੀ ਗਿਣਤੀ ਵਿਚ ਰਿਸ਼ਤੇਦਾਰ, ਦੋਸਤ, ਸਾਕ ਸਬੰਧੀ ਪਹੁੰਚੇ।

**ਭਾਰੀ ਗਿਣਤੀ ਵਿਚ ਸੰਤਾਂ, ਮਹਾਂਪੁਰਸ਼ਾਂ ਨੇ ਨਿਰਮਲ ਕੁਟੀਆ ਸੀਚੇਵਾਲ ਪਹੁੰਚ ਕੇ ਸਿਮਰਨ ਪਾਲ ਸਿੰਘ ਧੰਜਲ ਅਤੇ ਨਿਕੀਤਾ ਨੂੰ ਦਿੱਤਾ ਅਸ਼ੀਰਵਾਦ**

ਆਵਾਜ਼ਿ ਕੌਮ AWAZE QAUM International Newspaper & WEB TV

# ਹੁਨਰ ਤੇ ਤਕਨਾਲੋਜੀ ਦਾ ਅਨੋਖਾ ਸੁਮੇਲ ਰਿਹਾ ਬ੍ਰਿਲੀਕੋ ਫਿਲਮ ਫੈਸਟਾ ਐਵਾਰਡਜ਼ ਸ਼ੋਅ - ਗੁਰਪ੍ਰੀਤ ਸਿੰਘ ਫਤਿਹ



**ਚੌਂਕ ਮਹਿਤਾ, 28 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਇਸ ਖ਼ਿੱਤੇ ਦੇ ਸਭਿਆਚਾਰ, ਅਮੀਰ ਵਿਰਸੇ ਦੀ ਸੰਭਾਲ ਅਤੇ ਨਰੋਈਆਂ ਕਦਰਾਂ ਕੀਮਤਾਂ ਨੂੰ ਉਤਸ਼ਾਹਿਤ ਕਰਨ ਵਾਲੀਆਂ ਕਲਾਵਾਂ ਦੇ ਸੰਚਾਰ ਨੂੰ ਮੁੱਖ ਰੱਖਦਿਆਂ ਬਿਰਲੀਕੋ ਇੰਸੀਟਿਊਟ ਮਲਟੀਮੀਡੀਆ ਵੱਲੋਂ ਫਿਲਮ ਫੈਸਟਾ ਐਵਾਰਡਜ਼ 2024 ਨਹਿਰੂ ਸਿਧਾਂਤ ਕੇਂਦਰ ਵਿਖੇ ਵਿਸ਼ੇਸ਼ ਸਮਾਗਮ ਚੇਅਰਮੈਨ ਸਨੀਲ ਨੰਦਾ ਜੀ ਦੀ ਅਗਵਾਈ ਵਿਚ ਕੀਤਾ ਗਿਆ ਜਿਸ ਵਿਚ ਵੀ ਐਫ ਐਕਸ ,34, ਵੈਬ ਡੀਜਾਇਨ ਅਤੇ ਪੰਜਾਬੀ ਫ਼ਿਲਮ 'ਗੁਰਮਤਿ ਸਹੀ ਦਿਸ਼ਾ' ਦਿਖਾਈ ਗਈ ਅਤੇ ਬਾਅਦ ਵਿਚ ਉਸ 'ਤੇ ਵਿਚਾਰ ਚਰਚਾ ਕੀਤੀ ਗਈ। ਜੀਵਨ ਦੀਆਂ ਬਹੁਤ ਹੀ ਉੱਚੀਆਂ ਤੇ ਸੁੱਚੀਆਂ ਕਦਰਾਂ ਕੀਮਤਾਂ ਨੂੰ ਵੈਰਾਗਮਈ ਢੰਗ ਰਾਹੀਂ ਪੇਸ਼ ਕਰਦੀ ਫ਼ਿਲਮ ਵਿਖਾਏ ਜਾਣ ਤੋਂ ਪਹਿਲਾ ਦੇ ਨਾਮਵਰ ਪੇਸ਼ਕਾਰ ਗੁਰਪ੍ਰੀਤ ਸਿੰਘ ਫਤਿਹ ਨੇ ਦੱਸਿਆ ਕਿ ਗੁਰਮਤਿ ਸਹੀ ਦਿਸ਼ਾ ਫ਼ਿਲਮ ਜੋ ਅੱਜ ਦੇ ਲੋਕ ਗੁਰੂ ਨਾਲੋਂ ਟੁਟ ਕੇ ਮੜੀਆਂ ਮਸਾਣਾਂ ਤੇ ਜਾਂਦੇ ਨੇ ਉਹਨਾਂ ਲੋਕਾਂ ਨੂੰ ਗੁਰੂ ਨਾਲ ਜੋੜਣ ਦਾ ਯਤਨ ਕਰਦੀ ਹੈ ਅਤੇ ਆਪਣੇ ਵਿਰਸੇ, ਸਭਿਆਚਾਰ, ਉੱਚ ਪਾਏ ਦੀਆਂ ਪਰੰਪਰਾਵਾਂ ਅਤੇ ਮਨੁੱਖੀ ਕਦਰਾਂ ਕੀਮਤਾਂ ਤੋਂ ਦੂਰ ਹੋ ਰਹੀਆਂ ਧਿਰਾਂ ਨੂੰ ਝੰਜੋੜਨ ਅਤੇ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਣ ਦਾ ਯਤਨ ਕਰਦੀ ਹੈ। ਇਸ) ( ਮੌਕੇ ਉਚੇਚੇ ਤੌਰ 'ਤੇ ਮੌਜੂਦ ਦਿਲਜੀਤ ਸਿੰਘ ਭੋਲਾ MLA,ਹੈਪੀ ਲਾਲੀ, ਯੂਗੇਸ਼ ,ਮਦਨ ਲਾਲ ਜੀ , ਅਭੀਸੇ.ਕ, ਅਮੀਤ ਕਲਸੀ, ਵਿਜੇ , ਗੁਰਵਿੰਦਰ , ਸਾਹਿਲ , ਨਿਰਦੇਸ਼ਕ ਗੁਰਪ੍ਰੀਤ ਸਿੰਘ ਫਤਿਹ ਵੱਲੋਂ ਤਿਆਰ ਕੀਤੀ ਫ਼ਿਲਮ ਨੂੰ ਬਹੁਤ ਹੀ ਸਾਰਥਕ ਸੁਨੇਹਾ ਦੇਣ ਵਾਲੀ ਫ਼ਿਲਮ ਦੱਸਿਆ। ਇਸ ਮੌਕੇ ਸੁਨੀਲ ਨੰਦਾ ਚੇਅਰਮੈਨ ਬਿਰਲੀਕੋ ਇੰਸੀਟਿਊਟ ਮਲਟੀਮੀਡੀਆ, ਮੁਖਵਿੰਦਰ ,ਰਵੀਨਾ ਸਹਿਗਲ , ਅਲਕਾ ,ਕੋਮਲ , ਜਲੰਧਰ, ਚੰਡੀਗੜ, ਫਿਰੋਜ਼ਪੁਰ, ਦੇਹਰਾਦੂਨ, ਲੁਧਿਆਣਾ ਦੀਆ ਟੀਮਾਂ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਹਾਜ਼ਰ ਸਨ।

## ਨੌਜਵਾਨ ਸਭਾ ਵਲੋ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚੌਥਾ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ



**ਚੌਂਕ ਮਹਿਤਾ, 28 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਪ੍ਰਾਪਤ ਗੁਰਦੁਆਰਾ ਕੌਲਸਰ ਸਾਹਿਬ ਬਾਬਾ ਦਰਸ਼ਨ ਸਿੰਘ ਕਲੋਨੀ ਵਿਖੇ ਹਰ ਸਾਲ ਦੀ ਤਰ੍ਹਾਂ ਨੌਜਵਾਨ ਸਭਾ ਵੱਲੋਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਸ਼ਰਧਾ ਭਾਵਨਾ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ ਨੂੰ ਸਮਰਪਿਤ ਚੌਥਾ ਮਹਾਨ ਗੁਰਮਤ ਸਮਾਗਮ ਕਰਵਾਇਆ ਗਿਆ ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਦੀਵਾਨ ਹਾਲ ਵਿੱਚ ਵਿਸ਼ੇਸ਼ ਤੌਰ ਤੇ ਸੰਗਤਾਂ ਦੇ ਸਨਮੁਖ ਹੁੰਦਿਆਂ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ ਸੰਤ ਬਾਬਾ ਜੋਗਾ ਸਿੰਘ ਤਰਨਾ ਦਲ ਸੰਤ ਬਾਬਾ ਗੁਰਬਚਨ ਸਿੰਘ ਸੁਰ ਸਿੰਘ ਵਾਲੇ ਸੰਤ ਬਾਬਾ ਦਰਸ਼ਨ ਸਿੰਘ ਗੁਰਦੁਆਰਾ ਟਾਲਾ ਸਾਹਿਬ ਸੰਤ ਬਾਬਾ ਸੁੱਖਾ ਸਿੰਘ ਸਰਾਲੀ ਸਾਹਿਬ ਸੰਤ ਬਾਬਾ ਜਸਵੰਤ ਸਿੰਘ ਆਸਲ ਉਤਾੜ ਸੰਤ ਬਾਬਾ ਕੁਲਵੰਤ ਸਿੰਘ ਨਾਨਕਸਰ ਖੁਰਮਣੀਆ ਸੰਤ ਬਾਬਾ ਘੋਲਾ ਸਿੰਘ ਸਰਹਾਲੀ ਸਾਹਿਬ ਸੰਤ ਬਾਬਾ ਸ਼ਿਵ ਸਿੰਘ ਜੀ ਨਿੱਕੇ ਘੁੰਮਣਾ ਵਾਲੇ ਸੰਤ ਬਾਬਾ ਗੁਰਦੇਵ ਸਿੰਘ ਕਾਲੇ ਘਣਪੁਰ ਗਿਆਨੀ ਤੇਜ ਬੇਰ ਸਿੰਘ ਦਮਦਮੀ ਟਕਸਾਲ ਭਾਈ ਰਜਿੰਦਰ ਸਿੰਘ ਕਥਾ ਵਾਚਕ ਭਾਈ ਬਲਦੇਵ ਸਿੰਘ ਵਰਪਾਲ ਭਾਈ ਭਗਵੰਤ ਸਿੰਘ ਸੁਰਵਿੰਡ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਮਾਤਾ ਪਿਤਾ ਵੱਲੋਂ ਵਿਸ਼ੇਸ਼ ਤੌਰ ਤੇ ਹਾਜ਼ਰੀ ਲਗਾਈ ਗਈ। ਸਮੂਹ ਸੰਗਤਾਂ ਮਹਾਂਪੁਰਖਾਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਦਿਆਂ ਪਰਮਾਤਮਾ ਦੇ ਨਾਮ ਸਿਮਰਨ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ ਆਏ ਹੋਏ ਸੰਤ ਮਹਾਂਪੁਰਖ ਨੂੰ ਜੀ ਆਇਆ ਹੈਡ ਗ੍ਰੰਥੀ ਭਾਈ ਅੰਗਰੇਜ ਸਿੰਘ ਗੁਰਦੁਆਰਾ ਕੌਲਸਰ ਸਾਹਿਬ ਵੱਲੋਂ ਕੀਤਾ ਗਿਆ ਇਸ ਮੌਕੇ ਸਮੂਹ ਨੌਜਵਾਨ ਸਭਾ ਦੇ ਸੇਵਾਦਾਰਾਂ ਵੱਲੋਂ ਆਪਣੀ ਡਿਊਟੀ ਬਾਖੂਬੀ ਨਿਭਾਉਂਦਿਆਂ ਵੱਖ ਵੱਖ ਤਰਾਂ ਦੇ ਲੰਗਰ ਲਗਾਏ ਗਏ।

## ਰਾਜਾ ਵੜਿੰਗ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸੌਂਪਿਆ ਸਪੱਸ਼ਟੀਕਰਨ

**ਅੰਮ੍ਰਿਤਸਰ-** ਪੰਜਾਬ ਕਾਂਗਰਸ ਪ੍ਰਧਾਨ ਤੇ ਲੁਧਿਆਣਾ ਤੋਂ ਸੰਸਦ ਮੈਂਬਰ ਰਾਜਾ ਵੜਿੰਗ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਬਾਰੇ ਦਿੱਤੇ ਗਏ ਇਕ ਬਿਆਨ ਕਾਰਨ ਵਿਵਾਦਾਂ 'ਚ ਘਿਰੇ ਹੋਏ ਹਨ। ਦਰਅਸਲ ਬੀਤੇ ਦਿਨ ਇਕ ਨਿੱਜੀ ਚੈਨਲ ਨਾਲ ਨਾਲ ਗੱਲਬਾਤ ਕਰਦਿਆਂ ਰਾਜਾ ਵੜਿੰਗ ਨੇ ਕਿਹਾ ਸੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਉਹੀ ਬੋਲਦੇ ਹਨ, ਜੋ ਸੁਖਬੀਰ ਬਾਦਲ ਵੱਲੋਂ ਲਿਖਿਆ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਦੇ ਬਿਆਨ 'ਸਕ੍ਰਿਪਟਿਡ ਹੁੰਦੇ ਹਨ। ਇਸ ਬਿਆਨ ਦੇ ਮਗਰੋਂ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਰਾਜਾ ਵੜਿੰਗ ਨੂੰ ਮੁਆਫ਼ੀ ਮੰਗਣ ਲਈ ਕਿਹਾ ਸੀ ਤੇ ਕਿਹਾ ਕਿ ਜੇਕਰ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮੁਆਫ਼ੀ ਨਹੀਂ ਮੰਗਦੇ ਤਾਂ ਉਨ੍ਹਾਂ ਖ਼ਿਲਾਫ਼ ਸਿੱਖ ਮਰਿਆਦਾ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਜਿਸ ਤੋਂ ਬਾਅਦ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੋਂ ਮੁਆਫ਼ੀ ਮੰਗ ਲਈ ਅਤੇ ਅੱਜ ਰਾਜਾ ਵੜਿੰਗ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਇਤਰਾਜ਼ਯੋਗ ਟਿੱਪਣੀ ਕਰਨ ਦਾ ਲਿਖਤੀ ਸਪੱਸ਼ਟੀਕਰਨ ਸੌਂਪਿਆ ਹੈ। ਜਿਸ 'ਚ ਉਨ੍ਹਾਂ ਨੇ ਲਿਖਿਆ ਹੈ ਕਿ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਉਥੇ ਦੇ ਜਥੇਦਾਰ ਸਾਹਿਬ ਮੇਰੇ ਲਈ ਅਤਿ ਸਤਿਕਾਰਯੋਗ ਹਨ। ਸ੍ਰੀ ਅਕਾਲ ਤਖਤ ਸਾਹਿਬ ਦੇ ਸਾਰੇ ਨਿਯਮਾਂ ਨੂੰ ਮੈਂ ਇੱਕ ਨਿਮਾਣੇ ਸਿੱਖ ਵਜੋਂ ਹਮੇਸ਼ਾ ਮੰਨਦਾ ਆਇਆ ਹਾਂ ਤੇ ਸਮੁੱਚੇ ਜੀਵਨ ਮੰਨਦਾ ਰਹਾਂਗਾ। ਆਪ ਜੀ ਜਿਸ ਅਸਥਾਨ ਉੱਤੇ ਬਿਰਾਜਮਾਨ ਹੋ ਮੈਂ ਉਸ ਬਾਰੇ ਕਦੇ ਵੀ ਕੋਈ ਇਤਰਾਜ਼ਯੋਗ ਟਿੱਪਣੀ ਕਰਨ ਬਾਰੇ ਸੋਚ ਵੀ ਨਹੀਂ ਸਕਦਾ। ਮੈਂ ਸਿੱਖ ਮਰਿਆਦਾ ਵਿੱਚ ਰਹਿਣ ਵਾਲਾ ਸਿੱਖ ਹਾਂ ਤੇ ਮੇਰੇ ਵਲੋਂ ਪਿਛਲੇ ਦਿਨੀਂ ਕੀਤੀਆਂ ਗਈਆਂ ਟਿੱਪਣੀਆਂ ਕਿਸੇ ਹੋਰ ਸਿਆਸੀ ਪਾਰਟੀ ਸੰਬੰਧੀ ਸਨ।

### ਮਾਨ ਦਲ ਨੇ ਘੇਰੇ ਸ਼੍ਰੋਮਣੀ ਕਮੇਟੀ ਦੇ ਮੈਂਬਰ

# ਬਾਦਲ ਦਲ ਤੇ ਭਾਜਪਾ ਵਿਰੁੱਧ ਕੀਤੀ ਨਾਅਰੇਬਾਜ਼ੀ ਤੇ ਰੋਸ ਪ੍ਰਦਰਸ਼ਨ










**ਅੰਮ੍ਰਿਤਸਰ 28 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਸ਼੍ਰੋਮਣੀ ਕਮੇਟੀ ਪ੍ਰਧਾਨ ਦੀ ਚੋਣ ਦੌਰਾਨ ਮਾਨ ਦਲ ਦੇ ਆਗੂਆਂ ਨੇ ਸਰਦਾਰ ਇਮਾਨ ਸਿੰਘ ਮਾਨ ਦੀ ਅਗਵਾਈ ਵਿੱਚ ਸ੍ਰੀ ਦਰਬਾਰ ਸਾਹਿਬ ਸਰਾਂ ਦੇ ਬਾਹਰ ਜਬਰਦਸਤ ਨਾਅਰੇਬਾਜੀ ਅਤੇ ਰੋਸ ਪ੍ਰਦਰਸ਼ਨ ਕੀਤਾ ਤੇ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਨੂੰ ਘੇਰ ਕੇ ਜਵਾਬਤਲਬੀ ਕੀਤੀ। ਇਸ ਮੌਕੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਭਾਈ ਗੁਰਦੀਪ ਸਿੰਘ ਬਠਿੰਡਾ, ਭਾਈ ਮੋਹਕਮ ਸਿੰਘ, ਭਾਈ ਸਤਨਾਮ ਸਿੰਘ ਮਨਾਵਾਂ ਤੇ ਹੋਰਾਂ ਨੇ ਸ਼ਮੂਲੀਅਤ ਕੀਤੀ। ਅਕਾਲੀ ਦਲ ਬਾਦਲ ਦੇ ਉਮੀਦਵਾਰ ਹਰਜਿੰਦਰ ਸਿੰਘ ਧਾਮੀ ਮੁੜ ਪ੍ਰਧਾਨ ਬਣੇ ਤੇ ਅਕਾਲੀ ਦਲ ਸੁਧਾਰ ਲਹਿਰ ਦੇ ਉਮੀਦਵਾਰ ਬੀਬੀ ਜਗੀਰ ਕੌਰ ਹਾਰ ਗਏ। ਇਨ੍ਹਾ ਚੋਣਾਂ ਦਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਸੀਨੀਅਰ ਆਗੂ ਇਮਾਨ ਸਿੰਘ ਮਾਨ ਦੀ ਅਗਵਾਈ ਹੇਠ ਤਿੱਖਾ ਵਿਰੋਧ ਕੀਤਾ ਗਿਆ। ਜਿਸ ਬਾਰੇ ਗੱਲਬਾਤ ਕਰਦਿਆਂ ਇਮਾਨ ਸਿੰਘ ਮਾਨ ਨੇ ਕਿਹਾ ਕਿ ਜੋ ਅੱਜ ਪ੍ਰਧਾਨਗੀ ਦੀ ਚੋਣ ਹੋਈ ਹੈ ਇਹ ਕੇਂਦਰ ਅਤੇ ਪੰਜਾਬ ਸਰਕਾਰ ਨੇ ਸ਼੍ਰੋਮਣੀ ਕਮੇਟੀ ਦੀ ਚੋਣ ਕਰਵਾਉਣ ਦੀ ਥਾਂ ਬਾਦਲ ਦਲ ਅਤੇ ਬੀ.ਜੇ.ਪੀ. ਦੋ ਧਿਰਾਂ ਦੀ ਚੋਣ ਕਰਵਾ ਕੇ ਜਮਹੂਰੀਅਤ ਦੇ ਢੰਗ ਤਰੀਕੇ ਦਾ ਮਜਾਕ ਉਡਾਇਆ ਹੈ। ਪਹਿਲਾਂ ਕੇਂਦਰ ਨੇ ਪਟਨਾ ਸਾਹਿਬ, ਹਜੂਰ ਸਾਹਿਬ, ਹਰਿਆਣਾ ਕਮੇਟੀ, ਦਿੱਲੀ ਕਮੇਟੀ ਸਥਾਪਿਤ ਕਰਕੇ ਅਤੇ ਵੱਖ ਕਰਕੇ ਪੰਥਕ ਏਕਾ ਤੋੜਨ ਦੀ ਕੋਸ਼ਿਸ ਕੀਤੀ।ਇਸ ਭਾਰਤ ਦੇਸ਼ ਨੇ ਵਿਦੇਸ਼ਾਂ 'ਚ ਤੇ ਸਟੇਟਾਂ 'ਚ ਸਿੱਖਾ ਨੂੰ ਮਾਰਨਾ ਸ਼ੁਰੂ ਕਰ ਦਿੱਤਾ ਹੈ। ਪੰਜਾਬੀ ਮਾਂ ਬੋਲੀ ਤੇ ਲਿਪੀ ਗੁਰਮੁਖੀ ਤੋ ਸਿੱਖਾਂ ਨੂੰ ਦੂਰ ਕੀਤਾ ਜਾ ਰਿਹਾ ਹੈ। ਸਾਡੇ ਪੰਜਾਬ ਦੇ ਪਾਣੀ ਖੋਹੇ ਜਾ ਰਹੇ ਹਨ। ਸਾਡੀ ਸਿੱਖਾ ਦੀ ਆਰਥਿਕਤਾ ਨੂੰ ਵੱਡੀ ਠੇਸ ਬਾਰਡਰ ਨਾ ਖੋਲਣ ਕਰਕੇ ਲੱਗੀ ਤੇ ਬਾਰਡਰ ਬੰਦ ਹੋਣ ਕਰਕੇ ਅਸੀਂ ਆਪਣੇ ਗੁਰਧਾਮਾਂ ਤੋ ਵਿਛੜੇ ਹੋਏ ਹਾਂ। ਉਨ੍ਹਾ ਨੇ ਕਿਹਾ ਕਿ ਇਹ ਸਭ ਤੋ ਸਾਬਤ ਹੁੰਦਾ ਹੈ ਕਿ ਸਿੱਖਾ ਨੂੰ ਭਾਰਤ ਇੱਕ ਕਲੌਨੀ ਸਮਝਦਾ ਹੈ।ਜਿਸ ਵਿੱਚ ਸਾਡੇ ਧਰਮ ਅਤੇ ਜੁਬਾਨ ਨੂੰ ਤਬਦੀਲ ਕੀਤਾ ਜਾ ਰਿਹਾ ਹੈ, ਸਾਡੇ ਕੁਦਰਤੀ ਸੋਮਿਆਂ ਦੀ ਲੁੱਟ ਹੋ ਰਹੀ ਹੈ। ਉਨ੍ਹਾ ਕਿਹਾ ਕਿ ਅੱਜ ਭਾਰਤ ਵਿੱਚ ਸ਼੍ਰੋਮਣੀ ਕਮੇਟੀ ਦੀਆ ਚੋਣਾਂ ਨਾ ਹੋਣ ਕਰਕੇ ਸ਼੍ਰੋਮਣੀ ਕਮੇਟੀ ਪ੍ਰਧਾਨ, ਹੈੱਡ ਗ੍ਰੰਥੀ, ਜਥੇਦਾਰ ਲਿਫਾਫੇ ਵਿੱਚੋ ਨਿਕਲਦੇ ਹਨ। ਉਨ੍ਹਾ ਨੇ ਕਿਹਾ ਕਿ 328 ਪਾਵਨ ਸਰੂਪਾ ਦਾ ਇਨਸਾਫ ਹਾਲੇ ਤੱਕ ਸ਼੍ਰੋਮਣੀ ਕਮੇਟੀ ਕੋਲੋਂ ਨਹੀ ਦਿੱਤਾ ਗਿਆ। ਵਿਦੇਸ਼ਾ ਵਿੱਚ ਹੋ ਰਹੇ ਸਿੱਖ ਕਤਲੇਆਮ ਖਿਲਾਫ ਸ਼੍ਰੋਮਣੀ ਕਮੇਟੀ ਵੱਡੇ ਪੱਧਰ ਤੇ ਕੋਈ ਅਵਾਜ ਬੁਲੰਦ ਨਹੀ ਕਰ ਰਹੀ। ਜਿਸ ਲਈ ਅਸੀ ਇਸ ਪ੍ਰਧਾਨ ਦੀ ਨਕਲੀ ਚੋਣ ਦੀ ਨਿਖੇਧੀ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਕਰਵਾਉਣ ਲਈ ਪੰਥ ਨੂੰ ਇਕਜੁੱਟ ਹੋਣ ਦੀ ਅਪੀਲ ਕਰਦੇ ਹਾਂ। ਇਥੇ ਅੱਜ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸਿੱਖਾ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਬਾਦਲ ਦਲ ਸਿੱਖਾਂ ਦੀ ਕਾਤਲ ਜਮਾਤ ਹੈ। ਜੋ ਗੁਨਾਹ ਅਕਾਲੀ ਦਲ ਦੇ ਰਾਜ ਵੇਲੇ ਹੋਏ ਨੇ ਉਹ ਕਦੇ ਵੀ ਬਖਸ਼ੇ ਨਹੀ ਜਾ ਸਕਦੇ। ਇਸੇ ਪ੍ਰਦਰਸ਼ਨ ਦੌਰਾਨ ਲੰਘ ਰਹੇ ਸ਼੍ਰੋਮਣੀ ਕਮੇਟੀ ਦੇ ਮੈਂਬਰਾ ਨੂੰ ਅਸਤੀਫੇ ਦੇਣ ਲਈ ਪੁਕਾਰ ਵੀ ਕੀਤੀ ਗਈ।ਇਸ ਮੌਕੇ ਭਾਈ ਮੋਹਕਮ ਸਿੰਘ, ਭਾਈ ਸਤਨਾਮ ਸਿੰਘ ਮਨਾਵਾਂ, ਭਾਈ ਗੁਰਦੀਪ ਸਿੰਘ ਬਠਿੰਡਾ, ਭਾਈ ਬਲਵਿੰਦਰ ਸਿੰਘ ਕਾਲਾ, ਭਾਈ ਹਰਮਨਦੀਪ ਸਿੰਘ ਸੁਲਾਨਵਿੰਡ, ਭਾਈ ਅਮਰੀਕ ਸਿੰਘ ਨੰਗਲ, ਪਰਮਜੀਤ ਸਿੰਘ ਸੁੱਖ, ਭਾਈ ਰਵੀਸ਼ੇਰ ਸਿੰਘ, ਬੀਬੀ ਰਸ਼ਿਪੰਦਰ ਕੌਰ, ਬੀਬੀ ਕੁਲਵਿੰਦਰ ਕੌਰ ਤੁਗਲਵਾਲਾ ਤੇ ਹੋਰ ਹਾਜਰ ਸਨ।

> **☛ਸ਼੍ਰੋਮਣੀ ਕਮੇਟੀ 328 ਲਾਪਤਾ ਸਰੂਪਾਂ ਦਾ ਇਨਸਾਫ਼ ਦੇਵੇ - ਇਮਾਨ ਸਿੰਘ ਮਾਨ ☛ ਸ਼੍ਰੋਮਣੀ ਕਮੇਟੀ ਦੀ ਚੋਣ ਕਰਵਾਓ, ਸਿੱਖਾਂ ਦੀ ਜਮਹੂਰੀਅਤ ਬਹਾਲ ਕਰੋ, ਸ਼੍ਰੋਮਣੀ ਕਮੇਟੀ ਮੈਂਬਰ ਅਸਤੀਫੇ ਦੇਣ**

ਆਵਾਜ਼ਿ ਕੌਮ AWAZE QAUM International Newspaper & WEB TV

### ਸੀਨੀਅਰ ਸਿਟੀਜ਼ਨ ਫੋਰਮ ਵੱਲੋਂ

# ਦੀਵਾਲੀ ਤੋਂ ਪਹਿਲਾਂ ਦੀ ਮਾਸਿਕ ਇਕੱਤਰਤਾ ਬਾਗਬਾਨ ਵਿਖੇ

**ਫ਼ਿਰੋਜ਼ਪੁਰ, 28 ਅਕਤੂਬਰ (ਮਨੋਹਰ ਲਾਲ) :—** ਸੀਨੀਅਰ ਸਿਟੀਜ਼ਨ ਫੋਰਮ ਨੇ ਐਤਵਾਰ ਨੂੰ ਆਪਣੀ ਮਾਸਿਕ ਮੀਟਿੰਗ ਬਾਗ਼ਬਾਨ ਵਿਖੇ ਦੀਵਾਲੀ ਤੋਂ ਪਹਿਲਾਂ ਦੇ ਵਿਸ਼ੇਸ਼ ਜਸ਼ਨ ਦੇ ਸਬੰਧ ਵਿੱਚ ਕੀਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਪ੍ਰਧਾਨ ਪਰਦੀਪ ਧਵਨ ਵੱਲੋਂ ਕੀਤੀ ਗਈ, ਜਦੋਂ ਕਿ ਵੱਡੀ ਗਿਣਤੀ ਸੇਵਾਮੁਕਤ ਅਧਿਕਾਰੀਆਂ ਅਤੇ ਸੀਨੀਅਰ ਕਮਿਊਨਿਟੀ ਮੈਂਬਰਾਂ ਨੇ ਸ਼ਮੂਲੀਅਤ ਕੀਤੀ, ਜਿਨ੍ਹਾਂ ਨੇ ਜੀਵਨ ਦੇ ਤਜ਼ਰਬੇ ਸਾਂਝੇ ਕੀਤੇ। ਇਸ ਮੌਕੇ ਹਲਕੇ—ਫੁਲਕੇ ਪਲਾਂ ਦਾ ਆਦਾਨ—ਪ੍ਰਦਾਨ ਕੀਤਾ ਅਤੇ ਉਨ੍ਹਾਂ ਯਾਦਾਂ ਨੂੰ ਯਾਦ ਕੀਤਾ ਜੋ ਉਨ੍ਹਾਂ ਦੇ ਚਿਹਰਿਆਂ ਤੇ ਮੁਸਕਰਾਹਟ ਲਿਆਉਂਦੇ ਸਨ। ਲਾਈਟਾਂ ਦੇ ਤਿਉਹਾਰ ਦਾ ਸਵਾਗਤ ਕਰਨ ਲਈ ਮੈਂਬਰਾਂ ਦੀ ਤਿਆਰੀ ਨਾਲ ਮਾਹੌਲ ਦੋਸਤੀ ਨਾਲ ਭਰ ਗਿਆ। ਆਪਣੇ ਸੰਬੋਧਨ ਵਿੱਚ ਪ੍ਰਧਾਨ ਧਵਨ ਨੇ ਜੀਵਨ ਦੇ ਇਸ ਪੜਾਅ ਵਿੱਚ ਸੀਨੀਅਰ ਮੈਂਬਰਾਂ ਲਈ ਸਿਹਤ ਅਤੇ ਤੰਦਰੁਸਤੀ ਦੇ ਮਹੱਤਵ ਉੱਤੇ ਜ਼ੋਰ ਦਿੰਦੇ ਹੋਏ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਸ ਨੇ ਹਰੇਕ ਪਰਿਵਾਰ ਤੇ ਸਰਵ ਸ਼ਕਤੀਮਾਨ ਦੀਆਂ ਅਸੀਸਾਂ ਲਈ ਆਪਣੀਆਂ ਪ੍ਰਾਰਥਨਾਵਾਂ ਪ੍ਰਗਟ ਕੀਤੀਆਂ, ਉਮੀਦ ਕੀਤੀ ਕਿ ਮੌਸਮ ਸਾਰਿਆਂ ਲਈ ਖੁਸ਼ਹਾਲੀ ਅਤੇ ਖੁਸ਼ਹਾਲੀ ਲੈ ਕੇ ਆਵੇ। ਇਹ ਮਾਸਿਕ ਮੀਟਿੰਗਾਂ ਫੋਰਮ ਦੇ ਅੰਦਰ ਇੱਕ ਪਿਆਰੀ ਪਰੰਪਰਾ ਬਣ ਗਈਆਂ ਹਨ, ਜੋ ਸੇਵਾਮੁਕਤ ਪੇਸ਼ੇਵਰਾਂ ਨੂੰ ਅੰਤਰਰਾਸ਼ਟਰੀ ਅਤੇ ਰਾਸ਼ਟਰੀ ਮੁੱਦਿਆਂ ਤੋਂ ਲੈ ਕੇ ਰਾਜ ਅਤੇ ਸਥਾਨਕ ਮਾਮਲਿਆਂ ਤੱਕ, ਬਹੁਤ ਸਾਰੇ ਵਿਸ਼ਿਆਂ ਤੇ ਚਰਚਾ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਦੀਆਂ ਹਨ। ਇਕੱਤਰ ਮੈਂਬਰਾਂ ਨੂੰ ਅਰਥਪੂਰਨ ਸਬੰਧਾਂ ਨੂੰ ਵਧਾਉਣ ਅਤੇ ਜੀਵੰਤ ਵਿਚਾਰ—ਵਟਾਂਦਰੇ ਵਿੱਚ ਸ਼ਾਮਲ ਹੋਣ ਦੀ ਆਗਿਆ ਦਿੰਦੀਆਂ ਹਨ ਜੋ ਉਨ੍ਹਾਂ ਨੂੰ ਮੌਜੂਦਾ ਸਮਾਗਮਾਂ ਅਤੇ ਭਾਈਚਾਰਕ ਮਾਮਲਿਆਂ ਵਿੱਚ ਸਰਗਰਮੀ ਨਾਲ ਸ਼ਾਮਲ ਕਰਦੀਆਂ ਹਨ। ਇਸ ਮੌਕੇ ਤੇ ਪ੍ਰਧਾਨ ਪਰਦੀਪ ਧਵਨ, ਜਨਰਲ ਸਕੱਤਰ ਸਤੀਸ਼ ਪੁਰੀ, ਕੈਸ਼ੀਅਰ ਅਵਤਾਰ ਸਿੰਘ, ਚੇਅਰਮੈਨ ਐਸ.ਪੀ ਖੇੜਾ, ਪੈਟਰਨ ਸ਼ਾਮ ਲਾਲ ਕੱਕੜ, ਦੇਸ ਤੁਲੀ ਸੀਨੀਅਰ ਵਾਈਸ ਪ੍ਰਧਾਨ, ਵਿਨੋਦ ਗੋਇਲ, ਪਰਵੀਨ ਤਲਵਾੜ, ਵਾਈਸ ਪ੍ਰਧਾਨ ਰਮੇਸ਼ ਅਗਰਵਾਲ, ਤਿਲਕ ਰਾਜ ਏਰੀ, ਸ਼ਾਮ ਲਾਲ ਗੱਖੜ, ਅਡਵਾਈਜ਼ਰ ਹਰੀਸ਼ ਮੌਂਗਾ, ਪਰਜੈਕਟ ਚੇਅਰਮੈਨ ਪਰਵੀਨ ਧਵਨ, ਸੁਭਾਸ਼ ਚੌਧਰੀ, ਕੋਆਰਡੀਨੇਟਰ ਚੇਅਰਮੈਨ ਸੁਰਿੰਦਰ ਬੇਰੀ, ਸੁਰਿੰਦਰ ਬਿਲਾਸੀ, ਪ੍ਰੈਸ ਸੈਕਟਰੀ ਅਸ਼ੋਕ ਸ਼ਰਮਾ, ਮਦਨ ਲਾਲ ਤਿਵਾੜੀ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਅਹੁਦੇਦਾਰ, ਮੈਂਬਰ ਹਾਜ਼ਰ ਸਨ। ਇਸ ਮੌਕੇ ਤੇ ਸਮੂਹ ਅਹੁਦੇਦਾਰ ਅਤੇ ਮੈਂਬਰਾਂ ਨੂੰ ਮਿਠਾਈ ਅਤੇ ਗਿਫਟ ਦਿੱਤੇ ਗਏ। ਅਖੀਰ ਵਿਚ ਪਰਦੀਪ ਧਵਨ ਨੇ ਸਮੂਹ ਆਏ ਹੋਏ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਦੀਵਾਲੀ ਦੀ ਵਧਾਈ ਦਿੱਤੀ ਅਤੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਇਹ ਤਿਉਹਾਰ ਸਭ ਲਈ ਖੁਸ਼ੀਆਂ ਲੈ ਕੇ ਆਵੇ। ਇਸ ਮੌਕੇ ਤੇ ਚਾਹ, ਸਮੋਸੇ ਅਤੇ ਮਿਠਾਈਆਂ ਦਾ ਲੰਗਰ ਲਾਇਆ ਗਿਆ।







# ਜੈਨੇਸਿਸ ਡੈਂਟਲ ਕਾਲਜ ਵੱਲੋਂ ਅੰਮ੍ਰਿਤਸਰ ਵਿੱਚ ਦੰਦਾਂ ਦਾ ਚੈਕਅਪ ਕੈਂਪ ਲਗਾਇਆ




**ਫ਼ਿਰੋਜ਼ਪੁਰ, 28 ਅਕਤੂਬਰ (ਮਨੋਹਰ ਲਾਲ) :—** ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਅੰਮ੍ਰਿਤਸਰ ਦੇ ਸਰਕਾਰੀ ਹਾਈ ਸਕੂਲ ਵਿੱਚ ਦੰਦਾਂ ਦਾ ਮੁਫ਼ਤ ਚੈੱਕਅਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਡਾ: ਸੁਕੀਰਤ ਕੌਰ, ਡਾ: ਸਿਰਜਨਦੀਪ ਸਿੰਘ ਅਤੇ ਡਾ: ਰਿਸ਼ਭ ਮਹਿਰਾ ਨੇ ਮਰੀਜ਼ਾਂ ਦਾ ਚੈਕਅੱਪ ਕੀਤਾ ਅਤੇ ਉਨ੍ਹਾਂ ਨੂੰ ਦੰਦਾਂ ਦੀ ਸਹੀ ਦੇਖਭਾਲ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਇਸ ਮੌਕੇ ਡਾਕਟਰਾਂ ਨੇ ਬੱਚਿਆਂ ਨੂੰ ਦੰਦਾਂ ਦੀ ਸਫਾਈ, ਸਹੀ ਬੁਰਸ਼ ਕਰਨ ਦੀਆਂ ਤਕਨੀਕਾਂ ਅਤੇ ਸਿਹਤਮੰਦ ਖਾਣ—ਪੀਣ ਦੀਆਂ ਆਦਤਾਂ ਬਾਰੇ ਸਿਖਾਇਆ। ਸਕੂਲ ਪ੍ਰਿੰਸੀਪਲ ਨੇ ਇਸ ਕੈਂਪ ਦੇ ਆਯੋਜਨ ਲਈ ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਅਤੇ ਇਸ ਨੂੰ ਮਹੱਤਵਪੂਰਨ ਸੇਵਾ ਕਰਾਰ ਦਿੱਤਾ। ਇਸ ਤਰ੍ਹਾਂ ਇਸ ਪ੍ਰੋਗਰਾਮ ਨੇ ਨਾ ਸਿਰਫ਼ ਬੱਚਿਆਂ ਦੇ ਦੰਦਾਂ ਦੀ ਦੇਖਭਾਲ ਨੂੰ ਉਤਸ਼ਾਹਿਤ ਕੀਤਾ ਸਗੋਂ ਸਿਹਤ ਸਬੰਧੀ ਜਾਗਰੂਕਤਾ ਨੂੰ ਵੀ ਉਤਸ਼ਾਹਿਤ ਕੀਤਾ। ਅੰਤ ਵਿੱਚ ਕਾਲਜ ਦੀ ਤਰਫੋਂ ਪੀ.ਆਰ.ਓ ਰਣਜੀਤ ਸਿੰਘ ਅਤੇ ਮਨਜੀਤ ਧਾਲੀਵਾਲ ਨੇ ਕੈਂਪ ਵਿੱਚ ਆਏ ਸਾਰਿਆਂ ਨੂੰ ਮੁਫ਼ਤ ਬੁਰਸ਼, ਟੁੱਥਪੇਸਟ ਅਤੇ ਦਵਾਈਆਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਖੁਦ ਸੁਧਰਣ ਦੀ ਲੋੜ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 28 ਅਕਤੂਬਰ (ਮਨੋਹਰ ਲਾਲ) :— ਅੱਜ ਲੋੜ ਹੈ ਇਸ ਡੁੱਬਦੇ ਪੰਜਾਬ, ਭਾਰਤ ਦੁਨਿਆਂ ਦੇ ਸਾਰੇ ਦੇਸ਼ਾਂ ਵਿਚੋ ਜ਼ੋ ਹੋੜ ਲੱਗੀ ਹੋਈ ਹੈ, ਉਹ ਹੈ ਈਗੋ, ਵਿਸ਼ਵ ਸ਼ਤੀ, ਦੁਕਾਨਦਾਰੀ ਅਜਿਹੇ ਮਾਰੂ ਹਥਿਆਰ ਜ਼ੋ ਦੁਨਿਆ ਨੂੰ ਸੂਸਰੀ ਤਰ੍ਹਾਂ ਹਵਾਚਲ ਖੁਰਾਕ ਵਾਤਾਵਰਣ ਜਿਹੜਾ ਧਰਤੀ ਅਕਾਸ਼ ਪਾਤਾਲ ਤੇ ਜੀਵ ਜੰਤੂ ਪ੍ਰਾਣੀਆਂ ਹੀ ਨਹੀਂ ਬਲਕਿ ਹਰ ਕੁਦਰਤ ਦੀ ਚੀਜ ਚਾਹੇ ਜਾਨਯਾ ਬੇਜਾਨ, ਉਸ ਨੂੰ ਜ਼ਰੂਰੀ ਹੈ, ਉਸ ਦੇ ਵਧਣ ਫੁਲਣ ਤੇ ਅੰਸ ਨੂੰ ਵਧਾਉਣ ਫਲਾਉਣ ਲਈ ਉਸ ਦਾ ਇਨ੍ਹਾਂ ਕੁਦਰਤੀ, ਗੈਰ ਕੁਦਰਤੀ ਤੇ ਆਮ ਹਾਲਾਤਾਂ ਵਿਚ ਮਿਲਾਵਟਰ, ਪ੍ਰਦੂਸ਼ਨ ਜਾਤੀ ਹਿੱਤਾਂ ਸਦਕਾ ਜਿਸ ਦਾ ਹੱਲ ਇਕੋ ਇਕ ਚੰਗੇ ਇਨਸਾਫ ਹੋਣਾ ਜਾ ਰਹੀ ਹੈ, ਉਥੇ ਜਿਥੇ ਇਹ ਪੈਦਾ ਹੋਣੇ ਹਨ, ਘਰ, ਸਕੂਲ, ਸਮਾਜ, ਦੇਸ਼ ਦੁਨਿਆਂ ਜ਼ੋ ਵਿਸ਼ਵ ਸ਼ਕਤੀ, ਵਿਸ਼ਵ ਮੰਡੀ ਵਿਸ਼ਵ ਪ੍ਰਸਿੱਧੀ ਦੀ ਹੋੜ ਵਿਚ ਅੱਜ ਘਰ, ਸਮਾਜ ਦੇਸ਼ ਦੁਨਿਆਂ ਬਲਦੀ ਭੱਠੀ ਬਣ ਪੱਤਾ ਨਹੀਂ ਕਦੋ ਜਾਲ ਜਾਰਡ ਜਾਵੇ ਬਚਾਉਣਾ ਦੇਗੇ ਇਨਸਾਨਾਂ ਦਾ ਮਹਾਂਪਰਸਾਦੀ ਹੋਰ ਜ਼ੋਆਲੋਪ ਹੋ ਕੇ ਰਹਿ ਗਈ ਹੈ, ਸੋਚ ਸਮਝ ਆਉਹਲ ਹੈ, ਆਵਲੇ ਦਾ ਖਾਧਾ, ਸਿਆਣੇ ਦਾ ਕਿਹਾ, ਅਸਰ ਜ਼ਰੂਰ ਕਰਦਾ ਹੈ, ਚਾਹੇ ਦੇਰ ਨਾਲ ਹੋਵੇ ਇਸੇ ਤਰ੍ਹਾਂ ਨੇਕੀ ਦੀ ਬਦੀ ਤੇ ਜਿੱਤ, ਪ੍ਰਭੂ ਘਰ ਦੇਰ ਹੈ ਹੰਥਾਰ ਨਹੀਂ ਦੀਵਾਲੀ, ਦੁਸਹਿਰਾ, ਬੰਦੀ ਛੋੜ ਦਾ ਪ੍ਰਤੀਕ ਜ਼ੋ ਰੋਜ਼ਾਨਾ ਕਿਸੇ ਨਾ ਕਿਸੇ ਸਕੂਲ ਵਿਚ ਮਨਾਇਆ ਹੀ ਨਹੀਂ ਬਲਕਿ ਅਮਲੀ ਜਾਮਾ ਪਹਿਨਾਉਣ ਦਾ ਟੀਚਰਾਂ ਬੱਚਿਆਂ, ਮਾਪਿਆਂ ਵੱਲੋਂ ਇਨ੍ਹਾਂ ਨੈਸ਼ਨਲ ਇੰਟਰਨੈਸ਼ਨਲ ਲੋਕਲ ਸ਼ਹੀਦੀ ਦਿਨ ਮਹਾਂਪੁਰਸ਼ਾਂ ਹਰ ਧਰਮ ਦੇ ਮਨਾ ਕੇ ਸਾਂਝੀਵਾਲਤਾ ਦੇਸ਼ ਦੀ ਏਕਤਾ, ਅਖੰਡਤਾ, ਭਾਈਚਾਰੇ ਦਾ ਸੰਦੇਸ਼ ਖੁਦ ਸੁਧਰੋ ਪਰਿਵਾਰ, ਸਮਾਜ, ਦੇਸ਼ ਦੁਨਿਆਂ ਜ਼ੋ ਅੱਗ ਦੇ ਭਾਂਬੜ ਵਿਚ ਫਨਾਹ ਹੋਣ ਦੇ ਕੰਗਾਰ ਤੇ ਖੜੀ ਹੈ, ਉਸਦੇ ਲਈ ਡੁੱਬਦੇ ਨੂੰ ਤਿਨਕੇ ਦਾ ਸਹਾਰਾ ਡੁਬਦੇ ਲਈ ਹੁੰਦਾ ਹੈ, ਉਸੇ ਤਰ੍ਹਾਂ ਅੱਜ ਇਸ ਦੁਨੀਆਂ ਦਾ ਫਨਾਹ ਹੋਣ ਤੋਂ ਬਚਾਉਣਾ ਸਾਡੇ ਮਹਾਂਪੁਰਸ਼ਾਂ, ਗੁਰੂਆਂ, ਪੀਰਾਂ, ਪੈਗੰਬਰਾਂ, ਸ਼ਹੀਦਾਂ ਆਦਿ ਦੇ ਦਿਨ ਜ਼ੋ ਨੇਕੀ ਦਾ ਬਦੀ ਤੇ ਜਿੱਤ ਨੂੰ ਬੜਾਵਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਕਰਵਾਇਆ ਵਾਲੀਬਾਲ ਮੈਚ

ਫ਼ਿਰੋਜ਼ਪੁਰ, 28 ਅਕਤੂਬਰ (ਮਨੋਹਰ ਲਾਲ) :— ਟੀ.ਬੀਐਸ ਇੰਟਰਨੈਸ਼ਨਲ ਸਕੂਲ ਜਿਸ ਦੇ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮਹਾਂ ਸ਼ਿਵਮ ਸ਼ਰਮਾ ਅਤੇ ਮੇਰੀ ਨਿਰਦੇਸ਼ਕ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚਲਾਇਆ ਜਾ ਰਿਹਾ ਹੈ। ਸਕੂਲ ਵਿੱਚ 23.10.24 ਨੂੰ ਲੜਕਿਆਂ ਦਾ ਅੰਤਰ ਹਾਊਸ ਵਾਲੀਬਾਲ ਮੈਚ ਕਰਵਾਇਆ ਗਿਆ, ਇਸ ਸਬੰਧੀ ਪਿਛਲੇ ਕਈ ਦਿਨਾਂ ਤੋਂ ਤਿਆਰੀਆਂ ਚੱਲ ਰਹੀਆਂ ਸਨ। ਸੈਮੀਫਾਈਨਲ ਵਿੱਚ ਗੈਲੀਲੀਓ ਅਤੇ ਆਈਨਸਟਾਈਨ ਦੀ ਟੀਮ ਨੂੰ ਹਰਾ ਕੇ ਫਾਈਨਲ ਵਿੱਚ ਪਹੁੰਚੀ ਆਰਕੀਮੀਡੀਜ਼ ਅਤੇ ਨਿਊਟਨ ਹਾਊਸ ਦੀ ਟੀਮ ਹਾਰ ਗਈ। ਦੋਵੇਂ ਟੀਮਾਂ ਵਿਚਕਾਰ ਬਹੁਤ ਹੀ ਫਸਵੇਂ ਖੇਡ ਮੁਕਾਬਲੇ ਹੋਏ, ਟੀਮ ਆਰਕੀਮੇਡੀਜ਼ ਇਸ ਕਾਰਜ ਲਈ ਵੱਡੇ ਅੰਕਾਂ ਨਾਲ ਉਮੀਦਵਾਰ ਬਣੀ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਖੇਡ ਟੀਮ ਦੇ ਖਿਡਾਰੀਆਂ ਨੂੰ ਵਧਾਈ ਦਿੱਤੀ ਅਤੇ ਹੌਸਲਾ ਅਫਜਾਈ ਕੀਤੀ, ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਅਜਿਹੀਆਂ ਸਰੀਰਕ ਅਤੇ ਮਾਨਸਿਕ ਤੌਰ ਤੇ ਮਜ਼ਬੂਤ ਕਰਨ ਵਾਲੀਆਂ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਡੀ.ਪੀ ਗੁਰਦੇਵ ਸਿੰਘ ਅਤੇ ਮੋਨੂੰ ਗਿੱਲ ਨੂੰ ਇਸ ਜਿੱਤ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਸਭ ਉਨ੍ਹਾਂ ਦੀ ਮਿਹਨਤ ਅਤੇ ਮਾਰਗਦਰਸ਼ਨ ਨਾਲ ਸੰਭਵ ਹੋ ਸਕਿਆ ਹੈ। ਸਕੂਲ ਪ੍ਰਬੰਧਕਾਂ ਨੇ ਬੱਚਿਆਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਉਨ੍ਹਾਂ ਨੂੰ ਵਧਾਈ ਦਿੱਤੀ।



ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਬਾਣੀ ਦੇ ਟੀਕਾਕਾਰ ਪ੍ਰੋ: ਸਾਹਿਬ ਸਿੰਘ ਨੂੰ ਯਾਦ ਕਰਦਿਆਂ

**ਆਪਣੀ** ਧੁੰਨ ਦੇ ਪੱਕੇ ਨਿਸ਼ਠਾਵਾਨ ਅਤੇ ਆਪਣੇ ਕਾਰਜ ਨੂੰ ਸਮਰਪਿਤ ਵਿਦਵਾਨਾਂ ਦੀ ਗਿਣਤੀ ਬਹੁਤ ਥੋੜ੍ਹੀ ਹੈ । ਪ੍ਰੋ: ਸਾਹਿਬ ਸਿੰਘ ਅਜਿਹੀ ਸ਼ਖ਼ਸੀਅਤ ਦੇ ਮਾਲਕ ਸਨ, ਜਿਨ੍ਹਾਂ ਪਾਵਨ ਗੁਰਬਾਣੀ ਦੀ ਅਰਥਾਂ ਸਹਿਤ ਵਿਆਖਿਆ, ਟੀਕਾਕਾਰੀ ਅਤੇ ਗੁਰਬਾਣੀ ਵਿਆਕਰਣ ਤੇ ਨਿੱਠ ਕੇ ਸਖ਼ਤ ਘਾਲਣਾ ਘਾਲੀ । ਅੱਜ ਵੀ ਪ੍ਰੋ: ਸਾਹਿਬ ਸਿੰਘ ਹੋਰਾਂ ਨੂੰ ਉਨ੍ਹਾਂ ਨੂੰ ਪਿਆਰ ਕਰਨ ਵਾਲੇ ਬੜੀ ਸ਼ਰਧਾ ਤੇ ਸਤਿਕਾਰ ਨਾਲ ਯਾਦ ਕਰਦੇ ਹਨ । ਪ੍ਰੋ: ਸਾਹਿਬ ਸਿੰਘ ਦਾ ਜਨਮ ਫੱਤੇਵਾਲੀ ਜ਼ਿਲ੍ਹਾ ਸਿਆਲਕੋਟ (ਲਹਿੰਦੇ ਪੰਜਾਬ) ਵਿੱਚ ਪਿਤਾ ਭਾਈ ਹੀਰਾ ਚੰਦ ਅਤੇ ਮਾਤਾ

## 29 ਅਕਤੂਬਰ ਬਰਸੀ 'ਤੇ ਵਿਸ਼ੇਸ਼

ਨਿਹਾਲ ਦੇਵੀ ਦੇ ਘਰ 16 ਫ਼ਰਵਰੀ, 1892 ਈ: ਨੂੰ ਹੋਇਆ । ਭਾਈ ਹੀਰਾ ਚੰਦ ਨੂੰ ਰੋਜ਼ੀ-ਰੋਟੀ ਖਾਤਰ ਆਪਣਾ ਪਿੰਡ ਛੱਡ ਕੇ ਬਰਪਾਲ ਪਿੰਡ ਵਿੱਚ ਨਿਵਾਸ ਕਰਨਾ ਪਿਆ । ਇਸੇ ਪਿੰਡ ਦੇ ਨੇੜੇ ਕਸਬਾ ਫਤਹਿਗੜ੍ਹ ਤੋਂ ਪ੍ਰੋ: ਸਾਹਿਬ ਸਿੰਘ ਨੇ ਅੱਠਵੀਂ ਦਾ ਇਮਤਿਹਾਨ ਪਾਸ ਕੀਤਾ । ਦੱਸਵੀਂ ਪਾਸ ਕਰਨ ਲਈ ਪਸਰੂਰ ਦੇ ਹਾਈ ਸਕੂਲ ਵਿੱਚ ਦਾਖਲਾ ਪ੍ਰਾਪਤ ਕੀਤਾ । ਪ੍ਰੋ: ਸਾਹਿਬ ਸਿੰਘ ਦਾ ਨਾਂਅ ਅੰਮ੍ਰਿਤਪਾਨ ਕਰਨ ਤੋਂ ਪਹਿਲਾਂ ਨੱਥੂ ਰਾਮ ਸੀ । ਖੰਡੇ-ਬਾਟੇ ਦੀ ਪਾਹੁਲ ਪ੍ਰਾਪਤ ਕਰਨ ਤੋਂ ਬਾਅਦ ਹੀਰਾ ਚੰਦ ਦਾ ਇਹ ਸਪੁੱਤਰ ਹੁਣ ਸਾਹਿਬ ਸਿੰਘ ਬਣ ਗਿਆ । ਪ੍ਰੋ: ਸਾਹਿਬ ਸਿੰਘ ਨੇ ਨੌਵੀਂ ਸ਼੍ਰੇਣੀ ਤੋਂ ਸੰਸਕ੍ਰਿਤ ਪੜ੍ਹਨੀ ਸ਼ੁਰੂ ਕੀਤੀ । ਦੱਸਵੀਂ ਤੋਂ ਪਿੱਛੋਂ ਇਹ ਨੌਜਵਾਨ

ਆਵਾਜ਼ਿ ਕੌਮ AWAZE QAUM International Newspaper & WEB TV

ਅਗਾਂਹ ਨਹੀਂ ਪੜ੍ਹ ਸਕਿਆ ਕਿਉਂਕਿ ਪਿਤਾ ਜੀ ਦਾ ਸਾਇਆ 15 ਸਾਲ ਦੀ ਉਮਰ ਵਿੱਚ ਸਿਰ ਤੋਂ ਉੱਠ ਗਿਆ । ਪਿਤਾ ਜੀ ਦੇ ਅਕਾਲ ਚਲਾਣੇ ਤੋਂ ਪਿੱਛੋਂ ਘਰ ਵਿੱਚ ਆਰਥਿਕ ਤੰਗੀ ਵੱਧ ਗਈ । ਇਸ ਕਰਕੇ ਕੁਝ ਸਮੇਂ ਲਈ ਡਾਕਖਾਨੇ ਅਤੇ ਸਕੂਲ ਵਿੱਚ ਨੌਕਰੀ ਕਰਨੀ ਪਈ । ਪਰ ਪੜ੍ਹਾਈ ਵਿੱਚ ਪ੍ਰਬਲ ਰੁਚੀ ਹੋਣ ਕਰਕੇ ਨੌਕਰੀ ਛੱਡ ਕੇ ਫਿਰ ਪੜ੍ਹਨਾ ਸ਼ੁਰੂ ਕਰ ਦਿੱਤਾ । 1913 ਵਿੱਚ ਦਿਆਲ ਸਿੰਘ ਕਾਲਜ ਲਾਹੌਰ ਤੋਂ ਐੱਫ਼। ਏ। ਅਤੇ 1915 ਵਿੱਚ ਗੌਰਮਿੰਟ ਕਾਲਜ ਲਾਹੌਰ ਤੋਂ ਬੈਚੂਲਰ ਦੀ ਡਿਗਰੀ ਪ੍ਰਾਪਤ ਕੀਤੀ ।



ਆਪ ਦੀ ਪਹਿਲੀ ਨਿਯੁਕਤੀ ਖਾਲਸਾ ਹਾਈ ਸਕੂਲ ਫਾਰੂਕਾ ਵਿਖੇ ਬਤੌਰ ਅਧਿਆਪਕ ਵਜੋਂ ਹੋਈ । ਇਸ ਤੋਂ ਪਿੱਛੋਂ 1917 ਈ: ਵਿੱਚ ਗੁਰੂ ਨਾਨਕ ਕਾਲਜ ਗੁਜਰਾਂਵਾਲਾ ਵਿਖੇ ਲੈਕਚਰਾਰ ਨਿਯੁਕਤ ਹੋਏ । 1921 ਈ: ਵਿੱਚ ਨਵੀਂ ਬਣੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਖੇ ਸੁਪਰਡੈਂਟ ਅਤੇ ਮੀਤ ਸਕੱਤਰ ਵਜੋਂ ਵੀ ਸੇਵਾਵਾਂ ਨਿਭਾਈਆਂ । ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਖੇ ਕੁਝ ਸਾਲ ਸੇਵਾ ਨਿਭਾਉਣ ਤੋਂ ਬਾਅਦ 1929 ਈ: ਵਿੱਚ ਖਾਲਸਾ ਕਾਲਜ ਅੰਮ੍ਰਿਤਸਰ ਵਿਖੇ ਧਰਮ ਅਧਿਐਨ ਦੇ ਲੈਕਚਰਾਰ ਨਿਯੁਕਤ ਹੋਏ । ਖਾਲਸਾ ਕਾਲਜ ਅੰਮ੍ਰਿਤਸਰ ਵਿਖੇ ਲਗਾਤਾਰ 23-24 ਸਾਲ ਹਜ਼ਾਰਾਂ ਵਿੱਦਿਆਰਥੀਆਂ ਨੂੰ ਸਿੱਖ ਧਰਮ ਦਾ ਡੂੰਘਾ ਅਧਿਐਨ ਕਰਵਾਇਆ । ਜਦੋਂ 1952 ਵਿੱਚ ਦੇਸ਼ ਦੀ ਅਜ਼ਾਦੀ ਪਿੱਛੋਂ ਖਾਲਸਾ ਕਾਲਜ ਤੋਂ ਸੇਵਾ ਮੁਕਤ ਹੋਏ ਤਾਂ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਵਿਖੇ ਪ੍ਰਿੰਸੀਪਲ ਨਿਯੁਕਤ ਹੋਏ । ਗੁਰਦੁਆਰਾ ਸੁਧਾਰ ਲਹਿਰ ਦੌਰਾਨ ਗੁਰੂ ਕੇ ਬਾਗ ਅਤੇ ਜੈਤੋ ਦੇ ਮੋਰਚੇ ਦੌਰਾਨ ਗ੍ਰਿਫਤਾਰ ਹੋ ਕੇ ਜੇਲ੍ਹ ਯਾਤਰਾ ਵੀ ਕੀਤੀ । ਪ੍ਰੋ: ਸਾਹਿਬ ਸਿੰਘ ਹੋਰਾਂ ਉੱਘੇ ਸਿੱਖ ਚਿੰਤਕ ਤੇ ਪੰਜਾਬੀ ਦੇ ਉੱਘੇ ਵਾਰਤਾਕਾਰ ਪ੍ਰਿੰਸੀਪਲ ਜੋਧ ਸਿੰਘ ਦੇ ਪ੍ਰਭਾਵ ਨੂੰ ਕਬੂਲਦਿਆਂ ਗੁਰਬਾਣੀ ਦੀ ਵਿਆਖਿਆ ਕਰਨੀ ਸ਼ੁਰੂ ਕੀਤੀ । ਵਿਆਖਿਆ ਵਿੱਚ ਰੁਚੀ ਹੋਣ ਕਰਕੇ 1929 ਵਿੱਚ ਗੁਰਬਾਣੀ ਵਿਆਕਰਣ ਪੁਸਤਕ ਦੀ ਪ੍ਰਕਾਸ਼ਨਾ ਕਰਵਾਈ । ਇਸ ਪੁਸਤਕ ਨੂੰ ਸਿੱਖ ਵਿਦਵਾਨਾਂ, ਗੁਰਬਾਣੀ ਦੇ ਖੋਜੀਆਂ ਵੱਲੋਂ

-ਭਗਵਾਨ ਸਿੰਘ ਜੌਹਲ
bhagwansinghjohal@gmail.com



ਭਰਪੂਰ ਹੁੰਗਾਰਾ ਮਿਲਿਆ । ਵਿਆਕਰਣ ਦੀ ਰੌਸ਼ਨੀ ਵਿੱਚ ਵੱਖ-ਵੱਖ ਬਾਣੀਆਂ ਦੇ ਟੀਕੇ ਵੀ ਲਿਖੇ । ਇਸ ਤੋਂ ਪਿੱਛੋਂ ਇਨ੍ਹਾਂ ਸਾਰੇ ਟੀਕਿਆਂ ਨੂੰ ਲੈ ਕੇ ਸਮੁੱਚੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਟੀਕਾ ਸ੍ਰੀ ਗੁਰੂ ਸਾਹਿਬ ਦਰਪਨ ਦੱਸ ਭਾਗਾਂ ਵਿੱਚ ਲਿਖ ਕੇ 1962 ਤੋਂ 1964 ਈ: ਤੱਕ ਇਸ ਦੇ ਪ੍ਰਕਾਸ਼ਨ ਦਾ ਮਹਾਨ ਕਾਰਜ ਕੀਤਾ । ਪ੍ਰੋ: ਸਾਹਿਬ ਨੇ ਦੂਸਰਾ ਵੱਡਾ ਕਾਰਜ 14 ਪੁਸਤਕਾਂ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਗੁਰਬਾਣੀ ਸਬੰਧੀ ਖੋਜ ਭਰਪੂਰ ਲੇਖ ਸੰਗ੍ਰਿਹ ਵਜੋਂ ਛਾਪ ਕੇ ਪਾਠਕਾਂ ਦੀ ਝੋਲੀ ਪਾਈਆਂ ।

ਸਾਂਝੇ ਪੰਜਾਬ ਵਿੱਚ ਪੈਪਸੂ ਦੀ ਸਰਕਾਰ ਵੱਲੋਂ 1952 ਈ: ਵਿੱਚ ਇਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ । 1970 ਈ: ਵਿੱਚ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ ਪ੍ਰੋ: ਸਾਹਿਬ ਨੂੰ ਫੈਲੋਸ਼ਿਪ ਦੇ ਕੇ ਮਾਣ ਦਿੱਤਾ ਗਿਆ । ਉਨ੍ਹਾਂ ਦੀਆਂ ਕਈ ਪੁਸਤਕਾਂ ਨੂੰ ਵੀ ਸਨਮਾਨ ਪ੍ਰਾਪਤ ਹੋਏ । ਗੁਰਬਾਣੀ ਦੀ ਵਿਆਖਿਆਕਾਰੀ ਅਤੇ ਟੀਕਾਕਾਰੀ ਵਿੱਚ ਆਪਣੀ ਨਿਵੇਕਲੀ ਤੇ ਵੱਖਰੀ ਪਛਾਣ ਰੱਖਣ ਵਾਲਾ ਗੁਰਮਤਿ ਖੋਜੀ ਸਾਹਿਤਕਾਰ 29 ਅਕਤੂਬਰ 1977 ਨੂੰ ਇਸ ਸੰਸਾਰ ਨੂੰ ਹਮੇਸ਼ਾਂ ਲਈ ਅਲਵਿਦਾ ਆਖ ਗਿਆ। ••



ਭਾਈ ਅਵਤਾਰ ਸਿੰਘ ਦੁਰਗ ਦੇ ਸਪੁੱਤਰ ਗੁਰਪ੍ਰੀਤ ਸਿੰਘ ਨੂੰ ਸਿਰੋਪਾਓ ਦਿੰਦੇ ਹੋਏ ਜਥੇ. ਅਜੀਤ ਸਿੰਘ ਤਰਨਾ ਦਲ, ਭਾਈ ਗੁਰ ਕਿਰਪਾਲ ਸਿੰਘ, ਭਾਈ ਅਜੈਬ ਸਿੰਘ ਅਭਿਆਸੀ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਅਤੇ ਹੋਰ ਸ਼ਖ਼ਸੀਅਤਾਂ ਤੇ (ਹਾਸ਼ੀਏ 'ਚ) ਭਾਈ ਅਵਤਾਰ ਸਿੰਘ ਦੁਰਗ ਦੀ ਫਾਈਲ ਫੋਟੋ।

# ਦਮਦਮੀ ਟਕਸਾਲ ਵਿਖੇ ਕੌਮੀ ਸੰਘਰਸ਼ ਦੇ ਯੋਧੇ ਅਵਤਾਰ ਸਿੰਘ ਦੁਰਗ ਨਮਿਤ ਅੰਤਿਮ ਅਰਦਾਸ

ਆਵਾਜ਼ਿ ਕੌਮ ਬਿਊਰੋ

**ਚੌਕ ਮਹਿਤਾ, 28 ਅਕਤੂਬਰ -** ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਜਥਾ ਭਿੰਡਰਾਂ ਵਿਖੇ ਕੌਮੀ ਸੰਘਰਸ਼ ਦੇ ਮਹਾਨ ਯੋਧੇ ਭਾਈ ਅਵਤਾਰ ਸਿੰਘ ਦੁਰਗ ਨਮਿਤ ਅੰਤਿਮ ਅਰਦਾਸ ਹੋਈ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਬਾਅਦ ਭਾਈ ਕੁਲਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਦੇ ਕੀਰਤਨੀ ਜਥੇ ਨੇ ਕੀਰਤਨ ਕੀਤਾ। ਉਪਰੰਤ ਦਮਦਮੀ ਟਕਸਾਲ ਦੇ ਵਿਦਿਆਰਥੀ ਤੇ ਮੌਜੂਦਾ ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਸਿੰਘ ਸਾਹਿਬ ਗਿਆਨੀ ਪਰਵਿੰਦਰ ਪਾਲ ਸਿੰਘ ਬੁੱਟਰ ਅਤੇ ਬਾਬਾ ਗੁਰਦੇਵ ਸਿੰਘ ਤਰਸਿੱਕੇ ਵਾਲਿਆਂ ਨੇ ਗੁਰ ਸ਼ਬਦ ਦੀ ਕਥਾ ਤੇ ਭਾਈ ਅਵਤਾਰ ਸਿੰਘ ਦੁਰਗ ਦੇ ਪਿਛੋਕੜ ਬਾਰੇ ਦੱਸਿਆ। ਸਮਾਗਮ ਦੀ ਸਮਾਪਤੀ ਮੌਕੇ ਭਾਈ ਅਵਤਾਰ ਸਿੰਘ ਦੁਰਗ ਦੇ ਸਪੁੱਤਰ ਗੁਰਪ੍ਰੀਤ ਸਿੰਘ ਨੂੰ ਦਮਦਮੀ ਟਕਸਾਲ ਵਲੋਂ ਸਿਰੋਪਾਓ ਦੀ ਬਖਸ਼ਿਸ਼ ਕੀਤੀ ਗਈ। ਇਸ ਮੌਕੇ ਭਾਈ ਅਜਾਇਬ ਸਿੰਘ ਅਭਿਆਸੀ, ਬਾਬਾ ਅਜੀਤ ਸਿੰਘ ਤਰਨਾ ਦਲ ਮਹਿਤਾ, ਜਥੇਦਾਰ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਭਾਈ ਮਨਜੀਤ ਸਿੰਘ ਭੋਮਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਜਥੇ: ਬੋਹੜ ਸਿੰਘ, ਭਾਈ ਨਿਰਮਲ ਸਿੰਘ, ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਦੀ ਭੈਣ ਬੀਬੀ ਪਲਵਿੰਦਰ ਕੌਰ, ਬੀਬੀ ਰਜਿੰਦਰ ਕੌਰ, ਡਾ. ਅਵਤਾਰ ਸਿੰਘ ਬੁੱਟਰ ਅਤੇ ਪ੍ਰਿੰ: ਹਰਜ਼ਦੀਪ ਸਿੰਘ ਰੰਧਾਵਾ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਭਾਈ ਗੁਰ ਕਿਰਪਾਲ ਸਿੰਘ, ਭਾਈ ਗੁਰ ਸੇਵਕ ਸਿੰਘ, ਕਸ਼ਮੀਰ ਸਿੰਘ ਮਹਿਤਾ, ਇਕਬਾਲ ਸਿੰਘ ਸ਼ਾਹ, ਕੁਲਵੰਤ ਸਿੰਘ ਰੰਧਾਵਾ ਰਿਟਾਇਰਡ ਡੀ. ਐਸ. ਪੀ., ਹਰਭਜਨ ਸਿੰਘ ਟੇਲਰ, ਬਿਕਰਮਜੀਤ ਸਿੰਘ ਤਲਵੰਡੀ ਅਤੇ ਭਾਈ ਅਵਤਾਰ ਸਿੰਘ ਦੁਰਗ ਦੇ ਨਜ਼ਦੀਕੀ ਰਿਸ਼ਤੇਦਾਰ ਭਾਈ ਬਲਵਿੰਦਰ ਸਿੰਘ ਭਾਈ ਧਰਮਵੀਰ ਸਿੰਘ ਗਿੱਲ ਅਤੇ ਹੋਰ ਸੰਗਤਾਂ ਵੀ ਮੌਜੂਦ ਸਨ।

# ਐਸਡੀਐਮ ਸ੍ਰੀ ਅਰਸ਼ਦੀਪ ਸਿੰਘ ਨੇ ਸਰਕਾਰੀ ਸਕੂਲ ਦੇ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਵੱਲੋਂ ਦੀਵਾਲੀ ਦੀਆਂ ਵਸਤੂਆਂ ਦੇ ਸਟਾਲ ਦਾ ਕੀਤਾ ਉਦਘਾਟਨ

**ਪਠਾਨਕੋਟ, 28 ਅਕਤੂਬਰ ( ਆਵਾਜ਼ਿ ਕੌਮ ਬਿਊਰੋ)**-ਐਸਡੀਐਮ ਪਠਾਨਕੋਟ ਸ੍ਰੀ ਅਰਸ਼ਦੀਪ ਸਿੰਘ ਨੇ ਸੋਮਵਾਰ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀਮਤੀ ਕਮਲਦੀਪ ਕੌਰ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਡੀਜੀ ਸਿੰਘ ਦੀ ਅਗਵਾਈ ਹੇਠ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਵੱਲੋਂ ਲਗਾਏ ਗਏ ਦੀਵਾਲੀ ਸਬੰਧੀ ਆਈਟਮਾਂ ਦੇ ਸਟਾਲ ਦਾ ਉਦਘਾਟਨ ਕੀਤਾ। ਇਸ ਮੌਕੇ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ੍ਰੀ ਰਾਜੇਸ਼ ਕੁਮਾਰ ਵੀ ਮੌਜੂਦ ਸਨ । ਸ੍ਰੀ ਅਰਸ਼ਦੀਪ ਸਿੰਘ ਨੇ ਸਟਾਲ 'ਤੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਮਿੱਟੀ ਦੇ ਦੀਵੇ, ਗ੍ਰੀਟਿੰਗ ਕਾਰਡ, ਸਜਾਵਟੀ ਕਲਾਤਮਕ ਚੀਜ਼ਾਂ ਅਤੇ ਤੋਹਫ਼ਿਆਂ ਸਮੇਤ ਰੰਗੀਨ ਵਸਤੂਆਂ ਬਣਾਉਣ ਵਿੱਚ ਉਨ੍ਹਾਂ ਦੇ ਹੁਨਰ ਦੀ ਸ਼ਲਾਘਾ ਕੀਤੀ । ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਹੁਨਰ ਵਿਕਾਸ ਵਿਦਿਆਰਥੀਆਂ ਦੇ ਆਤਮ ਵਿਸ਼ਵਾਸ ਨੂੰ ਵਧਾਉਂਦਾ ਹੈ। ਉਹਨਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਨੂੰ ਸਮਾਜ ਦੇ ਜ਼ਰੂਰੀ ਅੰਗ ਵਜੋਂ ਪਛਾਣਦਾ ਹੈ। ਉਨ੍ਹਾਂ ਨੇ ਸਟਾਲ ਦੇ ਆਯੋਜਨ ਲਈ ਸਿੱਖਿਆ ਵਿਭਾਗ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਸਟਾਲ ਵਿਸ਼ੇਸ਼ ਤੌਰ 'ਤੇ ਯੋਗ ਵਿਅਕਤੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਦੇ ਹਨ। ਇਸ ਤੋਂ ਇਲਾਵਾ ਉਨ੍ਹਾਂ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਨ ਅਤੇ ਆਪਣੇ ਜੀਵਨ ਵਿੱਚ ਉੱਤਮਤਾ ਲਈ ਯਤਨ ਕਰਨ ਲਈ ਵੀ ਪ੍ਰੇਰਿਤ ਕੀਤਾ। ਸ੍ਰੀ ਅਰਸ਼ਦੀਪ ਸਿੰਘ ਨੇ ਸਟਾਲ ਤੋਂ ਉਤਪਾਦ ਵੀ ਖਰੀਦੇ ਅਤੇ ਸਕੂਲ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀਮਤੀ ਕਮਲਦੀਪ ਕੌਰ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਡੀਜੀ ਸਿੰਘ ਨੇ ਦੱਸਿਆ ਕਿ ਪਿਛਲੇ ਲਗਭਗ ਇੱਕ ਮਹੀਨੇ ਤੋਂ ਸਪੈਸ਼ਲ ਰਿਸੋਰਸ ਸੈਂਟਰ ਮਾਡਲ ਟਾਊਨ ਵਿਖੇ ਇੰਚਾਰਜ ਡਾਕਟਰ ਮਨਦੀਪ ਸਿੰਘ ਅਤੇ ਸਟਾਫ਼ ਦੀ ਦੇਖ ਰੇਖ ਹੇਠ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਵੱਲੋਂ ਹੱਥੀਂ ਸਮਾਨ ਤਿਆਰ ਕੀਤਾ ਜਾ ਰਿਹਾ ਹੈ। ਹਰ ਸਾਲ ਇਨ੍ਹਾਂ ਵਿਦਿਆਰਥੀਆਂ ਵੱਲੋਂ ਦੀਵਾਲੀ ਤੇ ਸਟਾਲ ਲਗਾ ਕੇ ਆਪਣੇ ਹੱਥੀਂ ਤਿਆਰ ਕੀਤੇ ਸਮਾਨ ਦੀ ਪ੍ਰਦਰਸ਼ਨੀ ਲਗਾਈ ਜਾਂਦੀ ਹੈ ਜਿਸ ਦਾ ਮਕਸਦ ਇਨ੍ਹਾਂ ਵਿਦਿਆਰਥੀਆਂ ਨੂੰ ਆਤਮਨਿਰਭਰ ਬਣਾਉਣਾ ਤੇ ਇਨ੍ਹਾਂ ਵਿੱਚ ਆਤਮਵਿਸ਼ਵਾਸ ਸਥਾਪਤ ਕਰਨਾ ਹੈ । ਉਨ੍ਹਾਂ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਨੂੰ ਆਤਮਨਿਰਭਰ ਬਣਾਉਣ ਲਈ ਦਯਾ ਨਹੀਂ ਸਹਿਯੋਗ ਦੀ ਲੋੜ ਹੈ। ਇਸ ਮੌਕੇ ਤੇ ਸਵਿਤਾ ਆਈਈਏਟੀ, ਰੇਨੂੰ ਬਾਲਾ, ਸੋਨਿਆਂ, ਇੰਦਰਜੀਤ, ਜਸਪ੍ਰੀਤ ਕੌਰ, ਜਸਬੀਰ, ਸਰਬਜੀਤ, ਪ੍ਰਿਅੰਕਾ, ਕਾਮਿਨੀ, ਹਰਪ੍ਰੀਤ, ਬਲਕਾਰ ਅੱਤਰੀ ਅਤੇ ਸਮੂਹ ਦਫ਼ਤਰੀ ਸਟਾਫ਼ ਹਾਜ਼ਰ ਸੀ।

# ਚੰਡੀਗੜ੍ਹ ਸਮੇਤ ਪੰਜਾਬ ਦੀ ਵਿਗੜਣ ਲੱਗੀ ਆਬੋ ਹਵਾ, ਜਾਣੋ ਇਨ੍ਹਾਂ ਜ਼ਿਲ੍ਹਿਆਂ ਦੀ AQI ਸਥਿਤੀ

**ਚੰਡੀਗੜ੍ਹ, 28 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਚੰਡੀਗੜ੍ਹ ਦਾ ਤਾਪਮਾਨ ਲਗਾਤਾਰ ਡਿੱਗਦਾ ਜਾ ਰਿਹਾ ਹੈ। ਐਤਵਾਰ ਨੂੰ ਪੰਜਾਬ ਦੇ ਤਾਪਮਾਨ 'ਚ 1 ਡਿਗਰੀ ਅਤੇ




ਚੰਡੀਗੜ੍ਹ 'ਚ ਤਾਪਮਾਨ 2.2 ਡਿਗਰੀ ਘੱਟ ਗਿਆ। ਰਾਜਧਾਨੀ ਸਮੇਤ ਪੰਜਾਬ ਦਾ ਔਸਤ ਤਾਪਮਾਨ ਆਮ ਨਾਲੋਂ 2 ਡਿਗਰੀ ਵੱਧ ਹੈ । ਸੂਬੇ ਵਿੱਚ ਸਭ ਤੋਂ ਵੱਧ ਤਾਪਮਾਨ ਬਠਿੰਡਾ ਵਿੱਚ 36.9 ਡਿਗਰੀ ਦਰਜ ਕੀਤਾ ਗਿਆ। ਮੌਸਮ ਵਿਭਾਗ ਮੁਤਾਬਕ ਫਿਲਹਾਲ ਮੀਂਹ ਦੀ ਕੋਈ ਸੰਭਾਵਨਾ ਨਹੀਂ ਹੈ। ਅਜਿਹੀ ਸਥਿਤੀ ਵਿੱਚ ਨਾ ਤਾਂ ਖੁਸ਼ਕ ਵਾਤਾਵਰਨ ਤੋਂ ਰਾਹਤ ਮਿਲੇਗੀ ਅਤੇ ਨਾ ਹੀ ਵਧਦੇ ਪ੍ਰਦੂਸ਼ਣ ਤੋਂ। ਇਸ ਦੌਰਾਨ ਪੰਜਾਬ ਵਿੱਚ ਐਤਵਾਰ ਨੂੰ ਪਰਾਲੀ ਸਾੜਨ ਦੇ 138 ਨਵੇਂ ਮਾਮਲੇ ਸਾਹਮਣੇ ਆਏ ਹਨ। ਜਿਸ 'ਚ ਜ਼ਿਲ੍ਹਾ ਫ਼ਿਰੋਜ਼ਪੁਰ 32 ਘਟਨਾਵਾਂ ਨਾਲ ਸਭ ਤੋਂ ਉੱਪਰ ਹੈ। ਉਸ ਤੋਂ ਬਾਅਦ ਸੰਗਰੂਰ ਵਿੱਚ 18, ਫਤਿਹਗੜ੍ਹ ਸਾਹਿਬ ਵਿੱਚ 17, ਜਦਕਿ ਪਟਿਆਲਾ ਵਿੱਚ 14 ਅਤੇ ਤਰਨਤਾਰਨ ਵਿੱਚ 13 ਘਟਨਾਵਾਂ ਸਾਹਮਣੇ ਆਈਆਂ ਹਨ ਹੁਣ ਤੱਕ ਪਰਾਲੀ ਸਾੜਨ ਦੀਆਂ 476 ਘਟਨਾਵਾਂ ਨਾਲ ਅੰਮ੍ਰਿਤਸਰ ਰਾਜ ਵਿੱਚ ਸਭ ਤੋਂ ਉੱਪਰ ਹੈ, ਇਸ ਤੋਂ ਬਾਅਦ ਤਰਨਤਾਰਨ ਵਿੱਚ 375, ਪਟਿਆਲਾ ਵਿੱਚ 250, ਸੰਗਰੂਰ ਵਿੱਚ 182 ਅਤੇ ਫ਼ਿਰੋਜ਼ਪੁਰ ਵਿੱਚ 208 ਘਟਨਾਵਾਂ ਵਾਪਰੀਆਂ ਹਨ। ਦੇਸ਼ ਵਿੱਚ ਪਰਾਲੀ ਸਾੜਨ ਦੇ ਸਭ ਤੋਂ ਵੱਧ ਮਾਮਲੇ ਪੰਜਾਬ ਵਿੱਚ ਹੀ ਸਾਹਮਣੇ ਆ ਰਹੇ ਹਨ। ਜਿਸ ਦਾ ਅਸਰ ਇਸ ਦੇ ਆਬੋ ਹਵਾ 'ਤੇ ਵੀ ਪੈ ਰਿਹਾ ਹੈ। ਐਤਵਾਰ ਰਾਤ 12 ਵਜੇ ਤੱਕ ਅੰਮ੍ਰਿਤਸਰ ਦਾ AQI 318 ਦਰਜ ਕੀਤਾ ਗਿਆ ਸੀ। ਭਾਵ ਇੱਥੇ ਗ੍ਰੇਪ-2 ਲਾਗੂ ਕੀਤਾ ਗਿਆ ਹੈ। ਇੰਨਾ ਹੀ ਨਹੀਂ ਸ਼ਨੀਵਾਰ-ਐਤਵਾਰ ਰਾਤ 1 ਵਜੇ ਅੰਮ੍ਰਿਤਸਰ 'ਚ ਤਾਪਮਾਨ 440 ਤੱਕ ਪਹੁੰਚ ਗਿਆ ਸੀ। ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਵਿੱਚ ਵੀ ਹਾਲਾਤ ਠੀਕ ਨਹੀਂ ਹਨ। ਇੱਥੋਂ ਦੇ ਸੈਕਟਰ 53 ਵਿੱਚ AQI 224 ਦਰਜ ਕੀਤਾ ਗਿਆ। ਐਤਵਾਰ ਰਾਤ 11 ਵਜੇ AQI 343 'ਤੇ ਪਹੁੰਚ ਗਿਆ ਸੀ। ਜਦੋਂ ਕਿ ਜਲੰਧਰ 'ਚ AQI 180, ਖੰਨਾ 'ਚ 149, ਲੁਧਿਆਣਾ 'ਚ 166, ਮੰਡੀ ਗੋਬਿੰਦਗੜ੍ਹ 'ਚ 222 ਅਤੇ ਪਟਿਆਲਾ 'ਚ 196 ਦਰਜ ਕੀਤਾ ਗਿਆ ਸੀ । ਯਾਨੀ ਚੰਡੀਗੜ੍ਹ ਸਮੇਤ ਪੰਜਾਬ ਦੇ ਜ਼ਿਆਦਾਤਰ ਸ਼ਹਿਰਾਂ 'ਚ ਗ੍ਰੇਪ-2 ਲਾਗੂ ਹੋ ਚੁੱਕਾ ਹੈ।

# ਧਾਮੀ ਦਾ ਮੁਕਾਬਲਾ ਜਗੀਰ ਕੌਰ ਨਾਲ ਨਹੀ ਸੀ ਅਸਲ ਹਾਰ ਭਾਜਪਾ ਆਰ ਐਸ ਐਸ ਆਪ ਕਾਗਰਸ ਤੇ ਅਖੌਤੀ ਸੁਧਾਰਵਾਦੀਆ ਦੀ ਹੋਈ : ਜਥੇਦਾਰ ਕਰਨੈਲ ਸਿੰਘ ਪੀਰਮੁਹੰਮਦ

**ਮੱਖੂ, 28 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਾਡਾ ਮੁਕਾਬਲਾ ਬੀਬੀ ਜੰਗੀਰ ਕੌਰ ਨਾਲ ਹੀ ਨਹੀਂ ਸੀ ਬਲਕਿ ਬੀਜੇਪੀ ਆਰਐਸਐਸ ਕਾਂਗਰਸ ਝਾੜੂ ਨਾਗਪੁਰ ਅਕਾਲੀ ਦਲ ਚਿੱਟੇ ਪੰਥਕ ਅਤੇ ਸਿੱਖ ਵਿਰੋਧੀ ਤਾਕਤਾਂ ਨਾਲ ਸੀ ਸੀ ਜਿਸ ਨੂੰ ਸਿੱਖ ਕੌਮ ਅਤੇ ਪੰਜਾਬੀ ਸਮਝ ਚੁੱਕੇ ਹਨ ਕਿ ਪਿਛਲੇ ਸਮੇਂ ਦੌਰਾਨ ਇਹਨਾਂ ਨੇ ਪੰਥ ਅਤੇ ਪੰਜਾਬ ਦਾ ਕਿੰਨਾ ਨੁਕਸਾਨ ਕਰ ਦਿੱਤਾ ਜਿਸ ਨੂੰ ਦੇਸ਼ਾਂ

ਆਵਾਜ਼ਿ ਕੌਮ AWAZE QAUM International Newspaper & WEB TV




ਵਿਦੇਸ਼ਾਂ ਵਿੱਚ ਬੈਠੇ ਸਿੱਖ ਅਤੇ ਪੰਜਾਬੀ ਚੰਗੀ ਤਰ੍ਹਾਂ ਸਮਝ ਚੁੱਕੇ ਹਨ ਇਹਨਾਂ ਵਿਚਾਰਾ ਦਾ ਪ੍ਰਗਟਾਵਾ ਸ੍ਰੌਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕੀਤਾ ਉਹਨਾਂ ਕਿਹਾ ਕਿ ਕਿਵੇਂ ਹਰ ਤਰ੍ਹਾਂ ਦੇ ਫੈਸਲੇ ਭਾਵੇਂ ਉਹਨਾਂ ਪਾਰਟੀਆਂ ਦੇ ਹੋਣ ਏਜੰਸੀਆਂ ਦੇ ਹੋਣ ਜਾ ਅਖੌਤੀ ਸੁਧਾਰਵਾਦੀਆ ਦੇ ਹੋਣ ਸਾਰੇ ਇੱਕ ਪੰਥਕ ਪਾਰਟੀ ਨੂੰ ਖਤਮ ਕਰਨ ਲਈ ਕੀਤੇ ਜਾ ਰਹੇ ਹਨ ਅੱਜ ਤੋਂ ਫੇਰ ਪੰਥ ਇਕੱਠਾ ਹੋ ਗਿਆ ਹੈ ਅਤੇ ਜਲਦੀ ਹੀ ਪੰਜਾਬ ਦੀ ਵਾਗਡੋਰ ਸ਼੍ਰੋਮਣੀ ਅਕਾਲੀ ਦਲ ਨੂੰ ਸੰਭਾਲੇਗਾ ਭਾਵੇਂ ਆਉਣ ਵਾਲੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਹੋਣ ਜਾਂ ਹੋਰ ਕੋਈ ਰਾਜ ਸੀ ਚੋਣਾਂ ਹੋਣ ਉਸ ਵਿੱਚ ਲੋਕ ਸ਼੍ਰੋਮਣੀ ਅਕਾਲੀ ਦਲ ਨਾਲ ਹੀ ਖੜਨਗੇ ਅਤੇ ਪੰਜਾਬ ਵਿੱਚ ਫਿਰ ਤਰੱਕੀ ਤੇ ਖੁਸ਼ਹਾਲੀ ਆਵੇਗੀ । ਉਹਨਾਂ ਕਿਹਾ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਚੌਥੀ ਵਾਰ ਪ੍ਰਧਾਨ ਬਣਨਾ ਇਹ ਸਾਬਿਤ ਕਰਦਾ ਹੈ ਕਿ ਖਾਲਸਾ ਪੰਥ ਇਹਨਾਂ ਸਾਰੀਆ ਤਾਕਤਾ ਦੇ ਗਠਜੋੜ ਨੂੰ ਬੇਹੱਦ ਨਫਰਤ ਕਰਦਾ ਹੈ ।

### ਭਾਈ ਗੁਰਪ੍ਰੀਤ ਸਿੰਘ ਹਰੀ ਨੌਂ ਦੀ ਅੰਤਿਮ ਅਰਦਾਸ ਵਿੱਚ

# ਵੱਡੀ ਗਿਣਤੀ ਵਿਚ ਸਿੱਖ ਸੰਗਤਾਂ, ਉਨਾਂ ਦੇ ਰਿਸ਼ਤੇਦਾਰ ਅਤੇ ਸਨੇਹੀ ਸ਼ਾਮਿਲ ਹੋਏ









**ਅੰਮ੍ਰਿਤਸਰ, 28 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਈ ਗੁਰਪ੍ਰੀਤ ਸਿੰਘ ਹਰੀ ਨੌਂ ਦੀ ਅੰਤਿਮ ਅਰਦਾਸ ਵਿੱਚ ਵੱਡੀ ਗਿਣਤੀ ਵਿਚ ਸਿੱਖ ਸੰਗਤਾਂ, ਉਨਾਂ ਦੇ ਰਿਸ਼ਤੇਦਾਰ ਅਤੇ ਸਨੇਹੀ ਸ਼ਾਮਿਲ ਹੋਏ। ਜਥੇਦਾਰ ਜਗਤਾਰ ਸਿੰਘ ਹਵਾਰਾ ਅਤੇ ਪਰਮਜੀਤ ਸਿੰਘ ਭਿਓਰਾ ਵਲੋਂ , ਸ਼ੋਕ ਸੰਦੇਸ਼ ਭੇਜੇ ਗਏ । ਜਥੇਦਾਰ ਜਗਤਾਰ ਸਿੰਘ ਹਵਾਰਾ ਵਲੋਂ ਗੁਰਪ੍ਰੀਤ ਸਿੰਘ ਹਰੀ ਨੌਂ ਦੇ 9 ਸਾਲ ਦੇ ਸਪੁੱਤਰ, ਸਰਦਾਰ ਮਹਿਤਾਬ ਸਿੰਘ ਸਮੇਤ ਸਾਰੇ ਪਰਿਵਾਰ ਲਈ ਸਿਰੋਪਾਏ ਭੇਜੇ ਗਏ ਅਤੇ ਸਿੱਖ ਕੌਮ ਨੂੰ ਇਸ ਗੁਰਸਿੱਖ ਪ੍ਰੀਵਾਰ ਦੀ ਮਦਦ ਕਰਨ ਦੀ ਅਪੀਲ ਦਾ ਸੁਨੇਹਾ ਭੇਜਿਆ। ਪ੍ਰੋਗਰਾਮ ਵਿੱਚ ਭਾਈ ਅਵਤਾਰ ਸਿੰਘ ਖੰਡਾ ਦੇ ਸਤਿਕਾਰਯੋਗ ਮਾਤਾ ਜੀ, ਭਾਈ ਅਮਰੀਕ ਸਿੰਘ ਅਜਨਾਲਾ, ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਜੀਤ ਸਿੰਘ ਮਾਨ, ਕੌਮੀ ਇਨਸਾਫ਼ ਮੋਰਚੇ ਤੋਂ ਪਾਲ ਸਿੰਘ ਫਰਾਂਸ, ਸੁਖਜੀਤ ਸਿੰਘ ਖੋਸਾ, ਜਥੇਦਾਰ ਹਵਾਰਾ ਦੇ ਮੁਲਾਕਾਤੀ ਇੰਦਰਵੀਰ ਸਿੰਘ ਪਟਿਆਲਾ ਅਤੇ ਪਰਮਜੀਤ ਸਿੰਘ ਭਿਓਰਾ ਦੇ ਵਕੀਲ ਐਡਵੋਕੇਟ ਸਿਮਰਨਜੀਤ ਸਿੰਘ ਸਮੇਤ ਵੱਖ ਵੱਖ ਸ਼ਹੀਦ ਪਰਿਵਾਰਾਂ ਅਤੇ ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਨੇ ਹਾਜਰੀ ਭਰੀ ਅਤੇ ਸ਼ਰਧਾਂਜਲੀਆਂ ਦਿੱਤੀਆਂ । ਇਸ ਮੌਕੇ ਸਿੱਖ ਜਥੇਬੰਦੀਆਂ ਵੱਲੋਂ ਭਾਈ ਗੁਰਪ੍ਰੀਤ ਸਿੰਘ ਹਰੀ ਨੋ ਨੂੰ ਸ਼ਹੀਦ ਦਾ ਦਰਜਾ ਦਿੱਤਾ ਗਿਆ, ਜਿਸਨੂੰ ਸਿੱਖ ਸੰਗਤਾਂ ਵੱਲੋਂ ਜੈਕਾਰਿਆਂ ਦੀ ਗੂੰਜ ਨਾਲ ਪਰਵਾਨ ਕੀਤਾ ਗਿਆ !! ਸਾਰੇ ਬੁਲਾਰਿਆਂ ਵਲੋਂ ਗੁਰਸਿੱਖ ਅਤੇ ਸੱਚ ਨੂੰ ਪ੍ਰਣਾਏ ਯੋਧੇ ਦੇ ਕਤਲ ਦੀ ਨਿਖੇਧੀ ਕੀਤੀ ਗਈ । ਬਹੁਤੇ ਬੁਲਾਰਿਆਂ ਦਾ ਵਿਚਾਰ ਸੀ ਤੇ ਬਿਨਾਂ ਸ਼ੱਕ ਇਹ ਕਤਲ ਭਾਰਤ ਦੀਆਂ ਏਜੰਸੀਆਂ ਵੱਲੋਂ ਹੀ ਕਰਵਾਏ ਗਏ ਹਨ ਪਰ ਇਸ ਵਿਚ ਕੁਹਾੜੇ ਦੇ ਦਸਤੇ ਬਨਣ ਵਾਲੇ ਸਾਡੇ ਸਿੱਖ ਭਰਾ ਹੀ ਹਨ। ਭਾਈ ਅਵਤਾਰ ਸਿੰਘ ਖੰਡਾ ਦੇ ਮਾਤਾ ਜੀ ਵੱਲੋਂ ਆਪਣੇ ਸੰਬੋਧਨ ਵਿਚ ਤਖਤਾਂ ਤੇ ਬਿਰਾਜਮਾਨ ਜਥੇਦਾਰਾਂ ਨੂੰ ਅਤੇ ਸਿੱਖ ਆਗੂਆਂ ਨੂੰ ਵੰਗਾਰ ਪਾਈ ਗਈ ਕਿ ਅੱਜ ਉਹ ਚੁੱਪ ਕਿਉਂ ਹਨ ? ਉਨਾਂ ਦੱਸਿਆ ਕਿ ਗੁਰਪ੍ਰੀਤ ਸਿੰਘ ਭਾਣਾ ਵਰਤਣ ਤੋਂ ਇਕ ਦਿਨ ਪਹਿਲੋਂ ਉਨਾਂ ਨੂੰ ਮਿਲ ਕੇ ਆਇਆ ਸੀ ਅਤੇ ਅੱਜ ਮੁੜ ਉਨਾਂ ਨੂੰ ਇਕ ਹੋਰ ਪੁੱਤ ਦੇ ਜਾਣ ਦਾ ਸਦਮਾ ਹੈ ਉਹ ਗੁਰੂ ਗ੍ਰੰਥ ਸਹਿਬ ਅੱਗੇ ਅਰਦਾਸ ਕਰਦੇ ਹਨ ਕਿ ਵਾਹਿਗੁਰੂ ਸੱਚ ਸਾਮ੍ਹਣੇ ਲੈਕੇ ਆਉ !

**-ਬਲਵਿੰਦਰ ਸਿੰਘ**

> **ਸਾਰੇ ਬੁਲਾਰਿਆਂ ਵਲੋਂ ਗੁਰਸਿੱਖ ਅਤੇ ਸੱਚ ਨੂੰ ਪ੍ਰਣਾਏ ਯੋਧੇ ਦੇ ਕਤਲ ਦੀ ਨਿਖੇਧੀ ਕੀਤੀ ਗਈ**

ਆਵਾਜ਼ਿ ਕੌਮ AWAZE QAUM International Newspaper & WEB TV

# ਪਟਿਆਲਾ 'ਚ ਭਾਜਪਾ ਆਗੂ ਪ੍ਰਨੀਤ ਕੌਰ ਨੇ ਸ਼ੁਰੂ ਕੀਤੀ ਭੁੱਖ ਹੜਤਾਲ, SSP ਦਫ਼ਤਰ ਦੇ ਬਾਹਰ ਲਾਇਆ ਧਰਨਾ



**ਪਟਿਆਲਾ, 28 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਆਗੂ ਪ੍ਰਨੀਤ ਕੌਰ ਨੇ ਪੰਜਾਬ ਦੇ ਪਟਿਆਲਾ 'ਚ ਪੁਲਿਸ ਲਾਈਨਜ਼ ਦੇ ਬਾਹਰ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਹੈ। ਪ੍ਰਨੀਤ ਕੌਰ, ਭਾਜਪਾ ਮਹਿਲਾ ਮੋਰਚਾ ਦੀ ਮੁਖੀ ਜੈ ਇੰਦਰ ਕੌਰ ਅਤੇ ਹੋਰ ਭਾਜਪਾ ਆਗੂਆਂ ਨੇ ਪੰਚਾਇਤੀ ਚੋਣਾਂ ਦੌਰਾਨ ਹੋਈ ਹਿੰਸਾ ਦੇ ਮਾਮਲੇ ਵਿੱਚ ਬਣਦੀ ਕਾਰਵਾਈ ਨਾ ਕਰਨ ਦੇ ਦੋਸ਼ ਲਾਉਂਦਿਆਂ ਐਸਐਸਪੀ ਦਫ਼ਤਰ ਅੱਗੇ ਧਰਨਾ ਦਿੱਤਾ। ਸਨੌਰ ਦੇ ਪਿੰਡ ਖੁੱਡਾ ਵਿੱਚ ਪੰਚਾਇਤੀ ਚੋਣਾਂ ਦੌਰਾਨ ਫਾਇਰਿੰਗ ਕਰਕੇ ਇੱਕ ਨੌਜਵਾਨ ਨੂੰ ਜ਼ਖ਼ਮੀ ਕਰ ਦਿੱਤਾ ਗਿਆ। ਭਾਜਪਾ ਆਗੂਆਂ ਦੀ ਮੰਗ ਹੈ ਕਿ ਗੋਲੀ ਚਲਾਉਣ ਵਾਲੇ ਵਿਅਕਤੀ ਦੀ ਪਛਾਣ ਕਰਕੇ ਗ੍ਰਿਫ਼ਤਾਰ ਕੀਤਾ ਜਾਵੇ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਵੀ ਪ੍ਰਨੀਤ ਕੌਰ ਨੇ ਗ੍ਰਿਫਤਾਰੀ ਨੂੰ ਲੈ ਕੇ ਸਨੌਰ ਵਿੱਚ ਪ੍ਰਦਰਸ਼ਨ ਕੀਤਾ ਸੀ। ਇਸ ਦੇ ਨਾਲ ਹੀ ਉਨ੍ਹਾਂ ਚਿਤਾਵਨੀ ਦਿੱਤੀ ਸੀ ਕਿ ਜੇ ਦੋਸ਼ੀਆਂ ਨੂੰ ਜਲਦ ਗ੍ਰਿਫਤਾਰ ਨਾ ਕੀਤਾ ਗਿਆ ਤਾਂ ਇਹ ਅੰਦੋਲਨ ਵੱਡੇ ਪੱਧਰ 'ਤੇ ਕੀਤਾ ਜਾਵੇਗਾ।

## 31 ਸਾਲ ਪੁਰਾਣੇ ਕਤਲ ਕੇਸ ਮਾਮਲੇ 'ਚ ਸਾਬਕਾ ਡੀ. ਜੀ. ਪੀ. ਸੈਣੀ ਦੇ ਮਾਮਲੇ 'ਚ ਪੰਜਾਬ ਸਰਕਾਰ ਨੂੰ ਹਾਈਕੋਰਟ ਦਾ ਨੋਟਿਸ

**ਚੰਡੀਗੜ੍ਹ, 28 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਡੀਜੀਪੀ ਸੁਮੇਧ ਸਿੰਘ ਸੈਣੀ ਨੇ ਆਪਣੇ ਖਿਲਾਫ ਦਰਜ ਹੋਏ ਕਤਲ ਦੇ ਕੇਸ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ ਹੈ। ਇਸ ਮਾਮਲੇ ਦੀ ਸੁਣਵਾਈ ਅੱਜ (28 ਅਕਤੂਬਰ) ਨੂੰ ਅਦਾਲਤ ਵਿੱਚ ਹੋਈ। ਉਸ ਨੇ ਪਟੀਸ਼ਨ ਵਿੱਚ ਦਲੀਲ ਦਿੱਤੀ ਹੈ ਕਿ ਪੰਜਾਬ ਪੁਲਿਸ ਉਸ ਨੂੰ ਹਰ ਕੀਮਤ 'ਤੇ ਗ੍ਰਿਫ਼ਤਾਰ ਕਰਨਾ ਚਾਹੁੰਦੀ ਹੈ। ਇਸੇ ਲਈ 1991 ਦੇ ਕੇਸ ਵਿੱਚ ਤੀਹ ਸਾਲ ਦੀ ਦੇਰੀ ਤੋਂ ਬਾਅਦ 2020 ਵਿੱਚ ਕੇਸ ਦਰਜ ਕੀਤਾ ਗਿਆ ਸੀ। ਉਸ ਨੇ ਐਫਆਈਆਰ ਦਰਜ ਕਰਨ ਦੀ ਮੰਗ ਕੀਤੀ ਹੈ। ਅਦਾਲਤ ਨੇ ਹੁਣ ਇਸ ਮਾਮਲੇ ਵਿੱਚ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਹੈ। ਮਾਮਲੇ ਦੀ ਅਗਲੀ ਸੁਣਵਾਈ 25 ਨਵੰਬਰ ਲਈ ਤੈਅ ਕੀਤੀ ਗਈ ਹੈ। ਸੈਣੀ ਨੇ ਆਪਣੀ ਪਟੀਸ਼ਨ ਵਿੱਚ ਦਲੀਲ ਦਿੱਤੀ ਹੈ ਕਿ ਉਹ 1982 ਬੈਚ ਦੇ ਆਈ.ਪੀ.ਐਸ. ਅਧਿਕਾਰੀ ਹਨ। ਉਹ ਕਰੀਬ 36 ਸਾਲ ਪੰਜਾਬ ਪੁਲਿਸ ਵਿੱਚ ਸੇਵਾ ਨਿਭਾਅ ਚੁੱਕੇ ਹਨ। ਉਹ 30 ਜੂਨ 2018 ਨੂੰ ਸੇਵਾਮੁਕਤ ਹੋਏ ਸਨ। ਉਸ ਨੇ ਦਲੀਲ ਦਿੱਤੀ ਹੈ ਕਿ ਸਿਆਸੀ ਕਾਰਨਾਂ ਕਰਕੇ ਉਸ ਨੂੰ ਵਾਰ-ਵਾਰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਪੰਜਾਬ ਪੁਲਿਸ ਉਸ ਨੂੰ ਗ੍ਰਿਫ਼ਤਾਰ ਕਰਨ ਵਿੱਚ ਲੱਗੀ ਹੋਈ ਹੈ। 11 ਅਕਤੂਬਰ 2018 ਨੂੰ ਹਾਈਕੋਰਟ ਨੇ ਪਟੀਸ਼ਨਰ ਨੂੰ ਡੀਜੀਪੀ, ਆਈਜੀਪੀ ਜਾਂ ਵਿਭਾਗ ਮੁਖੀ ਹੁੰਦਿਆਂ ਕਿਸੇ ਵੀ ਕੇਸ ਵਿੱਚ ਗ੍ਰਿਫ਼ਤਾਰ ਕਰਨ 'ਤੇ ਰੋਕ ਲਾ ਦਿੱਤੀ ਸੀ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ ਵੀ ਪੁਲਿਸ ਪਿੱਛੇ ਨਹੀਂ ਹਟੀ। ਪਟੀਸ਼ਨਰ ਨੇ ਕਿਹਾ ਕਿ ਪੰਜਾਬ ਪੁਲਿਸ ਨੇ ਇਸ ਦਾ ਵੀ ਕੋਈ ਹੱਲ ਲੱਭ ਲਿਆ ਹੈ। 1991 ਦੇ ਇੱਕ ਕੇਸ ਵਿੱਚ 2020 ਵਿੱਚ ਇੱਕ ਐਫਆਈ ਦਰਜ ਕੀਤੀ ਗਈ ਸੀ ਜਦੋਂ ਪਟੀਸ਼ਨਰ ਐਸਐਸਪੀ ਸੀ।



### ਹਰਿਆਣਾ ਕਮੇਟੀ ਨੇ ਪਹਿਲੀ ਸਿੱਖ ਰਾਜਧਾਨੀ ਕਿਲਾ ਲੋਹਗੜ ਸਾਹਿਬ ਵਿਖੇ

# ਚੜ੍ਹਦੀਕਲਾ ਨਾਲ ਮਨਾਇਆ ਪਹਿਲੇ ਸਿੱਖ ਬਾਦਸ਼ਾਹ ਬਾਬਾ ਬੰਦਾ ਸਿੰਘ ਬਹਾਦੁਰ ਦਾ ਜਨਮਦਿਨ















**ਲੋਹਗੜ੍ਹ, 28 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ 26 ਅਕਤੂਬਰ 2024 ਨੂੰ ਸਿੱਖ ਰਾਜ ਦੀ ਪਹਿਲੀ ਰਾਜਧਾਨੀ ਕਿਲਾ ਲੋਹਗੜ ਵਿੱਚ ਸ਼ੁਸ਼ੋਬਿਤ ਗੁਰਦੁਆਰਾ ਸਾਹਿਬ ਵਿਖੇ ਪਹਿਲੇ ਸਿੱਖ ਬਾਦਸ਼ਾਹ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਵਾਇਆ ਗਿਆ ਸਮਾਗਮ ਵਿੱਚ ਸਾਧਸੰਗਤ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵੱਖ-ਵੱਖ ਸਕੂਲ-ਕਾਲਜਾਂ ਦੇ ਵਿਦਿਆਰਥੀਆਂ ਨੇ ਗੁਰਬਾਣੀ ਸਰਵਣ ਦਾ ਲਾਹਾ ਲਿਆ ਸਮਾਗਮ ਦੌਰਾਨ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ,ਕਵੀਸ਼ਰ ਜੱਥਾ ਭਾਈ ਚਮਕੌਰ ਸਿੰਘ,ਢਾਡੀ ਜੱਥਾ ਭਾਈ ਸਤਨਾਮ ਸਿੰਘ ਅਤੇ ਭਾਈ ਮਨਜਿੰਦਰ ਸਿੰਘ ਰਬਾਬੀ ਹਜ਼ੂਰੀ ਰਾਗੀ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ ਨੇ ਗੁਰਬਾਣੀ ਤੇ ਗੁਰਇਤਿਹਾਸ ਨਾਲ ਸੰਗਤ ਨੂੰ ਜੋੜਿਆ ਇਸ ਮੌਕੇ ਤੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਅਤੇ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਜੀਵਨ ਤੇ ਚਾਨਣਾ ਪਾਇਆ ਅਤੇ ਸੰਗਤ ਨੂੰ ਸੰਸਥਾ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਜਾਣਕਾਰੀ ਦਿੱਤੀ ਇਸ ਮੌਕੇ ਤੇ ਬਾਬਾ ਸੁੱਖਾ ਸਿੰਘ ਜੀ ਕਾਰ ਸੇਵਾ,ਹਰਬੰਸ ਸਿੰਘ ਕੜਕੋਲੀ,ਅਮਰਜੀਤ ਸਿੰਘ ਯਮੁਨਾਨਗਰ,ਸਤਿੰਦਰ ਸਿੰਘ ਮੰਟਾ,ਇੰਦਰਜੀਤ ਸਿੰਘ ਵਾਸੂਦੇਵਾ,ਮਲਕੀਤ ਸਿੰਘ ਪੰਨੀਵਾਲਾ ਮੋਰੀਕਾ,ਬੇਅੰਤ ਸਿੰਘ ਨਲਵੀ,ਨਿਸ਼ਾਨ ਸਿੰਘ ਡਾਚਰ,ਕਾਬਲ ਸਿੰਘ ਕੈਥਲ,ਰਜਿੰਦਰ ਸਿੰਘ ਡੁਲਿਆਣਾ,ਮਾਲਿਕ ਸਿੰਘ ਕੰਗ ਸਾਰੇ ਮੈਂਬਰ ਸਾਹਿਬਾਨ ਹਰਿਆਣਾ ਕਮੇਟੀ,ਸਿੰਘ ਸਾਹਿਬ ਗਿ: ਜਗਜੀਤ ਸਿੰਘ ਨਾਢਾ ਸਾਹਿਬ,ਭਾਈ ਜਸਬੀਰ ਸਿੰਘ ਖਡੂਰ,ਮੁੱਖ ਸਕੱਤਰ ਜਸਵਿੰਦਰ ਸਿੰਘ ਦੀਨਪੁਰ,ਧਰਮ ਪ੍ਰਚਾਰ ਸਕੱਤਰ ਸਰਬਜੀਤ ਸਿੰਘ ਜੰਮੂ,ਵਧੀਕ ਸਕੱਤਰ ਰਾਜਪਾਲ ਸਿੰਘ ਔਲਖ,ਨਰਿੰਦਰ ਸਿੰਘ,ਕੁਲਦੀਪ ਸਿੰਘ ਭਾਣੋਖੇੜੀ,ਪਰਮਜੀਤ ਸਿੰਘ ਸ਼ੇਰਗੜ,ਸਕੱਤਰ ਅਮਰਿੰਦਰ ਸਿੰਘ,ਇੰਚਾਰਜ ਸਿਕੰਦਰ ਸਿੰਘ ਵਰਾਣਾ ਇੰਚਾਰਜ ਧਰਮ ਪ੍ਰਚਾਰ ਸਬ ਦਫ਼ਤਰ ਨਾਢਾ ਸਾਹਿਬ,ਗੁਰਭੇਜ ਸਿੰਘ ਇੰਚਾਰਜ ਧਰਮ ਪ੍ਰਚਾਰ ਮੁੱਖ ਦਫਤਰ ਕੁਰੂਕਸ਼ੇਤਰ ਜਥੇਦਾਰ ਹਰਨੇਕ ਸਿੰਘ ਬੁੱਢਾ ਦਲ ਵੀ ਹਾਜ਼ਰ ਸਨ ਸਭ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਗੁਰੂ ਕਾ ਲੰਗਰ ਅਤੁੱਟ ਵਰਤਿਆ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਰੇਸ਼ਮ ਸਿੰਘ ਬਣੇ ਪਿੰਡ ਪੀਰੂ ਵਾਲਾ (ਦਾਖਲੀ ਹਸਤੀ ਵਾਲਾ) ਦੇ ਨਵੇਂ ਸਰਪੰਚ









**ਫਿਰੋਜ਼ਪੁਰ, 27 ਅਕਤੂਬਰ (ਸੁਖਮੰਦਰ ਸਿੰਘ ਸ਼ਾਤ)-** ਪੰਚਾਇਤੀ ਚੋਣਾਂ ਦੇ ਚਲਦਿਆਂ ਪੂਰੇ ਫਸਮੇ ਮੁਕਾਬਲੇ ਵਿੱਚੋਂ ਪਿੰਡ ਪੀਰੂਵਾਲਾ ਦਾਖਲੀ ਹਸਤੀ ਵਾਲਾ ਜਿੱਥੇ ਚੋਣ ਮੁਕਾਬਲਾ ਪੂਰਾ ਫਸਵਾਂ ਮੁਕਾਬਲਾ ਦੇਖਣ ਨੂੰ ਮਿਲਿਆ ਪੂਰੇ ਫਸਮੇ ਮੁਕਾਬਲੇ ਦੇ ਵਿੱਚੋਂ ਰੇਸ਼ਮ ਸਿੰਘ ਨੇ ਸਰਪੰਚੀ ਚੋਣ ਜਿੱਤਣ ਤੋਂ ਬਾਅਦ ਆਪਣੇ ਪਿੰਡ ਦੇ ਵੋਟਰਾਂ ਦਾ ਧੰਨਵਾਦ ਕੀਤਾ ਸਰਪੰਚ ਰੇਸ਼ਮ ਸਿੰਘ ਨੇ ਕਿਹਾ ਕਿ ਮੈਂ ਧੰਨਵਾਦ ਕਰਦਾ ਹਾਂ ਉਹਨਾਂ ਲੋਕਾਂ ਦਾ ਜਿਨਾਂ ਨੇ ਪੂਰੀ ਗਰਮੀ ਦੇ ਵਿੱਚ ਲਾਈਨਾਂ ਦੇ ਵਿੱਚ ਲੱਗ ਕੇ ਇੱਕ ਇੱਕ ਵੋਟ ਜਿਹੜੀ ਬੜੀ ਅਮਨ ਤੇ ਸ਼ਾਂਤੀ ਦੇ ਨਾਲ ਭੁਗਤਾਈ ਤੇ ਮੈਂ ਉਹਨਾਂ ਵੋਟਰਾਂ ਦਾ ਧੰਨਵਾਦ ਕਰਦਾ ਹਾਂ ਜਿਨਾਂ ਨੇ ਇੱਕ ਇੱਕ ਵੋਟ ਮੈਨੂੰ ਪਾ ਕੇ ਜਤਾਇਆ ਸਰਪੰਚੀ ਜੋਨ ਜਿੱਤਣ ਤੋਂ ਬਾਅਦ ਅੱਜ ਮੈਨੂੰ ਬੜੀ ਖੁਸ਼ੀ ਮਹਿਸੂਸ ਹੋ ਰਹੀ ਹੈ ਕਿ ਮੈਂ ਆਪਣੇ ਪਿੰਡ ਦੇ ਲੋਕਾਂ ਦਾ ਕਦੇ ਵੀ ਦੇਣ ਨਹੀਂ ਦੇ ਸਕਦਾ ਜਿਨਾਂ ਨੇ ਬੜੀ ਵੱਡੀ ਜਿੰਮੇਵਾਰੀ ਮੈਨੂੰ ਸੌਂਪੀ ਹੈ ਤੇ ਮੈਂ ਵੀ ਆਪਣੇ ਪਿੰਡ ਦੇ ਲੋਕਾਂ ਨਾਲ ਵਾਅਦਾ ਕਰਦਾ ਹਾਂ ਕਿ ਮੈਂ ਪੂਰੇ ਤਨ ਦੇਹੀ ਦੇ ਨਾਲ ਵਿਕਾਸ ਕਾਰਜ ਕਰਾਂਗਾ ਤੇ ਆਪਣੀ ਸਾਰੀ ਪੰਚਾਇਤ ਮੈਂਬਰਾਂ ਦੇ ਨਾਲ ਮਿਲ ਕੇ ਪੂਰੇ ਨਗਰ ਦੇ ਜਿਹੜੇ ਕੰਮ ਹੋਣ ਵਾਲੇ ਹਨ ਉਹਨਾਂ ਨੂੰ ਅਸੀਂ ਰਲ ਮਿਲ ਕੇ ਕਰਾਂਗੇ ਸਰਪੰਚ ਰੇਸ਼ਮ ਸਿੰਘ ਨੇ ਦੱਸਿਆ ਕਿ ਸਾਡੇ ਨਗਰ ਵਿੱਚ ਲਾਈਟਾਂ ਲੱਗਣ ਵਾਲੀਆਂ ਹਨ ਉਹਨਾਂ ਨੇ ਕਿਹਾ ਕਿ ਮੈਂ ਸਰਕਾਰ ਨੂੰ ਅਪੀਲ ਕਰਦਾ ਹਾਂ ਕਿ ਉਹ ਸਾਨੂੰ ਜਮੀਨ ਵੀ ਅਲਾਟ ਕਰਨ ਜਿੱਥੇ ਉਹ ਇੱਕ ਸੋਹਣਾ ਪਾਰਕ ਬਣਾ ਸਕਣ ਤਾਂ ਜੋ ਅਸੀਂ ਆਪਣੀ ਜਵਾਨੀ ਨੂੰ ਨਸ਼ਿਆਂ ਤੋਂ ਬਚਾ ਕੇ ਖੇਡਾਂ ਅਤੇ ਗਰਾਉਂਡਾਂ ਦੇ ਨਾਲ ਜੋੜ ਸਕੀਏ ਸਰਪੰਚ ਰੇਸ਼ਮ ਸਿੰਘ ਨੇ ਹਲਕੇ ਦੇ ਐਮਐਲਏ ਦਾ ਵੀ ਧੰਨਵਾਦ ਕੀਤਾ ਜਿਨਾਂ ਨੇ ਬੜੇ ਅਮਨ ਤੇ ਸ਼ਾਂਤੀ ਦੇ ਨਾਲ ਪੂਰੇ ਹਲਕੇ ਦੇ ਵਿੱਚ ਚੋਣਾਂ ਕਰਵਾਈਆਂ ਸਰਪੰਚ ਰੇਸ਼ਮ ਸਿੰਘ ਨੇ ਸ਼ਾਸਨ ਤੇ ਪ੍ਰਸ਼ਾਸਨ ਦਾ ਵੀ ਧੰਨਵਾਦ ਕੀਤਾ ਜਿਨਾਂ ਦੇ ਕਰਕੇ ਸਾਡੇ ਪਿੰਡ ਵਿੱਚ ਬੜੇ ਅਮਨ ਤੇ ਸ਼ਾਂਤੀ ਦੇ ਨਾਲ ਸਾਰੀ ਚੋਣ ਪ੍ਰਕਿਰਿਆ ਬੜੇ ਸੋਹਣੇ ਤੇ ਸੁਚੱਜੇ ਢੰਗ ਨਾਲ ਹੋਈ ਅਖੀਰ ਵਿੱਚ ਉਹਨਾਂ ਨੇ ਆਪਣੇ ਸਾਰੇ ਪਿੰਡ ਦਾ ਧੰਨਵਾਦ ਕਰਦੇ ਹਾਂ ਇਹ ਕਿਹਾ ਕਿ ਮੈਂ ਸਦਾ ਹੀ ਆਪਣੇ ਪਿੰਡ ਦਾ ਰਿਣੀ ਰਹਾਂਗਾ ਜਿਨਾਂ ਨੇ ਮੇਰੇ ਤੇ ਵਿਸ਼ਵਾਸ ਕਰਕੇ ਮੈਨੂੰ ਏਡੀ ਵੱਡੀ ਜਿੰਮੇਵਾਰੀ ਦਿੱਤੀ ਤੇ ਮੈਂ ਆਪਣੀ ਸਾਰੀ ਪੰਚਾਇਤ ਦੇ ਨਾਲ ਰਲ ਕੇ ਇਸ ਜਿੰਮੇਵਾਰੀ ਨੂੰ ਬਾਖੂਬੀ ਨਿਭਾਉਣ ਦੀ ਕੋਸ਼ਿਸ਼ ਵੀ ਕਰਾਂਗਾ ਮੇਰੇ ਨਾਲ ਸਾਰੀ ਪੰਚਾਇਤ,-- ਸਰਪੰਚ ਰੇਸ਼ਮ ਸਿੰਘ, ਮੈਂਬਰ ਮੇਜਰ ਸਿੰਘ, ਮੈਂਬਰ ਗੋਪਾਲ ਸਿੰਘ, ਮੈਂਬਰ ਸੁਖਬੀਰ ਕੌਰ ਮੈਂਬਰ ਅੰਗਰੇਜ਼ ਸਿੰਘ, ਮੈਂਬਰ ਸੇਵਕ ਸਿੰਘ।

**ਪੂਰੀ ਫਸਮੇ ਮੁਕਾਬਲੇ ਵਿੱਚੋਂ ਸਰਪੰਚੀ ਚੋਣ ਜਿੱਤਣ ਤੋ ਬਾਅਦ ਕੀਤਾ ਪਿੰਡ ਦੇ ਵੋਟਰਾਂ ਦਾ ਧੰਨਵਾਦ ਸਰਦਾਰ ਰੇਸ਼ਮ ਸਿੰਘ ਨੇ ਜਿੱਤੀ ਸਰਪੰਚੀ ਚੋਣ**

## ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦਾ

# ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਐਡਵੋਕੇਟ ਰਜਨੀਸ਼ ਕੁਮਾਰ ਦਹੀਯਾ ਵੱਲੋਂ ਸ਼ਾਨਦਾਰ ਆਗਾਜ਼



ਫਿਰੋਜ਼ਪੁਰ 28 ਅਕਤੂਬਰ (ਸੁਖਮੰਦਰ ਸਿੰਘ ਸ਼ਾਤ)ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਸ਼ਹੀਦ ਭਗਤ ਸਿੰਘ ਸਟੇਟ ਟੈਕਨੀਕਲ ਯੂਨੀਵਰਸਿਟੀ ਫਿਰੋਜ਼ਪੁਰ ਵਿਖੇ ਪ੍ਰਾਇਮਰੀ ਸਕੂਲ ਖੇਡਾਂ ਜ਼ਿਲ੍ਹਾ ਸਿੱਖਿਆ ਅ.ਫਸਰ (ਐ.ਸਿੱ) ਸ਼੍ਰੀ ਮਤੀ ਸੁਨੀਤਾ ਰਾਣੀ ਅਤੇ ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਦੀ ਅਗਵਾਈ ਵਿੱਚ ਪੂਰੇ ਸ਼ਾਨੋ ਸ਼ੌਕਤ ਨਾਲ ਸ਼ੁਰੂ ਕੀਤੀਆਂ ਗਈਆਂ । ਤਿੰਨ ਦਿਨਾਂ ਤੱਕ ਚੱਲਣ ਵਾਲੇ ਇਸ ਖੇਡ ਟੂਰਨਾਮੈਂਟ ਦੁਰਾਨ ਪ੍ਰਾਇਮਰੀ ਸਕੂਲਾਂ ਦੇ ਬੱਚਿਆਂ ਦੇ ਕਬੱਡੀ, ਖੋ ਖੋ, ਕੁਸ਼ਤੀ, ਅਥਲੈਟਿਕਸ, ਫੁੱਟਬਾਲ ਅਤੇ ਜਿਮਨਾਸਟਿਕ ਦੇ ਮੁਕਾਬਲੇ ਵੱਖ ਵੱਖ ਦਿਨਾਂ ਕਰਵਾਏ ਜਾਣਗੇ। ਜ਼ਿਲ੍ਹਾ ਪੱਧਰੀ ਖੇਡਾਂ ਦੇ ਆਗਾਜ਼ ਮੌਕੇ ਅੱਜ ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਐਡਵੋਕੇਟ ਰਜਨੀਸ਼ ਕੁਮਾਰ ਦਹੀਯਾ ਨੇ ਮੁੱਖ ਮਹਿਮਾਨ ਵਜੋ ਸ਼ਿਰਕਤ ਕੀਤੀ ਗਈ । ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਸ਼੍ਰੀਮਤੀ ਸੁਨੀਤਾ ਰਾਣੀ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਆਖਿਆ।। ਮੁੱਖ ਮਹਿਮਾਨ ਜੀ ਵਲੋਂ ਝੰਡਾ ਲਹਿਰਾਉਣ ਦੀ ਰਸਮ ਵੀ ਕੀਤੀ ਗਈ ਅਤੇ ਹਾਜ਼ਰ ਬੱਚਿਆਂ ਨੇ ਰਾਸ਼ਟਰੀ ਗਾਣ ਕਰਕੇ ਸਮਾਗਮ ਦੀ ਸ਼ੁਰੂਆਤ ਕੀਤੀ ਗਈ । ਇਸ ਤੋਂ ਬਾਅਦ ਜ਼ਿਲ੍ਹੇ ਦੇ ਵੱਖ ਵੱਖ ਬਲਾਕਾਂ ਵਿੱਚੋਂ ਖੇਡਾਂ ਵਿੱਚ ਭਾਗ ਲੈਣ ਪੁੱਜੇ ਲੜਕੇ ਅਤੇ ਲੜਕੀਆਂ ਟੋਲੀਆਂ ਨੇ ਮਾਰਚ ਪਾਸਟ ਵਿੱਚ ਹਿੱਸਾ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਖੇਡਾਂ ਦੀ ਸ਼ੁਰੂਆਤ ਤੋਂ ਪਹਿਲਾਂ ਬਹਿਮਣ ਦੀਵਾਨਾ ਦੇ ਪ੍ਰਾਇਮਰੀ ਸਕੂਲ ਭਾਂਗਰ ਦੀਆਂ ਬੱਚੀਆਂ ਵਲੋਂ ਕੀਰਤਨ ਕਰਕੇ ਸ਼ੁਰਆਤ ਕੀਤੀ ਗਈ । ਐਡਵੋਕੇਟ ਰਜਨੀਸ਼ ਕੁਮਾਰ ਦਹੀਯਾ ਵਲੋਂ ਪ੍ਰਾਇਮਰੀ ਪੱਧਰ ਤੇ ਖੇਡਾਂ ਵਿੱਚ ਭਾਗ ਲੈਣ ਪੁੱਜੇ ਖਿਡਾਰੀਆਂ ਨੂੰ ਵਧਾਈਆਂ ਦਿੰਦਿਆਂ ਸਾਰੀਆਂ ਟੀਮਾਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ । ਉਨ੍ਹਾਂ ਖਿਡਾਰੀਆਂ ਨੂੰ ਜਿੱਤ ਹਾਰ ਦੀ ਬਜਾਏ ਚੰਗੀ ਖੇਡ ਭਾਵਨਾ ਤੇ ਜੋਸ਼ ਨਾਲ ਭਾਗ ਲੈਣ ਦੀ ਨਸੀਅਤ ਵੀ ਦਿੱਤੀ। ਉਹਨਾਂ ਕਿਹਾ ਕਿ ਰਾਸ਼ਟਰੀ ਪੱਧਰ ਤੇ ਖੇਡਾਂ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਦੀ ਅਸਲ ਵਿੱਚ ਨੀਂਹ ਪ੍ਰਾਇਮਰੀ ਸਕੂਲਾਂ ਵਿੱਚ ਹੀ ਬੱਝਦੀ ਹੈ। ਇਸ ਲਈ ਸਾਨੂੰ ਪ੍ਰਾਇਮਰੀ ਖੇਡਾਂ ਦੀ ਤਿਆਰੀ ਲਈ ਵਧੇਰੇ ਸੰਜੀਦਗੀ ਤੋਂ ਕੰਮ ਲੈਣਾ ਚਾਹੀਦਾ ਹੈ । ਇਸ ਮੌਕੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀ ਕੋਮਲ ਅਰੋੜਾ ਨੇ ਜ਼ਿਲ੍ਹਾ ਖੇਡਾਂ ਵਿੱਚ ਡਿਊਟੀ ਦੇ ਰਹੇ ਖੇਡ ਅਮਲੇ ਨੂੰ ਪੱਖਪਾਤ ਤੋਂ ਉੱਪਰ ਉੱਠ ਕੇ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਕਰਨ ਦੀ ਹਿਦਾਇਤ ਵੀ ਕੀਤੀ। ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ੍ਰੀਮਤੀ ਸੁਮਨਦੀਪ ਕੌਰ, ਇੰਦਰਜੀਤ ਸਿੰਘ, ਅੰਮ੍ਰਿਤਪਾਲ ਸਿੰਘ ਬਰਾੜ, ਗੁਰਮੀਤ ਸਿੰਘ, ਹਰਜੀਤ ਕੌਰ, ਸੁਖਵਿੰਦਰ ਕੌਰ, ਭੁਪਿੰਦਰ ਸਿੰਘ, ਸਰਬਜੀਤ ਸਿੰਘ ਟੁਰਨਾ ਆਦਿ ਹਾਜ਼ਰ ਸਨ।



# ਬੀਜੇਪੀ-ਆਰ.ਐਸ.ਐਸ ਅਤੇ ਕਾਂਗਰਸ ਦੀ ਸਿੱਖਾਂ ਦੇ ਕਤਲੇਆਮ ਪ੍ਰਤੀ ਇਕ ਨੀਤੀ: ਮਾਨ



**ਨਵੀਂ ਦਿੱਲੀ, 28 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** "1984 ਵਿਚ ਜਦੋ ਬਲਿਊ ਸਟਾਰ ਦਾ ਸ੍ਰੀ ਦਰਬਾਰ ਸਾਹਿਬ ਤੇ ਸ੍ਰੀ ਅਕਾਲ ਤਖਤ ਸਾਹਿਬ ਤੇ ਫ਼ੌਜੀ ਹਮਲਾ ਕੀਤਾ ਗਿਆ ਉਸ ਸਮੇ ਦੀ ਮਰਹੂਮ ਇੰਦਰਾ ਗਾਂਧੀ ਦੀ ਕਾਂਗਰਸ ਸਰਕਾਰ ਦੇ ਇਸ ਸਿੱਖ ਕਤਲੇਆਮ ਤੇ ਸਿੱਖ ਗੁਰੂਘਰਾਂ ਨੂੰ ਢਾਹੁਣ ਸੰਬੰਧੀ ਬੀਜੇਪੀ-ਆਰ.ਐਸ.ਐਸ. ਦੇ ਆਗੂਆਂ ਨੇ ਹਰ ਤਰ੍ਹਾਂ ਸਹਿਮਤੀ ਵੀ ਦਿੱਤੀ ਸੀ ਅਤੇ ਸਹਿਯੋਗ ਵੀ ਕੀਤਾ ਸੀ । ਉਸ ਸਮੇ ਦੇ ਬੀਜੇਪੀ ਆਗੂ ਸ੍ਰੀ ਵਾਜਪਾਈ ਨੇ ਮਰਹੂਮ ਇੰਦਰਾ ਗਾਂਧੀ ਨੂੰ ਦੁਰਗਾਮਾਤਾ ਦਾ ਖਿਤਾਬ ਦੇ ਕੇ ਸਨਮਾਨਿਆ ਸੀ ਅਤੇ ਦੂਸਰੇ ਆਗੂ ਸ੍ਰੀ ਅਡਵਾਨੀ ਨੇ ਕਿਹਾ ਸੀ ਕਿ ਇਹ ਹਮਲਾ 6 ਮਹੀਨੇ ਪਹਿਲਾ ਹੋਣਾ ਚਾਹੀਦਾ ਸੀ । ਜਦੋ ਵੀ ਸਿੱਖਾਂ ਨੂੰ ਮਾਰਨ ਦੀ ਗੱਲ ਆਵੇ ਤਾਂ ਕਾਂਗਰਸ, ਬੀਜੇਪੀ-ਆਰ.ਐਸ.ਐਸ. ਸਭ ਜਮਾਤਾਂ ਦੀ ਇਕੋ ਹੀ ਨੀਤੀ ਹੁੰਦੀ ਹੈ । ਕਿਉਂਕਿ 1984 ਵਿਚ ਬੀਜੇਪੀ-ਆਰ.ਐਸ.ਐਸ ਨੇ ਸਿੱਖ ਕਤਲੇਆਮ ਸਮੇ ਕਾਂਗਰਸ ਸਰਕਾਰ ਦੀ ਮਦਦ ਕੀਤੀ ਅਤੇ ਅੱਜ ਜਦੋ ਬੀਜੇਪੀ-ਆਰ.ਐਸ.ਐਸ ਅਤੇ ਉਸਦੀ ਸਮੁੱਚੀ ਕੈਬਨਿਟ ਵਿਚ ਵਜੀਰ ਏ ਆਜਮ ਮੋਦੀ, ਗ੍ਰਹਿ ਵਜੀਰ ਅਮਿਤ ਸ਼ਾਹ, ਵਿਦੇਸ ਵਜੀਰ ਜੈਸੰਕਰ, ਰੱਖਿਆ ਵਜੀਰ ਰਾਜਨਾਥ ਸਿੰਘ, ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਰਾਅ ਮੁੱਖੀ ਰਵੀ ਸਿਨ੍ਹਾ ਅਤੇ ਸਾਬਕਾ ਰਾਅ ਮੁੱਖੀ ਸੰਮਤ ਗੋਇਲ ਨੇ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ, ਬਰਤਾਨੀਆ ਵਿਚ ਅਵਤਾਰ ਸਿੰਘ ਖੰਡਾ, ਪਾਕਿਸਤਾਨ ਵਿਚ ਪਰਮਜੀਤ ਸਿੰਘ ਪੰਜਵੜ ਅਤੇ ਲਖਬੀਰ ਸਿੰਘ ਰੋਡੇ, ਹਰਿਆਣਾ ਵਿਚ ਦੀਪ ਸਿੰਘ ਸਿੱਧੂ, ਪੰਜਾਬ ਵਿਚ ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਦੇ ਕਤਲ ਕਰਵਾਏ ਗਏ ਹਨ, ਇਥੋ ਤੱਕ ਅਮਰੀਕਨ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਉਤੇ ਨਿਊਯਾਰਕ ਵਿਚ ਹਮਲਾ ਕਰਨ ਦੀ ਸਾਜਿਸ ਰਚੀ ਗਈ ਅਤੇ ਆਜਾਦੀ ਚਾਹੁੰਣ ਵਾਲੇ ਸਿੱਖਾਂ ਦਾ ਕਤਲੇਆਮ ਕੀਤਾ ਜਾ ਰਿਹਾ ਹੈ ਤਾਂ ਇਸ ਗੰਭੀਰ ਮੁੱਦੇ ਉਤੇ ਕਾਂਗਰਸ ਨੇ ਬਿਲਕੁਲ ਚੁੱਪੀ ਧਾਰੀ ਹੋਈ ਹੈ । ਜਿਸ ਤੋ ਪ੍ਰਤੱਖ ਹੈ ਕਿ ਕਾਂਗਰਸ ਵੀ ਸਿੱਖਾਂ ਨੂੰ ਮਾਰਨ ਦੀ ਨੀਤੀ ਦੇ ਨਾਲ ਸਹਿਮਤ ਹੈ। ਦੋਵੇ ਜਮਾਤਾਂ ਦੀ ਇਕੋ ਹਿੰਦੂਤਵ ਨੀਤੀ ਹੈ । ਜੇਕਰ ਇਨਸਾਨੀਅਤ ਤੇ ਮਨੁੱਖਤਾ ਦੀ ਗੱਲ ਹੁੰਦੀ ਤਾਂ ਕਾਂਗਰਸ ਸਿੱਖਾਂ ਦੇ ਹੋ ਰਹੇ ਇਸ ਕਤਲੇਆਮ ਬਾਰੇ ਬੋਲਦੀ ।"

ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਜੇਪੀ-ਆਰ.ਐਸ.ਐਸ, ਕਾਂਗਰਸ ਤਿੰਨੇ ਹਿੰਦੂਤਵ ਜਮਾਤਾਂ ਵੱਲੋ ਨਿਰਦੋਸ ਸਿੱਖਾਂ ਨੂੰ ਮਾਰਨ ਦੀ ਨੀਤੀ ਉਤੇ ਇਕੋ ਨੀਤੀ ਹੋਣ ਉਤੇ ਗਹਿਰਾ ਦੁੱਖ ਜਾਹਰ ਕਰਦੇ ਹੋਏ ਅਤੇ ਇਸ ਨੂੰ ਇਨਸਾਨੀਅਤ ਵਿਰੋਧੀ ਕਾਰਾ ਕਰਾਰ ਦਿੰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜਦੋ ਇੰਡੀਆ ਦਾ ਵਿਧਾਨ ਇਥੇ ਵੱਸਣ ਵਾਲੀਆ ਸਭ ਕੌਮਾਂ, ਧਰਮਾਂ, ਫਿਰਕੇ, ਕਬੀਲਿਆ ਨੂੰ ਵਿਧਾਨ ਦੀ ਧਾਰਾ 14 ਅਧੀਨ ਬਰਾਬਰਤਾ ਦੇ ਅਧਿਕਾਰ ਪ੍ਰਦਾਨ ਕਰਦਾ ਹੈ ਅਤੇ ਵਿਧਾਨ ਦੀ ਧਾਰਾ 19, 21 ਅਧੀਨ ਬਿਨ੍ਹਾਂ ਕਿਸੇ ਡਰ ਭੈ ਤੋ ਜਿੰਦਗੀ ਜਿਊਂਣ ਅਤੇ ਆਜਾਦੀ ਨਾਲ ਵਿਚਰਣ ਦੇ ਹੱਕ ਦਿੰਦਾ ਹੈ, ਤਾਂ ਇਹ ਹਿੰਦੂਤਵ ਜਮਾਤਾਂ ਸਰਬੱਤ ਦਾ ਭਲਾ ਲੋੜਨ ਵਾਲੀ ਸਿੱਖ ਕੌਮ ਜੋ ਕੌਮਾਂਤਰੀ ਕਾਨੂੰਨਾਂ ਅਧੀਨ ਜਮਹੂਰੀਅਤ ਤੇ ਕਾਨੂੰਨੀ ਢੰਗਾਂ ਰਾਹੀ ਆਪਣੀ ਆਜਾਦੀ ਦਾ ਸੰਘਰਸ ਕਰਦੀ ਆ ਰਹੀ ਹੈ, ਉਸ ਨੂੰ ਇਹ ਜਮਾਤਾਂ ਅਣਮਨੁੱਖੀ ਤੇ ਗੈਰ ਵਿਧਾਨਿਕ ਢੰਗਾਂ ਰਾਹੀ ਕਤਲੇਆਮ ਕਿਉਂ ਕਰ ਰਹੀਆ ਹਨ ? ਉਨ੍ਹਾਂ ਇੰਟਰਨੈਸ਼ਨਲ ਹਿਊਮਨਰਾਈਟਸ ਆਰਗੇਨਾਈਜੇਸਨ, ਏਸੀਆ ਵਾਚ ਹਿਊਮਨਰਾਈਟਸ, ਅਮਰੀਕਾ, ਕੈਨੇਡਾ ਆਦਿ ਜਮਹੂਰੀਅਤ ਪਸ਼ੰਦ ਮੁਲਕਾਂ ਨੂੰ ਮਨੁੱਖੀ ਅਧਿਕਾਰਾਂ ਦੇ ਬਿਨ੍ਹਾਂ ਤੇ ਅਪੀਲ ਕਰਦੇ ਹੋਏ ਕਿਹਾ ਕਿ ਇੰਡੀਆ ਵਿਚ ਜੋ ਘੱਟ ਗਿਣਤੀ ਸਿੱਖ ਕੌਮ ਨਾਲ ਮੋਦੀ, ਬੀਜੇਪੀ-ਆਰ.ਐਸ.ਐਸ ਹਕੂਮਤ ਜ਼ਬਰ ਜੁਲਮ ਕਰਦੀ ਹੋਈ ਸਿੱਖ ਕੌਮ ਦਾ ਕਤਲੇਆਮ ਕਰ ਰਹੀ ਹੈ, ਉਸ ਨੂੰ ਰੋਕਣ ਲਈ ਇਹ ਮੁਲਕ ਅਤੇ ਸੰਸਥਾਵਾਂ ਆਪਣੇ ਫਰਜਾਂ ਦੀ ਪੂਰਤੀ ਵੀ ਕਰਨ ਅਤੇ ਇਸ ਹੋ ਰਹੇ ਸਿੱਖ ਕਤਲੇਆਮ ਵਿਰੁੱਧ ਸਖਤ ਸਟੈਂਡ ਲੈਣ ।

# ਹਰਜਿੰਦਰ ਸਿੰਘ ਧਾਮੀ ਨੂੰ ਚੌਥੀ ਵਾਰ ਪ੍ਰਧਾਨਗੀ ਮਿਲਣਾ ਪੰਥ ਵਿਰੋਧੀ ਤਾਕਤਾਂ ਲਈ ਸਬਕ: ਸਰਨਾ





ਨਵੀਂ ਦਿੱਲੀ 28 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਪ੍ਰੈਸ ਨੂੰ ਜਾਰੀ ਇਕ ਬਿਆਨ ਰਾਹੀਂ ਕਿਹਾ ਕਿ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵੀਂ ਅੰਤ੍ਰਿੰਗ ਕਮੇਟੀ ਦੀ ਚੋਣ ਵਿੱਚ ਜੋ ਸ. ਹਰਜਿੰਦਰ ਸਿੰਘ ਧਾਮੀ ਨੂੰ ਗੁਰੂ ਸਾਹਿਬ ਨੇ ਫਤਹਿ ਬਖਸ਼ੀ ਹੈ । ਇਹ ਉਹਨਾਂ ਪੰਥ ਵਿਰੋਧੀ ਤਾਕਤਾਂ ਲਈ ਸਬਕ ਹੈ ਜਿੰਨਾ ਦਾ ਸਾਰਾ ਜ਼ੋਰ ਪੰਥਕ ਸ਼ਕਤੀ ਨੂੰ ਕਮਜ਼ੋਰ ਕਰਕੇ ਸਿੱਖ ਸੰਸਥਾਵਾਂ ਤੇ ਕਬਜ਼ਾ ਕਰਨ ਦਾ ਲੱਗਿਆ ਹੋਇਆ ਸੀ । ਜਿਸ ਤਰ੍ਹਾਂ ਦਾ ਭਾਰੀ ਸਮਰਥਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਸ. ਹਰਜਿੰਦਰ ਸਿੰਘ ਧਾਮੀ ਦੇ ਹੱਕ ਵਿੱਚ ਦਿੱਤਾ ਹੈ ਉਸਨੇ ਇੱਕ ਗੱਲ ਸਪੱਸ਼ਟ ਕਰ ਦਿੱਤੀ ਹੈ ਕਿ ਸਿੱਖ ਸ਼ਕਤੀ ਨੂੰ ਕੋਈ ਤਾਕਤ ਖੋਰਾ ਨਹੀਂ ਲੱਗਾ ਸਕਦੀ । ਇਸ ਮੌਕੇ ਮੈਂ ਸ. ਹਰਜਿੰਦਰ ਸਿੰਘ ਧਾਮੀ ਅਤੇ ਉਹਨਾਂ ਨਾਲ ਚੁਣੀ ਗਈ ਸਮੁੱਚੀ ਅੰਤ੍ਰਿੰਗ ਕਮੇਟੀ ਨੂੰ ਵਧਾਈ ਦਿੰਦਾ ਹਾਂ ਤੇ ਅਰਦਾਸ ਕਰਦਾ ਹਾਂ ਕਿ ਉਹ ਹੋਰ ਤਕੜੇ ਹੋ ਕੇ ਪੰਥ ਦੀ ਚੜਦੀ ਕਲਾ ਲਈ ਕਾਰਜ ਕਰਨ । ਇਸਦੇ ਨਾਲ ਹੀ ਮੈਂ ਆਪਣੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਤੋਂ ਨਾਰਾਜ਼ ਚੱਲ ਰਹੇ ਸਮੁੱਚੇ ਆਗੂ ਤੇ ਵਰਕਰਾਂ ਨੂੰ ਵੀ ਅਪੀਲ ਕਰਦਾ ਹਾਂ । ਆਓ ਸਾਰੇ ਆਪਸੀ ਗਿਲੇ ਸ਼ਿਕਵੇ ਦੂਰ ਕਰਦੇ ਹੋਏ ਸਿੱਖ ਪੰਥ ਦੀ ਚੜਦੀ ਕਲਾ ਲਈ ਇਕਜੁਟ ਹੋਈਏ ।

# ਐਸ.ਜੀ.ਪੀ.ਸੀ ਮੈਂਬਰ ਸੁਖਹਰਪ੍ਰੀਤ ਸਿੰਘ ਰੋਡੇ ਦੀ ਚੋਣ ਤੇ ਖੁਸ਼ੀ ਦੀ ਲਹਿਰ



ਫ਼ਿਰੋਜ਼ਪੁਰ, 28 ਅਕਤੂਬਰ (ਮਨੋਹਰ ਲਾਲ) :— ਹਲਕਾ ਬਾਘਾਪੁਰਾਣਾ ਤੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਸੁਖਹਰਪ੍ਰੀਤ ਸਿੰਘ ਰੋਡੇ ਦੇ ਅੰਤ੍ਰਿੰਗ ਕਮੇਟੀ ਮੈਂਬਰ ਚੁਣੇ ਜਾਣ ਤੇ ਖੁਸ਼ੀ ਦਾ ਪ੍ਰਗਟਾਵਾ। ਅੱਜ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਵਿੱਖੇ ਜਨਰਲ ਇਜਲਾਸ ਹੋਇਆ, ਜਿਸ ਵਿੱਚ ਚੌਥੀ ਵਾਰ ਜਥੇਦਾਰ ਹਰਜਿੰਦਰ ਸਿੰਘ ਧਾਮੀ ਨੂੰ 2024—25 ਲਈ ਮੁੱਖ ਸੇਵਾਦਾਰ ਚੁਣਿਆ ਗਿਆ, ਉਥੇ ਹੀ 11 ਮੈਂਬਰੀ ਅੰਤ੍ਰਿੰਗ ਕਮੇਟੀ ਵਿੱਚ ਬਾਘਾਪੁਰਾਣਾ ਤੋਂ ਚੁਣੇ ਹੋਏ ਮੈਂਬਰ ਜਥੇਦਾਰ ਸੁਖਹਰਪ੍ਰੀਤ ਸਿੰਘ ਰੋਡੇ ਮੈਂਬਰ ਅੰਤ੍ਰਿੰਗ ਕਮੇਟੀ ਚੁਣੇ ਗਏ ਹਨ। ਜਿਸ ਨਾਲ ਇਲਾਕੇ ਵਿੱਚ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ। ਇਲਾਕਾ ਨਿਵਾਸੀਆਂ ਵੱਲੋਂ ਇਸ ਨਿਯੁਕਤੀ ਦਾ ਸਵਾਗਤ ਕਰਦਿਆ ਆਸ ਪ੍ਰਗਟਾਈ ਕਿ ਗੁਰਬਾਣੀ ਪ੍ਰਚਾਰ ਪ੍ਰਸਾਰ ਲਈ ਤਨ ਦੇਹੀ ਨਾਲ ਆਪਣੀ ਮਿਲੀ ਹੋਈ ਜਿੰਮੇਵਾਰੀ ਨੂੰ ਮੈਂਬਰ ਸਾਹਿਬ ਨਿਭਾਉਣ ਗਏ।


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715-128621

### ਪੰਜਾਬ ਵਿੱਚ ਖੇਤੀ ਆਤਮਾ ਕੇਂਦਰੀ ਪ੍ਰੋਜੈਕਟ ਅਧੀਨ ਨਿਯੁਕਤ

# 460 ਦੀ ਗਿਣਤੀ ਸਟਾਫ਼ ਨੂੰ ਨਹੀਂ ਮਿਲ਼ ਰਹੀ ਪਿਛਲੇ 4 ਮਹੀਨੇ ਤੋਂ ਤਨਖਾਹਾਂ




**ਗੁਰਦਾਸਪੁਰ, 28 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਸਮੂਹ ਆਤਮਾ ਸਟਾਫ ਜਿਲ੍ਹਾ ਗੁਰਦਸਪੁਰ ਵੱਲੋਂ ਪਿੱਛਲੇ 3 ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਦੇ ਸਬੰਧ ਵਿੱਚ ਮਾਨਯੋਗ ਏ ਡੀ ਸੀ ਸਾਹਿਬ ਨੂੰ ਮੰਗ ਪੱਤਰ ਦਿੱਤਾ ਗਿਆ। ਜਿਸ ਵਿੱਚ ਲਿਖਿਆ ਗਿਆ ਕਿ ਜਦੋਂ ਤੱਕ ਸਮੂਹ ਸਟਾਫ ਨੂੰ ਤਨਖਾਹਾਂ ਜਾਰੀ ਨਹੀਂ ਹੁੰਦੀਆਂ ਉਦੋਂ ਤੱਕ ਸਮੂਹ ਸਟਾਫ ਹੜਤਾਲ ਤੇ ਰਹੇਗਾ। ਸੰਯੁਕਤ ਆਤਮਾ ਪੰਜਾਬ ਐਸੋਸੀਏਸ਼ਨ ਦੇ ਸੀਨਿਅਰ ਮੀਤ ਪ੍ਰਧਾਨ ਸ ਗੁਰਪ੍ਰਤਾਪ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਆਤਮਾ ਸਟਾਫ ਵੱਖ ਵੱਖ ਅਹੁਦਿਆਂ ਤੇ ਪੂਰੀ ਤਨਦੇਹੀ ਨਾਲ ਆਪਣੀ ਡਿਊਟੀ ਨਿਭਾ ਰਿਹਾ ਵਿਭਾਗ ਵਲੋਂ ਦਿਤੀ ਹੁਕਮ ਦੀ ਸਮੇ ਸਿਰ ਪਾਲਣਾ ਕਰਨ ਦੇ ਬਾਵਜੂਦ ਪਿੱਛਲੇ 3 ਮਹੀਨੇ ਤੋਂ ਤਨਖਾਹ ਨਹੀਂ ਦਿਤੀ ਗਈ। ਜਿਸ ਕਾਰਨ ਸਮੂਹ ਆਤਮਾ ਸਟਾਫ ਮਹਿੰਗਾਈ ਦੇ ਇਸ ਦੌਰ ਵਿਚ ਆਰਥਿਕ ਮੰਦੀ ਨਾਲ ਜੂਝ ਰਿਹਾ ਹੈ ਅਤੇ ਘਰੋਂ ਦਫ਼ਤਰ ਤੇ ਕਿਸਾਨ ਹਿੱਤ ਕੰਮਾਂ ਲਈ ਪਿੰਡਾਂ ਵਿੱਚ ਜਾਣ ਦੇ ਖ਼ਰਚ, ਆਪਣੇ ਬਚਿਆ ਦੀ ਸਕੂਲ ਫ਼ੀਸਾਂ, ਤੇ ਪਰਵਾਰਿਕ ਖਰਚੇ ਕਰਨ ਵਿਚ ਅਸਮਰੱਥ ਹੈ, ਵਿਭਾਗ ਦੀ ਇਸ ਕਾਰਗੁਜਾਰੀ ਕਾਰਨ ਸਮੂਹ ਆਤਮਾ ਸਟਾਫ ਰੋਸ ਵਜੋਂ ਮਿਤੀ 23/09/2024 ਤੋਂ ਕਲਮ ਛੋੜ ਹੜਤਾਲ ਤੇ ਬੈਠਾ ਹੈ, ਪਰ ਵਿਭਾਗ ਵਲੋਂ ਅਜੇ ਵੀ ਤਨਖਾਹ ਜਾਰੀ ਨਹੀਂ ਕੀਤੀ ਗਈ। ਜਿਸ ਨਿਰਾਸ਼ ਹੋ ਕੇ ਅੱਜ ਪੂਰੇ ਪੰਜਾਬ ਵਿਚ ਸੰਯੁਕਤ ਆਤਮਾ ਪੰਜਾਬ ਐਸੋਸੀਏਸ਼ਨ ਵਲੋਂ ਅੱਜ ਮਿਤੀ 28/10/2024 ਜਿਲ੍ਹਾ ਹੈੱਡਕੁਆਟਰ ਤੇ ਅਣਮਿਥੇ ਸਮੇ ਹੜਤਾਲ ਕੀਤੀ ਜਾਵੇਗੀ। ਇਹ ਹੜਤਾਲ 4 ਮਹੀਨੇ ਤਨਖਾਹ ਆਉਣ ਤੇ ਹੀ ਖਤਮ ਕੀਤੀ ਜਾਵੇਗੀ। ਵਿਭਾਗ ਤੇ ਸਰਕਾਰ ਬੇਹੱਦ ਦੁਖਦਾਈ ਹੈ ਕਿ ਸਾਰਾ ਤਿਉਹਾਰ ਦੇ ਦਿਨਾਂ ਵਿੱਚ ਸਟਾਫ ਕਾਲ਼ੀ ਦਿਵਾਲੀ ਮਨਾਉਗਾ। ਵਿਭਾਗ ਵਿੱਚ 14 ਸਾਲਾਂ ਦੀ ਨੌਕਰੀ ਕਰਨ ਤੋਂ ਬਾਅਦ ਜਿਥੇ ਵਿਭਾਗ ਤੇ ਸਰਕਾਰ ਨੇ ਏਸ ਸਟਾਫ ਨੂੰ ਮਾਣ ਸਨਮਾਣ ਤੇ ਪ੍ਰੋਮੋਸ਼ਨ ਆਦਿ ਦੇਣੀ ਸੀ। ਉਥੇ ਚੱਲਦਾ ਗੁਜ਼ਾਰਾ ਭੱਤਾ ਵੀ ਮਹਿਨਤਾਨਾ ਰੋਕ ਕੇ ਸਮੁੱਚੇ ਸਟਾਫ ਦਾ ਮਨੋਬਲ ਕੰਮ ਕਰਨ ਦਾ ਤੋੜਿਆ ਜਾ ਰਿਹਾ ਹੈ। ਜਿਸ ਨਾਲ ਸਟਾਫ ਵਿੱਚ ਬੇਹੱਦ ਨਿਰਾਸ਼ਾ ਦਾ ਆਲਮ ਪਾਇਆ ਜਾ ਰਿਹਾ ਹੈ। ਇਸ ਰੋਸ ਪ੍ਰਦਰਸ਼ਨ ਮੋਕੇ ਤੇ ਜ਼ਿਲੇ ਦਾ ਸਮੁੱਚਾ ਸਟਾਫ਼ ਹਾਜ਼ਰ ਸੀ।



ਆਵਾਜ਼ਿ ਕੌਮ AWAZE QAUM International Newspaper & WEB TV

# ਪ੍ਰਦੂਸ਼ਣ ਰਹਿਤ ਦੀਵਾਲੀ ਨੂੰ ਉਤਸ਼ਾਹਿਤ ਕਰਨ ਦੀ ਅਪੀਲ : ਸਕੂਲ ਮੁਖੀ






ਚੌਕ ਮਹਿਤਾ 28 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ ) ਸਾਨੂੰ ਸਾਰੇ ਨਾਗਰਿਕਾਂ ਨੂੰ ਤਿਉਹਾਰਾਂ ਦੇ ਇਸ ਸੀਜ਼ਨ ਵਿੱਚ, ਵਾਤਾਵਰਣ ਪੱਖੀ ਅਭਿਆਸਾਂ ਨੂੰ ਅਪਣਾ ਕੇ ਆਪਣੇ ਵਾਤਾਵਰਣ ਅਤੇ ਸਮਾਜ ਦੀ ਸਿਹਤ ਨੂੰ ਤਰਜੀਹ ਦੇਣੀ ਚਾਹੀਦੀ ਹੈ । ਦੀਵਾਲੀ/ ਬੰਦੀ ਛੋੜ ਦਿਵਸ ਨੇੜੇ ਆ ਰਿਹਾ ਹੈ ,ਅਤੇ ਸ਼ਹਿਰ - ਪਿੰਡਾਂ ਨੂੰ ਸਾਫ਼-ਸੁਥਰਾ ਰੱਖਣ ਨੂੰ ਯਕੀਨੀ ਬਣਾਉਣ ਦੀ ਅਪੀਲ ਕਰਦੇ ਹਾਂ । ਪੰਜਾਬ ਵਿੱਚ, ਦੀਵਾਲੀ ਦਾ ਵਿਸ਼ੇਸ਼ ਮਹੱਤਵ ਹੈ ਕਿਉਂਕਿ ਇਸ ਦਿਨ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਗਵਾਲੀਅਰ ਦਾ ਕਿਲਾ ਜਿੱਤ ਕੇ ਨਾਲ 52 ਰਾਜਾ ਨੂੰ ਰਿਆਹ ਕਰਕੇ ਸ਼੍ਰੀ ਅੰਮਿਤਸਰ ਸਾਹਿਬ ਪਾਹੁੰਚੇ ਸਨ, ਸੰਗਤਾਂ ਨੇ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਪ ਮਾਲਾ ਕੀਤੀ,ਘਰ ਘਰ ਖੁਸੀਆ ਮਨਾਈਆ ਅਤੇ ਭਗਵਾਨ, ਸ੍ਰੀ ਰਾਮ ਚੰਦਰ ਜੀ ਅਯੁੱਧਿਆ ਵਾਪਸੀ ਇਸ ਦਿਨ 14 ਸਾਲਾਂ ਦਾ ਬਨਵਾਸ ਕੱਟ ਕੇ ਵਾਪਸ ਆਇ ਸਨ। ਸੰਗਤਾਂ ਨੇ ਖੁਸੀਆ ਮਨਾਈਆ ਘਰ ਘਰ ਵਿੱਚ ਦੀਪ ਮਾਲਾ ਕੀਤੀ,ਇਹ ਦੀਵਾਲੀ ਸਾਡੇ ਭਾਈਚਾਰਿਆਂ ਵਿੱਚ ਏਕਤਾ, ਉਮੀਦ ਅਤੇ ਨਵੀਨੀਕਰਨ ਨੂੰ ਪ੍ਰੇਰਿਤ ਕਰਦੇ ਹਨ। ਅਸੀਂ ਹਰ ਕਿਸੇ ਨੂੰ ਰਵਾਇਤੀ ਪਟਾਕੇ ਛੱਡਣ ਲਈ ਬੇਨਤੀ ਕਰਦੇ ਹਾਂ, ਜੋ ਹਵਾ ਅਤੇ ਸ਼ੋਰ ਪ੍ਰਦੂਸ਼ਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ। ਇਸ ਦੀ ਬਜਾਏ, ਐਲ. ਈ. ਡੀ. ਲਾਈਟਾਂ ਦੀ ਵਰਤੋਂ ਕਰਦੇ ਹੋਏ ਸਪਾਰਕਲਰ ਜਾਂ ਲਾਈਟ ਡਿਸਪਲੇ ਵਰਗੇ ਵਾਤਾਵਰਣ-ਅਨੁਕੂਲ ਵਿਕਲਪਾਂ ਨਾਲ ਜਸ਼ਨ ਮਨਾਉਣ ਨੂੰ ਅਪਣਾਉਣਾ ਚਾਹੀਦਾ ਹੈ , ਜੋ ਊਰਜਾ-ਕੁਸ਼ਲ ਹਨ ਅਤੇ ਕਾਰਬਨ ਫੁੱਟਪ੍ਰਿੰਟ ਨੂੰ ਘਟਾਉਂਦੇ ਹਨ। ਕੁਦਰਤੀ ਸਮੱਗਰੀਆਂ, ਬਾਇਓ-ਡਿਗਰੇਡੇਬਲ ਵਸਤੂਆਂ ਅਤੇ ਈਕੋ-ਫ੍ਰੈਂਡਲੀ ਰੰਗੋਲੀ ਨਾਲ ਘਰਾਂ ਨੂੰ ਸਜਾਉਣਾ ਸਾਡੇ ਵਾਤਾਵਰਣ ਨੂੰ ਨੁਕਸਾਨ ਪਹੁੰਚਾਏ ਬਿਨਾਂ ਤਿਉਹਾਰ ਦੀ ਭਾਵਨਾ ਨੂੰ ਵਧਾ ਸਕਦਾ ਹੈ। ਇਸ ਤੋਂ ਇਲਾਵਾ, ਅਸੀਂ ਨਾਗਰਿਕਾਂ ਨੂੰ ਸਥਾਨਕ ਸਫ਼ਾਈ ਮੁਹਿੰਮਾਂ ਅਤੇ ਰੁੱਖ ਲਗਾਉਣ ਦੀਆਂ ਪਹਿਲਕਦਮੀਆਂ ਵਿੱਚ ਹਿੱਸਾ ਲੈਣ ਲਈ ਅਪੀਲ ਹਾਂ, ਜਿਸ ਨਾਲ ਭਾਈਚਾਰਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ ਆਓ ਅਸੀਂ ਆਪਣੀਆਂ ਸੜਕਾਂ ਨੂੰ ਸਾਫ਼ ਅਤੇ ਹਰਿਆ ਭਰਿਆ ਰੱਖਣ ਲਈ ਮਿਲ ਕੇ ਕੰਮ ਕਰੀਏ। ਕੂੜੇ ਨੂੰ ਜ਼ਿੰਮੇਵਾਰੀ ਨਾਲ ਨਿਪਟਾਓ ਅਤੇ ਆਪਣੇ ਗੁਆਂਢੀਆਂ ਨੂੰ ਵੀ ਅਜਿਹਾ ਕਰਨ ਲਈ ਉਤਸ਼ਾਹਿਤ ਕਰੋ। ਇਸ ਦੀਵਾਲੀ ਨੂੰ ਸੁਚੇਤ ਤੌਰ 'ਤੇ ਚੁਣ ਕੇ, ਅਸੀਂ ਆਉਣ ਵਾਲੀਆਂ ਪੀੜ੍ਹੀਆਂ ਲਈ ਆਪਣੇ ਸ਼ਹਿਰ ਪਿੰਡਾਂ ਦੀ ਸੁੰਦਰਤਾ ਨੂੰ ਸੁਰੱਖਿਅਤ ਰੱਖਦੇ ਹੋਏ ਰੋਸ਼ਨੀ ਦਾ ਤਿਉਹਾਰ ਮਨਾ ਸਕਦੇ ਹਾਂ। ਸਾਫ਼-ਸੁਥਰੇ ਅਤੇ ਸਿਹਤਮੰਦ ਵਾਤਾਵਰਨ ਲਈ ਵਚਨਬੱਧਤਾ ਬਣਾਉਣ ਲਈ ਵਾਤਾਵਰਣ /ਹਰਿਆਵਲ ਸੰਬੰਧੀ ਕੰਮ ਕਰ ਰਹੀਆਂ ਸੰਸਥਾਵਾਂ ਨਾਲ ਜੁੜੋ। ਇਸ ਮੌਕੇ ਤੇ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਕੁਲਜੀਤ ਸਿੰਘ ਬਾਠ, ਪ੍ਰਿੰਸੀਪਲ ਤੇਜਵੰਤ ਸਿੰਘ ਸੋਹਲ, ਪ੍ਰਿੰਸੀਪਲ ਸ਼ਿਵਚਰਨ ਸਿੰਘ ਰੰਧਾਵਾ, ਪ੍ਰਿੰਸੀਪਲ ਗੁਰਮੁੱਖ ਸਿੰਘ ਅਰਜਨ ਮਾਂਗਾ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ, ਪ੍ਰਿੰਸੀਪਲ ਮਨਪ੍ਰੀਤ ਸਿੰਘ ਟੱਕਰ,ਆਦਿ ਹਾਜ਼ਰ ਸਨ।





ਆਵਾਜ਼ਿ ਕੌਮ AWAZE QAUM International Newspaper & WEB TV

# ਐਡਵੋਕੇਟ ਧਾਮੀ ਦੇ ਪ੍ਰਧਾਨ ਬਣਨ ਨਾਲ ਸੁਖਬੀਰ ਦੀ ਚੜ੍ਹਤ , ਵਿਰੋਧੀ ਪਏ ਕਮਜ਼ੋਰ



**ਸਿੱਖ ਧਰਮ** ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਖ਼ਾਸ ਮਹੱਤਤਾ ਹੈ । ਇਸ ਦਾ ਬਜਟ ਅਰਬਾਂ ਚ ਹੁੰਦਾ ਹੈ ਤੇ ਇਸ ਅਧੀਨ ਬਹੁਤ ਸਾਰੇ ਸਕੂਲ ਕਾਲਜ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਸਿੱਖ ਯੂਨੀਵਰਸਿਟੀ ਵਰਗੇ ਮਹੱਤਵਪੂਰਨ ਸਿਖਿਆ ਅਦਾਰੇ ਆਉਂਦੇ ਹਨ। ਜਿੱਥੇ ਲੱਖਾਂ ਵਿਦਿਆਰਥੀ ਸਿਖਿਆ ਹਾਸਲ ਕਰ ਰਹੇ ਹਨ ।ਜਦੋ ਕੇ ਹਜਾਰਾਂ ਅਧਿਆਪਕ ਤੇ ਹੋਰ ਕਰਮਚਾਰੀ ਕੰਮ ਕਰਦੇ ਹਨ। ਇਸ ਤੋ ਇਲਾਵਾ ਗੁਰੂ ਘਰਾਂ ਚ ਵੀ ਹਜ਼ਾਰਾਂ ਮੁਲਾਜ਼ਮ ਸੇਵਾਦਾਰਾਂ ਦੇ ਰੂਪ ਚ ਕੰਮ ਕਰ ਰਹੇ ਹਨ। ਜਿਸ ਕਰਕੇ ਐੱਸਜੀਪੀਸੀ ਦੀ ਵਿਸ਼ਵਭਰ ਚ ਵੱਖਰੀ ਪਹਿਚਾਣ ਬਣੀ ਹੋਈ ਹੈ ।ਜੇਕਰ ਐੱਸਜੀਪੀਸੀ ਦੇ ਇਤਿਹਾਸ ਉੱਤੇ ਝਾਤ ਮਾਰੀ ਜਾਵੇ ਤਾਂ 15 ਨਵੰਬਰ 1920 ਨੂੰ ਹੋਂਦ ਚ ਆਈ ਸ਼ਰੋਮਣੀ ਗੁਦੁਆਰਾ ਪ੍ਰਬੰਧਕ ਕਮੇਟੀ ਨੂੰ 1925 ਚ ਐਕਟ ਬਣਨ ਤੇ ਕਾਨੂੰਨੀ ਮਾਨਤਾ ਮਿਲੀ ਸੀ ।ਇਸ ਤਰਾਂ ਪਿਛਲੇ ਕਰੀਬ ਸੌ ਸਾਲ ਤੋ ਸ਼ਰੋਮਣੀ ਕਮੇਟੀ ਗੁਦੁਆਰਿਆਂ ਦਾ ਪ੍ਰਬੰਧ ਚਲਾ ਰਹੀ ਹੈ। ਦੂਜੇ ਪਾਸੇ ਸੰਨ 1920ਚ14 ਦਸੰਬਰ ਨੂੰ ਸ਼ਰੋਮਣੀ ਅਕਾਲੀ ਦਲ ਹੋਂਦ ਚ ਆਇਆ । ਦੋਹਾਂ ਸੰਸਥਾਵਾਂ ਨੇ ਗੁਰਦੁਆਰਾ ਸੁਧਾਰ ਲਹਿਰ ਦੀ ਅਗਵਾਈ ਕੀਤੀ ।ਵੱਖ ਵੱਖ ਗੁਰਦੁਆਰਿਆਂ ਨੂੰ ਮਹੰਤਾਂ ਤੇ ਪੁਜਾਰੀਆਂ ਦੇ ਸ਼ਿਕੰਜੇ 'ਚੋਂ ਛੁਡਾਉਣ ਲਈ ਮਹਾਨ ਕੁਰਬਾਨੀਆਂ ਦਿੱਤੀਆਂ। ਗੁਰਦੁਆਰਾ ਸੁਧਾਰ ਲਹਿਰ ਦਾ ਖ਼ਾਸਾ ਬਸਤੀਵਾਦੀ-ਵਿਰੋਧੀ ਸੀ। ਤਰਨ ਤਾਰਨ ਸਾਹਿਬ, ਨਨਕਾਣਾ ਸਾਹਿਬ, ਗੁਰੂ ਕਾ ਬਾਗ, ਜੈਤੋ ਦੇ ਮੋਰਚੇ ਤੇ ਹੋਰ ਮੋਰਚਿਆਂ ਵਿਚ ਕੁਰਬਾਨੀਆਂ ਦੀ ਦਾਸਤਾਨ ਲਾਸਾਨੀ ਹੈ ।ਇਹ ਮੋਰਚੇ ਪੂਰੀ ਤਰ੍ਹਾਂ ਸ਼ਾਂਤਮਈ ਢੰਗ ਨਾਲ ਚਲਾਏ ਗਏ। ਸੈਂਕੜੇ ਸਿੱਖ ਆਗੂ ਤੇ ਅਕਾਲੀ ਕਾਰਕੁਨਾਂ ਨੇ ਜੇਲ੍ਹਾਂ ਕੱਟੀਆਂ ਤੇ ਸ਼ਹੀਦੀਆਂ ਦਿੱਤੀਆਂ ।ਜਦ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਤੋਸ਼ੇਖ਼ਾਨੇ ਦੀਆਂ ਚਾਬੀਆਂ ਨਾਲ ਸਬੰਧਤ ਚਾਬੀਆਂ ਦੇ ਮੋਰਚੇ 'ਚ ਅੰਗਰੇਜ਼ ਸਰਕਾਰ ਨੇ ਚਾਬੀਆਂ ਵਾਪਸ ਬਾਬਾ ਖੜਕ ਸਿੰਘ ਤਤਕਾਲੀ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ ਦਿੱਤੀਆਂ ਤਾਂ ਮਹਾਤਮਾ ਗਾਂਧੀ ਨੇ ਉਨ੍ਹਾਂ ਨੂੰ ਵਧਾਈ ਦੀ ਤਾਰ ਦਿੱਤੀ, "ਹਿੰਦੋਸਤਾਨ ਦੀ ਆਜ਼ਾਦੀ ਦੀ ਪਹਿਲੀ ਫ਼ੈਸਲਾਕੁਨ ਲੜਾਈ ਜਿੱਤੀ ਗਈ, ਵਧਾਈਆਂ।" ਸ਼੍ਰੋਮਣੀ ਪ੍ਰਬੰਧਕ ਕਮੇਟੀ ਬਣਨ ਵੇਲੇ ਇਸ ਦਾ ਘੇਰਾ ਉਸ ਵੇਲੇ ਦੇ ਸਮੁੱਚੇ ਪੰਜਾਬ ਤੱਕ ਸੀ ।ਜਿਸ ਵਿੱਚ ਪਾਕਿਸਤਾਨ ਦਾ ਪੰਜਾਬ ਵੀ ਸ਼ਾਮਲ ਸੀ ।ਪਰ ਸੰਨ 1947 ਦੀ ਮੁਲਕ ਵੰਡ ਨਾਲ 178 ਦੇ ਕਰੀਬ ਗੁਰਦੁਆਰੇ ਪਾਕਿਸਤਾਨ ਵਿੱਚ ਰਹਿ ਗਏ। ਆਜ਼ਾਦੀ ਤੋਂ ਬਾਅਦ ਪੰਜਾਬ ਦੀ ਦੂਜੀ ਵੰਡ 1966 ਵਿੱਚ ਹੋਣ 'ਤੇ ਪੰਜਾਬੀ ਸੂਬਾ ਬਣਨ ਨਾਲ ਹਰਿਆਣਾ ,ਹਿਮਾਚਲ ਪ੍ਰਦੇਸ਼, ਤੇ ਚੰਡੀਗੜ੍ਹ ਹੋਂਦ ਵਿੱਚ ਆਏ। ਇਸ ਵੰਡ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇੱਕ ਅੰਤਰ-ਰਾਜੀ ਸੰਸਥਾ ਬਣਾ ਦਿੱਤਾ। ਪਹਿਲਾਂ ਇਸ ਸੰਸਥਾ ਦੀਆਂ ਚੋਣਾਂ ਆਦਿ ਦੇ ਪ੍ਰਬੰਧ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਸੀ ।ਪਰ 1966 ਤੋਂ ਬਾਅਦ ਇਹ ਜ਼ਿੰਮੇਵਾਰੀ ਕੇਂਦਰ ਸਰਕਾਰ ਦੇ ਹੱਥਾਂ ਵਿੱਚ ਚਲੀ ਗਈ। ਇਸ ਤਰ੍ਹਾਂ ਭਾਰਤ ਵਿੱਚ ਵੀ ਪੰਜਾਬ ਤੋਂ ਬਾਹਰ ਖਾਸ ਕਰਕੇ ਦਿੱਲੀ ਪਟਨਾ ਨਾਦੇੜ ਸਾਹਿਬ ਅਤੇ ਜੰਮੂ-ਕਸ਼ਮੀਰ ਵਿੱਚ ਸਿੱਖ ਗੁਰਦੁਆਰਿਆਂ ਦਾ ਪ੍ਰਬੰਧ ਕਰਨ ਲਈ ਅਲੱਗ-ਅਲੱਗ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਬਣ ਗਈਆਂ ।ਬੇਸ਼ੱਕ 1966 ਦੀਆਂ ਚੋਣਾਂ ਚ ਔਰਤਾਂ ਵਾਸਤੇ 30 ਸੀਟਾਂ ਰਾਖਵੀਆਂ ਕਰ ਦਿੱਤੀਆਂ ਗਈਆਂ ਹਨ ਤਾਂ ਵੀ ਉਨ੍ਹਾਂ ਦੀ ਆਬਾਦੀ ਦੇ ਮੁਤਾਬਕ ਇਹ ਗਿਣਤੀ ਘੱਟ ਹੈ। ਇਸ ਲਈ ਕੋਈ ਸ਼ੱਕ ਵਾਲੀ ਗੱਲ ਨਹੀਂ ਕਿ ਔਰਤਾਂ ਲਈ ਰਾਜਨੀਤੀ ਵਿੱਚ ਅੱਗੇ ਆਉਣਾ ਅਸਾਨ ਕੰਮ ਨਹੀਂ ।ਪਰ ਇਹ ਤਾਂ ਧਾਰਮਿਕ ਖੇਤਰ ਹੈ ।ਇਥੇ ਤਾਂ ਅਸਾਨੀ ਨਾਲ ਔਰਤਾਂ ਅੱਗੇ ਆ ਸਕਦੀਆਂ ਹਨ ।ਔਰਤਾਂ ਉਂਜ ਵੀ ਆਦਮੀ ਦੇ ਮੁਕਾਬਲੇ ਧਰਮ ਦੇ ਖੇਤਰ ਵਿੱਚ ਜ਼ਿਆਦਾ ਉਸਾਰੂ ਰੋਲ ਅਦਾ ਕਰ ਸਕਦੀਆਂ ਹਨ। ਗੁਰਦੁਆਰਾ ਐਕਟ ਅਨੁਸਾਰ ਇਹ ਚੋਣਾਂ 5 ਸਾਲ ਬਾਅਦ ਕਰਵਾਈਆਂ ਜਾਣੀਆਂ ਚਾਹੀਦੀਆਂ ਹਨ ।16 ਨਵੰਬਰ, 1958 ਨੂੰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਦੀ ਚੋਣ ਸੀ। ਪ੍ਰਤਾਪ ਸਿੰਘ ਕੈਰੋਂ ਨੇ ਗਿਆਨੀ ਕਰਤਾਰ ਸਿੰਘ ਨੂੰ ਜਿਤਾਉਣ ਵਾਸਤੇ ਪੂਰੀ ਤਾਕਤ ਵਰਤੀ। ਗਿਆਨੀ ਕਰਤਾਰ ਸਿੰਘ (ਅਕਾਲੀ ਦਲ ਦਾ ਮੈਂਬਰ ਵੀ ਸੀ) ਨੇ 10 ਨਵੰਬਰ ਨੂੰ ਵਜ਼ਾਰਤ ਤੋਂ ਅਸਤੀਫ਼ਾ ਦੇ ਕੇ ਚੋਣ 'ਚ ਭਾਗ ਲਿਆ। ਚੋਣ 'ਚ ਮਾਸਟਰ ਤਾਰਾ ਸਿੰਘ ਦੀਆਂ 74 ਵੋਟਾਂ ਦੇ ਮੁਕਾਬਲੇ ਪ੍ਰੇਮ ਸਿੰਘ ਲਾਲਪੁਰਾ 77 ਵੋਟਾਂ ਨਾਲ ਜਿੱਤ ਗਿਆ। ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਚੋਣ ਮਗਰੋਂ ਸਰਕਾਰ ਨੇ ਗੁਰਦਵਾਰਾ ਐਕਟ ਵਿੱਚ ਸੋਧ ਕੀਤੀ ਅਤੇ ਸ਼੍ਰੋਮਣੀ ਕਮੇਟੀ ਵਿੱਚ ਪੈਪਸੂ ਦੀਆਂ ਸੀਟਾਂ ਵਧਾ ਦਿਤੀਆਂ। 31 ਦਸੰਬਰ, 1958 ਨੂੰ ਪੰਜਾਬੀ ਅਸੈਂਬਲੀ ਨੇ ਗੁਰਦਵਾਰਾ (ਸੋਧ) ਬਿੱਲ ਪਾਸ ਕਰ ਦਿਤਾ। ਇਸ ਵਿਰੁਧ ਮਾਸਟਰ ਤਾਰਾ ਸਿੰਘ ਨੇ ਰੋਸ ਜ਼ਾਹਰ ਕਰਨ ਦਾ ਐਲਾਨ ਕਰ ਦਿਤਾ। ਮਾਸਟਰ ਜੀ ਨੇ ਨਹਿਰੂ ਨੂੰ ਗੁਰਦਵਾਰਾ ਐਕਟ ਵਿੱਚ ਸੋਧ ਵਿਰੁਧ ਮੰਗ ਪੱਤਰ ਵੀ ਦਿੱਤ ।ਪਰ ਕੋਈ ਹੱਲ ਨਾ ਨਿਕਲਿਆ। ਮਾਸਟਰ ਤਾਰਾ ਸਿੰਘ ਨੂੰ 14 ਫ਼ਰਵਰੀ, 1959 ਦੇ ਦਿਨ ਅਕਾਲੀ ਦਲ ਦਾ ਮੁੜ ਪ੍ਰਧਾਨ ਚੁਣ ਲਿਆ ਗਿਆ। ਪ੍ਰਧਾਨਗੀ ਦੀ ਚੋਣ ਮਗਰੋਂ ਗੁਰਦਵਾਰਾ ਐਕਟ ਵਿੱਚ ਸੋਧ ਦੇ ਮੁੱਦੇ 'ਤੇ ਸਿੱਖਾਂ ਦੇ ਧਾਰਮਕ ਮਾਮਲਿਆਂ ਵਿੱਚ ਦਖ਼ਲ ਵਿਰੁਧ ਰੋਸ ਵਜੋਂ ਅਕਾਲੀ ਦਲ ਨੇ 15 ਮਾਰਚ, 1959 ਨੂੰ ਦਿੱਲੀ ਵਿੱਚ 'ਚੁਪ-ਜਲੂਸ' ਕੱਢਣ ਦਾ ਫ਼ੈਸਲਾ ਕੀਤਾ। ਇਸ 'ਤੇ 12 ਮਾਰਚ, 1959 ਦੀ ਰਾਤ ਦੇ 12 ਵਜੇ ਮਾਸਟਰ ਤਾਰਾ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਅਤੇ ਧਰਮਸ਼ਾਲਾ ਜੇਲ੍ਹ ਵਿੱਚ ਭੇਜ ਦਿਤਾ ਗਿਆ। ਮਾਸਟਰ ਤਾਰਾ ਸਿੰਘ ਦੀ ਗ੍ਰਿਫ਼ਤਾਰੀ ਵਿਰੁਧ ਰੋਸ ਵਜੋਂ ਪਟਿਆਲਾ ਅਤੇ ਅੰਮ੍ਰਿਤਸਰ ਸ਼ਹਿਰਾਂ ਵਿੱਚ ਅੱਧ-ਪਚੱਧੀ ਹੜਤਾਲ ਹੋਈ। ਇਸ ਜਲੂਸ ਦੀ ਸ਼ਾਨਦਾਰ ਕਾਮਯਾਬੀ ਤੋਂ ਇੱਕ ਵਾਰੀ ਫਿਰ ਮਾਸਟਰ ਤਾਰਾ ਸਿੰਘ ਉਤੇ ਸਿੱਖ ਕੌਮ ਦੇ ਯਕੀਨ ਦਾ ਇਜ਼ਹਾਰ ਹੋ ਗਿਆ। ਇਸੇ ਦਿਨ 15 ਮਾਰਚ, 1959 ਨੂੰ ਅਕਾਲੀ ਦਲ ਦੇ ਇੱਕ ਇਜਲਾਸ ਨੇ ਮਾਸਟਰ ਜੀ ਦੀ ਗ੍ਰਿਫ਼ਤਾਰੀ ਦੀ ਨਿਖੇਧੀ ਕੀਤੀ। ਅਖ਼ੀਰ ਪ੍ਰਤਾਪ ਸਿੰਘ ਕੈਰੋਂ ਨੇ 21 ਮਾਰਚ, 1959 ਨੂੰ ਮਾਸਟਰ ਤਾਰਾ ਸਿੰਘ ਨੂੰ ਰਿਹਾਅ ਕਰ ਦਿੱਤਾ ।ਮਾਸਟਰ ਤਾਰਾ ਸਿੰਘ ਨੇ ਗੁਰਦਵਾਰਿਆਂ ਵਿੱਚ ਸਰਕਾਰੀ ਦਖ਼ਲ ਵਾਸਤੇ ਵਿਚੋਲੇ ਤੋਂ ਫ਼ੈਸਲਾ ਕਰਵਾਉਣ ਦੀ ਪੇਸ਼ਕਸ਼ ਕੀਤੀ ।ਜੋ ਪੰਡਿਤ ਜਵਾਹਰ ਲਾਲ ਨਹਿਰੂ ਨੇ ਮਨਜ਼ੂਰ ਨਾ ਕੀਤੀ। 24 ਮਾਰਚ, 1959 ਨੂੰ ਅਨੰਦਪੁਰ ਸਾਹਿਬ ਵਿਖੇ ਅਕਾਲੀ ਕਾਨਫ਼ਰੰਸ ਹੋਈ। ਇਸ ਕਾਨਫ਼ਰੰਸ ਨੇ ਮਤਾ ਪਾਸ ਕੀਤਾ ਕੇ ਜੇ ਸਰਕਾਰ ਨੇ ਸਿੱਖਾਂ ਦੇ ਮਾਮਲਿਆਂ ਵਿੱਚ ਦਖ਼ਲ ਵਿਰੁਧ ਕੋਈ ਕਾਰਵਾਈ ਨਾ ਕੀਤੀ ਤਾਂ ਦਲ ਵੱਡਾ ਐਕਸ਼ਨ ਲੈਣ 'ਤੇ ਮਜਬੂਰ ਹੋ ਜਾਵੇਗਾ ।8 ਅਕਤੂਬਰ 2003 ਦੇ ਦਿਨ ਭਾਰਤ ਸਰਕਾਰ ਨੇ ਇੱਕ ਆਰਡੀਨੈਂਨਸ ਰਾਹੀਂ ਸਹਿਜਧਾਰੀਆਂ ਦਾ ਐੱਸਜੀਪੀਸੀ ਦੀਆਂ ਚੋਣਾਂ 'ਚ ਵੋਟਰ ਬਣਨ ਦਾ ਹੱਕ ਖ਼ਤਮ ਕਰ ਦਿੱਤਾ ।ਹਾਲਾਂਕਿ 1978 'ਚ ਐੱਸਜੀਪੀਸੀ ਨੇ ਆਲ ਇੰਡੀਆ ਗੁਰਦੁਆਰਾ ਐਕਟ ਦੀ ਮੰਗ ਕੀਤੀ ਸੀ ਤੇ ਇਸ ਵਾਸਤੇ ਬਿੱਲ ਵੀ ਤਿਆਰ ਕੀਤਾ ਸੀ ।ਪਰ 35 ਸਾਲ ਮਗਰੋਂ ਵੀ ਉਹ ਕਾਨੂੰਨ ਨਹੀਂ ਸੀ ਬਣ ਸਕਿਆ। ਫਿਰ 30 ਨਵੰਬਰ 2000 ਅਤੇ 30 ਮਾਰਚ 2001 ਅਤੇ 30 ਮਾਰਚ 2002 ਦੇ ਦਿਨ ਐੱਸਜੀਪੀਸੀ ਦੇ ਜਨਰਲ ਹਾਊਸ ਨੇ ਮਤੇ ਪਾਸ ਕਰ ਕੇ ਸਰਕਾਰ ਨੂੰ ਕਿਹਾ ਸੀ ਕੇ ਹੁਣ ਕੋਈ ਵੀ ਸ਼ਖ਼ਸ ਸਹਿਜਧਾਰੀ ਨਹੀਂ ਰਿਹਾ ।ਇਸ ਕਰ ਕੇ ਗੁਰਦੁਆਰਾ ਐਕਟ ਵਿੱਚ ਤਰਮੀਮ ਕਰ ਕੇ ਇਸ ਧਾਰਾ ਨੂੰ ਖ਼ਤਮ ਕਰ ਕੇ ਸਹਿਜਧਾਰੀਆਂ ਦਾ ਵੋਟ ਦਾ ਹੱਕ ਖ਼ਤਮ ਕਰ ਦਿਤਾ ਜਾਵੇ। ਸ਼੍ਰੋਮਣੀ ਕਮੇਟੀ ਦੀ ਐਗ.ਜ਼ੈਕਟਿਵ ਨੇ ਵੀ 7 ਮਾਰਚ 2002 ਦੇ ਦਿਨ ਇਹੀ ਮਤਾ ਪਾਸ ਕੀਤਾ ਸੀ। ਅਖ਼ੀਰ 8 ਅਕਤੂਬਰ 2003 ਦੇ ਦਿਨ ਇਸ ਸਬੰਧੀ ਆਰਡੀਨੈਂਸ ਜਾਰੀ ਕਰ ਦਿਤਾ ਗਿਆ। ਇੱਕ ਆਰਡੀਨੈਂਸ ਉਦੋਂ ਜਾਰੀ ਕੀਤਾ ਜਾਂਦਾ ਹੈ ।ਜਦ ਪਾਰਲੀਮੈਂਟ ਦਾ ਸੈਸ਼ਨ ਨਾ ਚਲ ਰਿਹਾ ਹੋਵੇ ਤੇ ਇਸ ਦੀ ਮਿਆਦ 6 ਮਹੀਨੇ ਹੁੰਦੀ ਹੈ ਤੇ ਇਸ ਦੌਰਾਨ ਇਸ ਨੂੰ ਪਾਰਲੀਮੈਂਟ 'ਚ ਪਾਸ ਕਰਨਾ ਹੁੰਦਾ ਹੈ ।ਪਰ ਅਜਿਹਾ ਨਹੀਂ ਕੀਤਾ ਗਿਆ। 2011 ਵਿੱਚ ਸ਼੍ਰੋਮਣੀ ਕਮੇਟੀ ਦੀਆਂ ਨਵੀਆਂ ਚੋਣਾਂ ਹੋਈਆਂ। ਸਹਿਜਧਾਰੀ ਸਿੱਖ ਨਾਂ ਦੀ ਇੱਕ ਜਥੇਬੰਦੀ ਵਲੋਂ ਪਰਮਜੀਤ ਸਿੰਘ ਰਾਣੂੰ ਨੇ ਇਸ ਆਰਡੀਨੈਨਸ ਨੂੰ ਹਾਈ ਕੋਰਟ ਵਿੱਚ ਚਨੌਤੀ ਦੇ ਦਿੱਤਾ। ਹਾਈ ਕੋਰਟ ਨੇ 20 ਦਸੰਬਰ 2011 ਦੇ ਦਿਨ ਇਸ ਪਟੀਸ਼ਨ 'ਤੇ ਫ਼ੈਸਲਾ ਦੇਂਦਿਆਂ ਇਸ ਆਰਡੀਨੈਂਸ ਨੂੰ ਗੈ.ਰ ਕਾਨੂੰਨੀ ਕਰਾਰ ਦੇ ਦਿਤਾ ।ਕਿਉਂਕਿ ਇਸ ਦੀ ਮਿਆਦ ਖ਼ਤਮ ਹੋਣ ਤੋਂ ਪਹਿਲਾਂ ਇਸ ਨੂੰ ਪਾਰਲੀਮੈਂਟ ਵਿੱਚ ਪਾਸ ਨਹੀਂ ਕੀਤਾ ਗਿਆ ਸੀ। ਇਹ ਇਕ ਅਲੱਗ ਵਿਸ਼ਾ ਹੈ ।ਜਿਸ ਉੱਤੇ ਕਦੇ ਮੁੜ ਚਰਚਾ ਕਰਾਂਗੇ। ਫਿਲਹਾਲ ਅੱਜ ਐੱਸਜੀਪੀਸੀ ਦੀ ਪ੍ਰਧਾਨਗੀ ਦੀ ਹੋਈ ਚੋਣ ਦੌਰਾਨ ਭਵਿੱਖ ਦੀ ਸਿੱਖ ਰਾਜਨੀਤੀ ਉੱਤੇ ਹੀ ਚਰਚਾ ਕਰਾਂਗੇ। ਸੋਮਵਾਰ ਹੋਈ ਚੋਣ ਜਿਸ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਬੀਬੀ ਜਗੀਰ ਕੌਰ ਚ ਸਿੱਧੀ ਟੱਕਰ ਸੀ ।ਇਸ ਵਿਚ ਇਕ ਵਾਰ ਮੁੜ ਹਰਜਿੰਦਰ ਸਿੰਘ ਧਾਮੀ 33 ਦੇ ਮੁਕਾਬਲੇ 107 ਵੋਟਾਂ ਨਾਲ ਪ੍ਰਧਾਨ ਚੁਣੇ ਗਏ। ਜਿਸ ਨਾਲ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਡਾਂਵਾਂ ਡੋਲ ਸਥਿਤੀ ਨੂੰ ਆਕਸੀਜਨ ਮਿਲ ਗਈ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪ੍ਰਧਾਨਗੀ ਦੇ ਇਹ ਚੋਣ ਐੱਸਜੀਪੀਸੀ ਦੀ ਪ੍ਰਧਾਨਗੀ ਵਾਲਾ ਅਕਾਲੀ ਦਲ ਹੀ ਅਸਲ ਅਕਾਲੀ ਦਲ ਮੰਨਿਆ ਜਾਂਦਾ ਹੈ। ਇਸ ਤਰਾ ਐਡਵੋਕੇਟ ਧਾਮੀ ਦੇ ਮੁੜ ਐੱਸਜੀਪੀਸੀ ਦਾ ਪ੍ਰਧਾਨ ਚੁਣੇ ਜਾਣ ਮਗਰੋਂ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਪਾਰਟੀ ਅੰਦਰ ਸਥਿਤੀ ਬਲ ਮਿਲਿਆ ਹੈ ।ਜਦ ਕੇ ਦੂਜੇ ਪਾਸੇ ਇਸ ਚੋਣ ਨਾਲ ਵਿਰੋਧੀਆਂ ਨੂੰ ਕਰਾਰਾ ਝਟਕਾ ਮਿਲਿਆ ਹੈ ।ਕਿਉਂਕਿ ਬੀਬੀ ਜਗੀਰ ਕੌਰ ਨੂੰ ਗੁਰਦੁਆਰਾ ਸੁਧਾਰ ਲਹਿਰ ਦੇ ਅਕਾਲੀ ਆਗੂਆਂ ਵੱਲੋ ਖੜਾ ਕੀਤਾ ਗਿਆ ਸੀ। ਇਸ ਚੋਣ ਮਗਰੋਂ ਅਕਾਲੀ ਰਾਜਨੀਤੀ ਕਿਸ ਕਰਵਟ ਲੈਂਦੀ ਹੈ ਇਹ ਆਉਣ ਵਾਲੇ ਕੁੱਝ ਦਿਨਾ ਚ ਪਤਾ ਚੱਲ ਜਾਵੇਗਾ।

**-ਲੈਕਚਰਾਰ ਅਜੀਤ ਸਿੰਘ ਖੰਨਾ**

ਆਵਾਜ਼ਿ ਕੌਮ AWAZE QAUM International Newspaper & WEB TV

## ਵਿਚਾਰ ਆਪੋ-ਆਪਣਾ